ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 5 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੦ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕੰਗਨਾ ਰਣੌਤ ਦੀਆਂ ਵਧੀਆਂ ਮੁਸ਼ਕਿਲਾਂ, ਅਦਾਲਤ 'ਚ ਬੇਬੇ ਮਹਿੰਦਰ ਕੌਰ ਨੇ ਦਿੱਤਾ ਵੱਡਾ ਬਿਆਨ

**ਬਠਿੰਡਾ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਦੀਆਂ ਮੁਸ਼ਕਿਲਾਂ ਵੱਧ ਗਈਆਂ ਹਨ।



ਪੰਜਾਬ ਦੀ ਇੱਕ ਬਜ਼ੁਰਗ ਔਰਤ ਮਹਿੰਦਰ ਕੌਰ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਕੰਗਨਾ ਦੀਆਂ ਟਿੱਪਣੀਆਂ ਦੇ ਸੰਬੰਧ ਵਿੱਚ ਵੀਰਵਾਰ ਨੂੰ ਅਦਾਲਤ ਵਿੱਚ ਪੇਸ਼ ਹੋਈ। ਗਵਾਹ ਗੁਰਪ੍ਰੀਤ ਸਿੰਘ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਅਦਾਲਤ ਵਿੱਚ ਦੋਵਾਂ ਦੇ ਬਿਆਨ ਦਰਜ ਕੀਤੇ ਗਏ। ਕੰਗਨਾ ਰਣੌਤ ਸੁਣਵਾਈ ਦੌਰਾਨ ਪੇਸ਼ ਨਹੀਂ ਹੋਈ, ਜਿਸ ਕਾਰਨ ਉਨ੍ਹਾਂ ਦੇ ਵਕੀਲ ਨੇ ਅਦਾਲਤ ਵਿੱਚ ਹਾਜ਼ਰੀ ਤੋਂ ਛੋਟ ਲਈ ਅਰਜ਼ੀ ਦਿੱਤੀ। ਮਾਮਲੇ ਦੀ ਅਗਲੀ ਸੁਣਵਾਈ 15 ਦਸੰਬਰ ਨੂੰ ਹੋਵੇਗੀ। ਅਦਾਲਤ ਤੋਂ ਬਾਹਰ ਆਉਣ ਤੋਂ ਬਾਅਦ ਮੀਡੀਆ ਨਾਲ ਗੱਲ ਕਰਦਿਆਂ ਮਹਿੰਦਰ ਕੌਰ ਨੇ ਕਿਹਾ ਕਿ ਉਹ ਕਿਸੇ ਵੀ ਹਾਲਤ ਵਿੱਚ ਕੰਗਨਾ ਨੂੰ ਮੁਆਫ਼ ਨਹੀਂ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਉਹ ਇਨਸਾਫ਼ ਮਿਲਣ ਤੱਕ ਲੜਦੀ ਰਹੇਗੀ, ਤਾਂ ਕਿ ਉਹ ਕਦੇ ਵੀ ਕਿਸੇ ਬਜ਼ੁਰਗ ਔਰਤ ਬਾਰੇ ਅਜਿਹੀ ਟਿੱਪਣੀ ਨਾ ਕਰੇ। ਮਹਿੰਦਰ ਕੌਰ ਆਪਣੇ ਪਤੀ ਅਤੇ ਵਕੀਲ ਦੇ ਨਾਲ ਵ੍ਹੀਲਚੇਅਰ 'ਤੇ ਅਦਾਲਤ ਪਹੁੰਚੀ।

### ਮਾਮਲਾ ਚੋਣਾਂ ਸਬੰਧੀ ਆਡੀਓ ਵਾਇਰਲ ਹੋਣ ਦਾ

# ਹਾਈਕੋਰਟ ਨੇ ਪੰਜਾਬ ਸਟੇਟ ਚੋਣ ਕਮਿਸ਼ਨ ਨੂੰ ਕੀਤਾ ਤਲਬ

**ਪਟਿਆਲਾ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਧੱਕੇਸ਼ਾਹੀ ਦਾ ਮੁੱਦਾ ਗਰਮਾਉਂਦਾ ਜਾ ਰਿਹਾ ਹੈ। ਹੁਣ ਚੋਣਾਂ 'ਚ ਧੱਕੇਸ਼ਾਹੀ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਵੱਲੋਂ ਪਾਈ ਗਈ ਪਟੀਸ਼ਨ 'ਤੇ ਪੰਜਾਬ ਸਟੇਟ ਚੋਣ ਕਮਿਸ਼ਨ ਨੂੰ ਤਲਬ ਕੀਤਾ ਗਿਆ ਹੈ। ਪੰਜਾਬ-ਹਰਿਆਣਾ ਹਾਈਕੋਰਟ ਨੇ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕਰਦਿਆਂ ਸੋਮਵਾਰ ਤੱਕ ਜਵਾਬ ਦਾਖਲ ਕਰਨ ਲਈ ਕਿਹਾ ਹੈ। ਐਡਵੋਕੇਟ ਅਰਸ਼ਦੀਪ ਕਲੇਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਈਕੋਰਟ ਵੱਲੋਂ ਚੋਣਾਂ 'ਚ ਧੱਕੇਸ਼ਾਹੀ ਨੂੰ ਲੈ ਦੇ ਪਾਈ ਗਈ ਪਟੀਸ਼ਨ 'ਤੇ ਹਾਈਕੋਰਟ ਨੇ ਇਹ ਨੋਟਿਸ ਜਾਰੀ ਕੀਤਾ ਹੈ, ਕਿਉਂ ਪੰਜਾਬ ਵਿੱਚ ਚੋਣਾਂ ਦੌਰਾਨ ਸੱਤਾਧਾਰੀ ਧਿਰ ਅਤੇ ਪੁਲਿਸ ਵੱਲੋਂ ਕਥਿਤ ਸਾਜਿਸ਼ ਤਹਿਤ ਚੋਣਾਂ 'ਚ ਧੱਕੇਸ਼ਾਹੀ ਕਰਦਿਆਂ ਕਈ ਥਾਂਵਾਂ 'ਤੇ ਉਮੀਦਵਾਰਾਂ ਨੂੰ ਰੋਕਿਆ ਗਿਆ, ਉਨ੍ਹਾਂ ਦੀਆਂ ਨਾਮਜ਼ਦਗੀਆਂ ਪਾੜ ਸੁੱਟੀਆਂ। ਅਜਿਹੀਆਂ ਕਈ ਘਟਨਾਵਾਂ ਚੋਣਾਂ ਦੌਰਾਨ ਸਾਹਮਣੇ ਆਈਆਂ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਪਟਿਆਲਾ ਵਿੱਚ ਐਸਐਸਪੀ ਪਟਿਆਲਾ ਵੱਲੋਂ ਕਥਿਤ ਤੌਰ 'ਤੇ ਇੱਕ ਆਡੀਓ ਵਿੱਚ ਨਾਮਜ਼ਦਗੀ ਪੱਤਰ ਦਾਖਲ ਕਰਨ ਵਾਲੇ ਉਮੀਦਵਾਰਾਂ ਨੂੰ ਰਾਹ 'ਚ ਰੋਕਣ ਦੇ ਹੁਕਮਾਂ ਬਾਰੇ ਕਿਹਾ ਗਿਆ ਹੈ, ਜੋ ਕਿ ਸਿੱਧੀ ਧੱਕੇਸ਼ਾਹੀ ਦਾ ਸਬੂਤ ਹੈ। ਦੱਸ ਦਈਏ ਕਿ ਅੱਜ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦਾ ਆਖਰੀ ਦਿਨ ਸੀ। ਇਸਤੋਂ ਪਹਿਲਾਂ ਬੀਤੇ ਦਿਨ ਵੀ ਨਾਮਜ਼ਦਗੀਆਂ ਨੂੰ ਲੈ ਕੇ ਕਈ ਥਾਂਵਾਂ 'ਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਧੱਕੇਸ਼ਾਹੀ ਦੇ ਇਲਜ਼ਾਮ ਲਾਏ ਗਏ ਸਨ ਅਤੇ ਪੰਜਾਬ ਚੋਣ ਕਮਿਸ਼ਨ ਨੂੰ ਬੀਤੇ ਦਿਨ ਅਰਸ਼ਦੀਪ ਸਿੰਘ ਕਲੇਰ ਤੇ ਯੂਥ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਮਿਲ ਕੇ ਕਾਰਵਾਈ ਕਰਨ ਅਤੇ ਨਿਰਪੱਖ ਚੋਣਾਂ ਕਰਵਾਉਣ ਦੀ ਅੀਪਲ ਕੀਤੀ ਸੀ। ਇਸਤੋਂ ਬਾਅਦ ਐਸਐਸਪੀ ਪਟਿਆਲਾ ਦੀ ਕਥਿਤ ਆਡੀਓ ਦੀ ਵੀ ਸ਼ਿਕਾਇਤ ਕੀਤੀ ਸੀ। ਉਪਰੰਤ ਹਾਈਕੋਰਟ 'ਚ ਪਟੀਸ਼ਨ ਦਾਖਲ ਕੀਤੀ ਗਈ ਸੀ, ਜਿਸ 'ਤੇ ਹੁਣ ਪੰਜਾਬ ਚੋਣ ਕਮਿਸ਼ਨ ਨੂੰ ਤਲਬ ਕੀਤਾ ਗਿਆ ਹੈ।





## ਸੰਸਦ 'ਚ ਉੱਠਿਆ ਅਮਰੀਕਾ ਤੋਂ ਡਿਪੋਰਟ ਹੋਈ 73 ਸਾਲਾ ਹਰਜੀਤ ਕੌਰ ਦਾ ਮੁੱਦਾ, ਵਿਦੇਸ਼ ਮੰਤਰੀ ਨੇ ਦਿੱਤਾ ਵੱਡਾ ਬਿਆਨ

**ਨਵੀਂ ਦਿੱਲੀ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸੰਸਦ ਦੇ ਸਰਦ ਰੁੱਤ ਸੈਸ਼ਨ ਦੇ ਚੌਥੇ ਦਿਨ ਵੀਰਵਾਰ ਨੂੰ ਰਾਜ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਅਮਰੀਕਾ ਤੋਂ ਡਿਪੋਰਟ ਕੀਤੇ ਗਏ ਭਾਰਤੀ ਨਾਗਰਿਕਾਂ ਨਾਲ ਹੋਏ ਮਾੜੇ ਸਲੂਕ ਦਾ ਮੁੱਦਾ ਚਰਚਾ ਦਾ ਵਿਸ਼ਾ ਬਣਿਆ। ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਰਾਮਜੀ ਲਾਲ ਸੁਮਨ ਨੇ 73 ਸਾਲਾ ਹਰਜੀਤ ਕੌਰ ਨੂੰ ਡਿਪੋਰਟ ਕਰਨ ਦਾ ਮਾਮਲਾ ਸੰਸਦ ਵਿੱਚ ਚੁੱਕਿਆ। ਦੱਸ ਦਈਏ ਕਿ 73 ਸਾਲਾ ਹਰਜੀਤ ਕੌਰ ਨੂੰ ਹਥਕੜੀਆਂ ਲਾ ਕੇ ਡਿਪੋਰਟ ਕੀਤਾ ਗਿਆ ਸੀ। ਇਸ ਮੁੱਦੇ ਨੂੰ ਲੈਕੇ ਵਿਦੇਸ਼ ਮੰਤਰੀ ਐਸ.ਜੈਸ਼ੰਕਰ ਨੇ ਵੱਡਾ ਬਿਆਨ ਦਿੱਤਾ ਹੈ। ਇਸ ਮੁੱਦੇ ਬਾਰੇ ਬੋਲਦਿਆਂ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਸਪੱਸ਼ਟ ਕੀਤਾ ਕਿ ਸਰਕਾਰ ਦੀ ਜਾਂਚ ਅਤੇ ਹਰਜੀਤ ਕੌਰ ਦੇ ਆਪਣੇ ਵਕੀਲ ਦੇ ਰਿਕਾਰਡ ਅਨੁਸਾਰ ਉਸ ਨੂੰ ਹੱਥਕੜੀ ਨਹੀਂ ਲਗਾਈ ਗਈ ਸੀ। ਹਾਲਾਂਕਿ ਮੰਤਰੀ ਨੇ ਪੁਸ਼ਟੀ ਕੀਤੀ ਕਿ ਫਲਾਈਟ 'ਚ ਬਿਠਾਏ ਜਾਣ ਤੋਂ ਪਹਿਲਾਂ ਹਿਰਾਸਤ ਦੌਰਾਨ ਹਰਜੀਤ ਕੌਰ ਨਾਲ ਮਾੜਾ ਸਲੂਕ ਕੀਤਾ ਗਿਆ ਸੀ। ਭਾਰਤ ਨੇ 26 ਸਤੰਬਰ ਨੂੰ ਅਮਰੀਕੀ ਦੂਤਾਵਾਸ ਨੂੰ ਇੱਕ ਰਸਮੀ ਨੋਟ ਜਾਰੀ ਕਰ ਕੇ ਇਸ ਸਲੂਕ 'ਤੇ ਸਖ਼ਤ ਚਿੰਤਾ ਪ੍ਰਗਟ ਕੀਤੀ ਸੀ। ਇਸ ਤੋਂ ਬਾਅਦ ਸੰਸਦ ਮੈਂਬਰ ਹਾਰਿਸ ਬੀਰਨ ਨੇ ਜਾਣਕਾਰੀ ਦਿੱਤੀ ਕਿ ਅਮਰੀਕੀ ਅਧਿਕਾਰੀਆਂ ਵੱਲੋਂ ਲਗਭਗ 6,000 6 ਸ਼੍ਰੇਣੀ ਦੇ ਵੀਜ਼ੇ (ਮੁੱਖ ਤੌਰ 'ਤੇ ਵਿਦਿਆਰਥੀ ਵੀਜ਼ੇ) ਰੱਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵੀਜ਼ੇ ਰੱਦ ਹੋਣ ਦਾ ਇੱਕ ਕਾਰਨ ਵਿਦਿਆਰਥੀਆਂ ਦੇ ਸੋਸ਼ਲ ਮੀਡੀਆ ਪੋਸਟ, ਜਿਵੇਂ ਕਿ ਗ.ਾਜ਼ਾ ਪ੍ਰਤੀ ਸਮਰਥਨ ਜ਼ਾਹਰ ਕਰਨਾ ਸੀ। ਜੈਸ਼ੰਕਰ ਨੇ ਕਿਹਾ ਕਿ ਵੀਜ਼ਾ ਰੱਦ ਕਰਨ ਦੀ ਇਹ ਲਹਿਰ ਅਪ੍ਰੈਲ 2025 ਵਿੱਚ ਅਮਰੀਕੀ ਵਿਦੇਸ਼ ਮੰਤਰੀ ਦੁਆਰਾ ਐਲਾਨੀ ਗਈ ਇੱਕ ਨਵੀਂ ਨੀਤੀ ਦਾ ਨਤੀਜਾ ਹੈ, ਜਿਸ ਅਨੁਸਾਰ ਕੁਝ ਮਾਮੂਲੀ ਅਪਰਾਧਾਂ ਕਾਰਨ ਵੀ ਕਈ ਲੋਕਾਂ ਦੇ ਵੀਜ਼ੇ ਰੱਦ ਕੀਤੇ ਗਏ ਸਨ। ਅਮਰੀਕਾ ਹਰ ਵੀਜ਼ਾ ਨੂੰ ਰਾਸ਼ਟਰੀ ਸੁਰੱਖਿਆ ਦਾ ਫੈਸਲਾ ਮੰਨਦਾ ਹੈ। ਅਮਰੀਕੀ ਸਰਕਾਰ ਨੇ ਇਹ ਵੀ ਕਿਹਾ ਹੈ ਕਿ ਵਿਦਿਆਰਥੀ ਵੀਜ਼ਾ ਬਿਨੈਕਾਰਾਂ ਨੂੰ ਆਪਣੇ ਸੋਸ਼ਲ ਮੀਡੀਆ ਅਕਾਊਂਟਸ ਦੀ ਜਾਂਚ ਲਈ ਉਨ੍ਹਾਂ ਨੂੰ ਪ੍ਰਾਈਵੇਟ ਤੋਂ ਪਬਲਿਕ ਕਰਨ ਦੀ ਲੋੜ ਪੈ ਸਕਦੀ ਹੈ।



## ਸਾਬਕਾ ਵਿਦੇਸ਼ ਮੰਤਰੀ ਦੇ ਪਤੀ ਸਵਰਾਜ ਕੌਸ਼ਲ ਦਾ ਦੇਹਾਂਤ, ਲੰਮੇਂ ਸਮੇਂ ਤੋਂ ਸਨ ਬਿਮਾਰ; ਸਿਆਸੀ ਜਗਤ 'ਚ ਸੋਗ ਦੀ ਲਹਿਰ

**ਨਵੀਂ ਦਿੱਲੀ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਵਿਦੇਸ਼ ਮੰਤਰੀ ਸੁਸ਼ਮਾ ਸਵਰਾਜ ਦੇ ਪਤੀ ਅਤੇ ਮਿਜ਼ੋਰਮ ਦੇ ਸਾਬਕਾ ਰਾਜਪਾਲ ਸਵਰਾਜ ਕੌਸ਼ਲ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਨੇ 73 ਸਾਲ ਦੀ ਉਮਰ ਵਿੱਚ ਆਖਰੀ ਸਾਹ ਲਏ। ਭਾਜਪਾ ਸੰਸਦ ਮੈਂਬਰ ਬਾਂਸੁਰੀ ਸਵਰਾਜ ਨੇ ਆਪਣੇ ਪਿਤਾ ਦੀ ਮੌਤ ਦੀ ਪੁਸ਼ਟੀ ਕਰਦੇ ਹੋਏ ਲਿਖਿਆ, "ਤੁਹਾਡਾ ਜਾਣਾ ਮੇਰੇ ਲਈ ਸਭ ਤੋਂ ਵੱਡਾ ਦਰਦ ਹੈ, ਪਰ ਮੇਰਾ ਦਿਲ ਇਸ ਵਿਸ਼ਵਾਸ ਨਾਲ ਜੁੜਿਆ ਹੋਇਆ ਹੈ ਕਿ ਤੁਸੀਂ ਹੁਣ ਮਾਂ ਨਾਲ ਦੁਬਾਰਾ ਮਿਲ ਗਏ ਹੋ।" ਬਾਂਸਰੀ ਸਵਰਾਜ ਨੇ ਇੰਸਟਾਗ੍ਰਾਮ 'ਤੇ ਪੋਸਟ ਕਰਦੇ ਹੋਏ ਲਿਖਿਆ, "ਪਾਪਾ ਸਵਰਾਜ ਕੌਸ਼ਲ ਜੀ, ਤੁਹਾਡਾ ਪਿਆਰ, ਤੁਹਾਡਾ ਅਨੁਸ਼ਾਸਨ, ਤੁਹਾਡੀ ਸਾਦਗੀ, ਤੁਹਾਡੀ ਦੇਸ਼ ਭਗਤੀ, ਅਤੇ ਤੁਹਾਡਾ ਬੇਅੰਤ ਸਬਰ ਮੇਰੀ ਜ਼ਿੰਦਗੀ ਦੀਆਂ ਉਹ ਰੌਸ਼ਨੀਆਂ ਹਨ ਜੋ ਕਦੇ ਵੀ ਮੱਧਮ ਨਹੀਂ ਹੋਣਗੀਆਂ। ਤੁਹਾਡਾ ਜਾਣਾ ਮੇਰੇ ਲਈ ਸਭ ਤੋਂ ਵੱਡਾ ਦਰਦ ਹੈ, ਪਰ ਮੇਰਾ ਦਿਲ ਇਸ ਵਿਸ਼ਵਾਸ ਨਾਲ ਜੁੜਿਆ ਹੋਇਆ ਹੈ ਕਿ ਤੁਸੀਂ ਹੁਣ ਮਾਂ ਨਾਲ ਦੁਬਾਰਾ ਮਿਲ ਗਏ ਹੋ। ਤੁਹਾਡੀ ਧੀ ਹੋਣਾ ਮੇਰੇ ਜੀਵਨ ਦਾ ਸਭ ਤੋਂ ਵੱਡਾ ਸਨਮਾਨ ਹੈ, ਅਤੇ ਤੁਹਾਡੀ ਵਿਰਾਸਤ, ਤੁਹਾਡੀਆਂ ਕਦਰਾਂ-ਕੀਮਤਾਂ ਅਤੇ ਤੁਹਾਡੇ ਆਸ਼ੀਰਵਾਦ ਮੇਰੇ ਹਰ ਸਫ਼ਰ ਦੀ ਨੀਂਹ ਹੋਣਗੇ।" ਦੱਸ ਦਈਏ ਕਿ ਸਵਰਾਜ ਕੌਸ਼ਲ ਮਿਜ਼ੋਰਮ ਦੇ ਸਾਬਕਾ ਰਾਜਪਾਲ ਅਤੇ ਇੱਕ ਸੀਨੀਅਰ ਵਕੀਲ ਸਨ। ਉਹ ਲੰਬੇ ਸਮੇਂ ਤੋਂ ਬਿਮਾਰ ਸਨ। ਉਹ ਮੂਲ ਰੂਪ ਵਿੱਚ ਹਿਮਾਚਲ ਪ੍ਰਦੇਸ਼ ਦੇ ਰਹਿਣ ਵਾਲੇ ਸਨ। ਉਨ੍ਹਾਂ ਦਾ ਜਨਮ 12 ਜੁਲਾਈ, 1952 ਨੂੰ ਹੋਇਆ ਸੀ। ਉਨ੍ਹਾਂ ਦੀ ਮੌਤ ਨੇ ਰਾਜਨੀਤਿਕ ਹਲਕਿਆਂ ਵਿੱਚ ਸੋਗ ਦੀ ਲਹਿਰ ਫੈਲਾ ਦਿੱਤੀ ਹੈ। ਸਵਰਾਜ ਕੌਸ਼ਲ ਦੇਸ਼ ਦੇ ਇੱਕ ਮਸ਼ਹੂਰ ਵਕੀਲ ਸਨ ਅਤੇ ਛੇ ਸਾਲ ਰਾਜ ਸਭਾ ਮੈਂਬਰ ਰਹੇ। ਉਨ੍ਹਾਂ ਦਾ ਵਿਆਹ 1975 ਵਿੱਚ ਸੁਸ਼ਮਾ ਸਵਰਾਜ ਨਾਲ ਹੋਇਆ। ਉਨ੍ਹਾਂ ਦੀ ਸਿੱਖਿਆ ਦਿੱਲੀ ਅਤੇ ਪੰਜਾਬ ਯੂਨੀਵਰਸਿਟੀ ਤੋਂ ਹੋਈ। ਉਨ੍ਹਾਂ ਦੀ ਧੀ, ਦਿੱਲੀ ਦੀ ਸੰਸਦ ਮੈਂਬਰ, ਬਾਂਸਰੀ ਸਵਰਾਜ ਨੇ ਕਿਹਾ ਕਿ ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ, 4 ਦਸੰਬਰ ਨੂੰ ਸ਼ਾਮ 4:30 ਵਜੇ ਲੋਧੀ ਰੋਡ ਸ਼ਮਸ਼ਾਨਘਾਟ ਵਿੱਚ ਕਰ ਦਿੱਤਾ ਗਿਆ। ਰਾਜਨੀਤਿਕ ਆਗੂ ਹੁਣ ਉਨ੍ਹਾਂ ਦੇ ਪਿਤਾ ਦੀ ਮੌਤ 'ਤੇ ਸ਼ਰਧਾਂਜਲੀ ਦੇਣ ਲਈ ਉਨ੍ਹਾਂ ਦੇ ਘਰ ਇਕੱਠੇ ਹੋ ਰਹੇ ਹਨ।



ਆਵਾਜ਼ਿ ਕੌਮ
AWAZE QAUM
International Newspaper & WEB TV

## ਭਵਾਨੀਗੜ੍ਹ ਨੇੜੇ 40 ਸਵਾਰੀਆਂ ਨਾਲ ਭਰੀ ਬੱਸ ਨੂੰ ਲੱਗੀ ਭਿਆਨਕ ਅੱਗ, ਮੱਚਿਆ ਚੀਕ-ਚਿਹਾੜਾ, ਸੜ ਕੇ ਰਾਖ ਹੋਈ ਬੱਸ



**ਬਠਿੰਡਾ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਤੋਂ ਬਠਿੰਡਾ ਜਾ ਰਹੀ ਇਕ ਪ੍ਰਾਈਵੇਟ ਕੰਪਨੀ ਦੀ ਬੱਸ ਅੱਜ ਦੁਪਹਿਰ ਇਕ ਵੱਡੇ ਹਾਦਸੇ ਤੋਂ ਵਾਲ-ਵਾਲ ਬਚ ਗਈ। ਪਿੰਡ ਚੰਨੋਂ ਤੋਂ ਪਹਿਲਾਂ ਹਾਈਵੇਅ 'ਤੇ ਚੱਲੀ ਆ ਰਹੀ ਪ੍ਰਾਈਵੇਟ ਬੱਸ ਨੂੰ ਅਚਾਨਕ ਅੱਗ ਲੱਗ ਗਈ। ਘਟਨਾ ਸਮੇਂ ਬੱਸ ਵਿਚ ਲਗਭਗ 40 ਲੋਕ ਸਫਰ ਕਰ ਰਹੇ ਸਨ, ਜਿਨ੍ਹਾਂ ਦੀ ਜਾਨ ਬੱਸ ਚਾਲਕ ਦੀ ਸੂਝਬੂਝ ਨਾਲ ਬਚ ਗਈ। ਅੱਗ ਦੀ ਘਟਨਾ ਦਾ ਸਮੇਂ ਰਹਿੰਦੇ ਪਤਾ ਲੱਗਣ ਕਾਰਨ ਸਾਰੇ ਯਾਤਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਹਾਲਾਂਕਿ ਫਾਇਰ ਬ੍ਰਿਗੇਡ ਨੇ ਮੌਕੇ 'ਤੇ ਪਹੁੰਚ ਕੇ ਬੱਸ ਨੂੰ ਲੱਗੀ ਅੱਗ 'ਤੇ ਮੁਸ਼ਕਿਲ ਨਾਲ ਕਾਬੂ ਪਾਇਆ ਪਰ ਉਦੋਂ ਤੱਕ ਬੱਸ ਪੂਰੀ ਤਰ੍ਹਾਂ ਸੜ ਗਈ ਸੀ। ਜਦੋਂ ਉਕਤ ਬੱਸ ਦੇ ਚਾਲਕ ਨੇ ਪਿੰਡ ਚੰਨੋ ਨੇੜੇ ਚੱਲਦੀ ਬੱਸ ਦੇ ਪਿਛਲੇ ਹਿੱਸੇ ਤੋਂ ਧੂੰਆਂ ਨਿਕਲਦਾ ਅਤੇ ਕਿਸੇ ਚੀਜ਼ ਦੇ ਸੜਨ ਦੀ ਬਦਬੂ ਮਹਿਸੂਸ ਕੀਤੀ। ਅੱਗ ਤੇਜ਼ੀ ਨਾਲ ਫੈਲਣੀ ਸ਼ੁਰੂ ਹੋ ਗਈ ਤੇ ਦੇਖਦੇ ਹੀ ਦੇਖਦੇ ਅੱਗ ਨੇ ਬੱਸ ਦੇ ਪਿਛਲੇ ਪਾਸੇ ਰੱਖੇ ਇੰਜਣ ਤੇ ਏ.ਸੀ. ਵਾਲੇ ਕੈਬਿਨ ਨੂੰ ਆਪਣੀ ਲਪੇਟ ਵਿਚ ਲੈ ਲਿਆ, ਜਿਸ ਸਬੰਧੀ ਪਤਾ ਲੱਗਣ 'ਤੇ ਬੱਸ ਡਰਾਇਵਰ ਸਮੇਤ ਬੱਸ 'ਚ ਮੌਜੂਦ ਚਾਲਕ ਦਲ ਦੇ ਹੋਰ ਮੈਂਬਰਾਂ ਨੇ ਹਾਈਵੇਅ 'ਤੇ ਸਥਿਤ ਇਕ ਢਾਬੇ ਦੇ ਨੇੜੇ ਸੁਰੱਖਿਅਤ, ਖੁੱਲ੍ਹੇ ਖੇਤਰ ਵਿਚ ਬੱਸ ਨੂੰ ਰੋਕਿਆ ਤੇ ਤੁਰੰਤ ਯਾਤਰੀਆਂ ਨੂੰ ਬੱਸ 'ਚੋਂ ਬਾਹਰ ਕੱਢਿਆ। ਮੌਕੇ 'ਤੇ ਲੋਕਾਂ ਦੀ ਮੱਦਦ ਨਾਲ ਬੱਸ ਦੇ ਕੈਬਿਨ 'ਚ ਪਏ ਯਾਤਰੀਆਂ ਦੇ ਸਾਮਾਨ ਨੂੰ ਵੀ ਕੱਢਿਆ ਗਿਆ। ਕੁੱਝ ਹੀ ਮਿੰਟਾਂ ਵਿਚ ਅੱਗ ਹੋਰ ਭੜਕ ਗਈ ਜਿਸਨੇ ਲਗਭਗ ਪੂਰੀ ਬੱਸ ਨੂੰ ਆਪਣੀ ਲਪੇਟ ਵਿਚ ਲੈ ਲਿਆ। ਖੁਸ਼ਕਿਸਮਤੀ ਰਹੀ ਕਿ ਬੱਸ ਦੇ ਸਾਰੇ ਮੁਸਾਫਿਰ ਸਮੇਂ ਸਿਰ ਬਾਹਰ ਨਿਕਲਣ ਵਿਚ ਕਾਮਯਾਬ ਰਹੇ ਨਹੀਂ ਤਾਂ ਵੱਡੀ ਅਣਹੋਣੀ ਵਾਪਰਨੀ ਸੀ। ਬੱਸ ਡਰਾਈਵਰ ਅਰਵਿੰਦਰ ਸਿੰਘ ਨੇ ਮੀਡੀਆ ਨਾਲ ਗੱਲ ਨਹੀਂ ਕੀਤੀ। ਸ਼ੁਰੂਆਤੀ ਕਾਰਨਾਂ ਅਨੁਸਾਰ, ਬੱਸ ਦੇ ਏ.ਸੀ. ਸਿਸਟਮ ਵਿਚ ਤਕਨੀਕੀ ਖਰਾਬੀ ਕਾਰਨ ਅੱਗ ਦੀ ਘਟਨਾ ਸਾਹਮਣੇ ਆਈ। ਸੂਚਨਾ ਮਿਲਣ 'ਤੇ ਸੰਗਰੂਰ ਤੋਂ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਨੇ ਮੌਕੇ ਉਪਰ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ।

## ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ਡੇਰਾ ਬਿਆਸ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ



ਅੰਮ੍ਰਿਤਸਰ- ਡੇਰਾ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਅੱਜ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨਾਲ ਸੁਰੱਖਿਆ ਅਧਿਕਾਰੀ ਵੀ ਸਨ। ਉਨ੍ਹਾਂ ਪਰਿਕਰਮਾ ਕਰਨ ਤੋਂ ਬਾਅਦ ਗੁਰੂ ਘਰ ਮੱਥਾ ਟੇਕਿਆ। ਉਨ੍ਹਾਂ ਨੇ ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ। ਇਸ ਮੌਕੇ ਉਨ੍ਹਾਂ ਨੇ ਮੀਡੀਆ ਤੋਂ ਦੂਰੀ ਬਣਾਈ ਰੱਖੀ।

## ਵਿਦੇਸ਼ ਜਾਣ ਵਾਲੇ ਪੰਜਾਬੀਆਂ ਨੂੰ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਖ਼ਾਸ ਅਪੀਲ

**ਸ੍ਰੀ ਅਨੰਦਪੁਰ ਸਾਹਿਬ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਵਪੂਰਨ ਅਪੀਲ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਮਿੱਟੀ ਸਾਡੀ ਪਿਤਾ-ਪੁਰਖੀ ਧਰਤੀ ਹੈ, ਜਿਸ ਨਾਲ ਸਾਡੀਆਂ ਯਾਦਾਂ, ਸਾਡੇ ਰਿਸ਼ਤੇ ਅਤੇ ਸਾਡੀ ਪਛਾਣ ਜੁੜੀ ਹੋਈ ਹੈ। ਉਨ੍ਹਾਂ ਨੇ ਕਿਹਾ ਕਿ ਹਾਲੀਆ ਸਾਲਾਂ ਵਿਚ ਬਹੁਤ ਸਾਰੇ ਨੌਜਵਾਨ ਹਾਲਾਤ, ਜ਼ਰੂਰਤਾਂ ਜਾਂ ਸੁਫ਼ਨਿਆਂ ਕਰਕੇ ਵਿਦੇਸ਼ ਚਲੇ ਗਏ, ਧੀਆਂ-ਪੁੱਤਰ ਦੂਰ ਹੋ ਗਏ ਪਰ ਆਪਣੀ ਵਾਰਸੀ ਜ਼ਮੀਨ ਵੇਚ ਕੇ ਬਾਹਰ ਨਿਵੇਸ਼ ਕਰਨਾ ਚੰਗੀ ਪਰੰਪਰਾ ਨਹੀਂ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਜੇ ਪੰਜਾਬੀ ਆਪਣੀ ਧਰਤੀ ਨੂੰ ਵੇਚਣਗੇ ਤਾਂ ਪੰਜਾਬ ਦਾ ਅਸਲੀ ਵਾਰਿਸ ਫਿਰ ਕੌਣ ਰਹੇਗਾ ? ਜਥੇਦਾਰ ਗੜਗੱਜ ਨੇ ਪ੍ਰਵਾਸ ਵਿੱਚ ਰਹਿੰਦੇ ਸਿੱਖ ਭਰਾਵਾਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਜਿੱਥੇ ਵੀ ਰਹੋ, ਚੜ੍ਹਦੀ ਕਲਾ ਵਾਲੇ ਬਣੋ ਪਰ ਆਪਣੀ ਪੰਜਾਬੀ ਮਿੱਟੀ ਨਾਲ ਰਿਸ਼ਤਾ ਕਦੇ ਨਾ ਤੋੜੋ। ਉਨ੍ਹਾਂ ਕਿਹਾ ਕਿ ਵਿਦੇਸ਼ ਰਹਿੰਦੇ ਸਿੱਖ ਜਦੋਂ ਵੀ ਵਾਪਸ ਆਉਣ ਆਪਣੇ ਬੱਚਿਆਂ ਨੂੰ ਦਰਬਾਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ, ਚਮਕੌਰ ਸਾਹਿਬ, ਗੁ. ਫਤਿਹਗੜ੍ਹ ਸਾਹਿਬ ਆਦਿ ਇਤਿਹਾਸਕ ਸਥਾਨਾਂ 'ਤੇ ਲੈ ਕੇ ਆਉਣ ਤਾਂ ਕਿ ਉਹ ਆਪਣੇ ਰੂਹਾਨੀ ਅਤੇ ਸੱਭਿਆਚਾਰਕ ਵਿਰਸੇ ਨਾਲ ਜਾਣੂ ਹੋਣ। ਜਥੇਦਾਰ ਨੇ ਅੰਤ ਵਿੱਚ ਅਪੀਲ ਕੀਤੀ ਕਿ ਪੰਜਾਬ ਸਾਡਾ ਘਰ ਹੈ, ਇਸ ਨੂੰ ਨਾ ਛੱਡੋ, ਇਸ ਦੀ ਜ਼ਮੀਨ ਨਾ ਵੇਚੋ ਅਤੇ ਆਪਣੀ ਮਿੱਟੀ ਨਾਲ ਸਦਾ ਜੁੜੇ ਰਹੋ।

# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

### --- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**


### -- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV







ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR ★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD

LEICESTER LE4 6AR

visit us : www.sanjhapunjab.co.uk

email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.


ਆਵਾਜ਼ਿ ਕੌਮ AWAZE QAUM

International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

## ਦੂਸਰੀ ਬਰਸੀ 'ਤੇ ਯਾਦ ਕਰਦਿਆਂ

# ਜਲਾਵਤਨੀ ਸੰਘਰਸ਼ੀ ਸਿੱਖ ਆਗੂ ਭਾਈ ਲਖਵੀਰ ਸਿੰਘ ਰੋਡੇ



ਭਾਈ ਲਖਵੀਰ ਸਿੰਘ ਰੋਡੇ ਨੂੰ ਬਾਣੀ-ਬਾਣੇ ਦਾ ਗੁਰਸਿੱਖੀ ਜੀਵਨ ਵਿਰਸੇ ਵਿੱਚੋਂ ਪ੍ਰਾਪਤ ਹੋਇਆ, ਕਿਉਂਕਿ ਉਨ੍ਹਾਂ ਦੇ ਸਤਿਕਾਰਯੋਗ ਬਾਬਾ ਜੋਗਿੰਦਰ ਸਿੰਘ ਜੀ ਸ਼ੁਰੂ ਤੋਂ ਹੀ ਦਮਦਮੀ ਟਕਸਾਲ ਨਾਲ ਜੁੜੇ ਹੋਏ ਸਨ। ਫਿਰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਦਮਦਮੀ ਟਕਸਾਲ ਦੇ ਮੁਖੀ ਹੋਣ ਦਾ ਸੁਭਾਗ ਪ੍ਰਾਪਤ ਹੋਇਆ। ਇਸ ਦੌਰਾਨ ਉਨ੍ਹਾਂ ਨੇ ਸਿੱਖਾਂ ਦੇ ਹੱਕਾਂ ਲਈ ਸੰਘਰਸ਼ ਕੀਤਾ ਅਤੇ ਭਾਰਤ ਭਰ ਵਿੱਚ ਵਿਚਰ ਕੇ ਸਿੱਖ ਧਰਮ ਦਾ ਪ੍ਰਚਾਰ ਕੀਤਾ। 1 ਮਈ 1984 ਨੂੰ ਸੰਤਾਂ ਦੇ ਭਰਾਤਾ ਭਾਈ ਜਗਜੀਤ ਸਿੰਘ ਨੂੰ ਪੰਜਾਬ ਸਰਕਾਰ ਨੇ ਬਿਨਾਂ ਕਾਰਨ ਹੀ ਗ੍ਰਿਫਤਾਰ ਕਰ ਲਿਆ। ਇਸ ਕਾਰਨ ਇਲਾਕੇ ਦੇ ਸਿੱਖਾਂ ਵਿੱਚ ਭਾਰੀ ਰੋਹ ਫੈਲਿਆ ਅਤੇ ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਮੋਗੇ ਕਚਹਿਰੀਆਂ ਦਾ ਘਿਰਾਓ ਕੀਤਾ। ਬਾਅਦ ਵਿੱਚ ਸੰਗਤਾਂ ਮੋਗੇ ਵਿਖੇ ਗੁਰਦੁਆਰਾ ਸਾਹਿਬ ਵਿੱਚ ਇਕੱਤਰ ਹੋਈਆਂ, ਜਿਸ ਨੂੰ ਸੀਆਰਪੀਐਫ ਨੇ ਘੇਰਾ ਪਾ ਕੇ ਨਿਹੱਥੇ ਸਿੱਖਾਂ ਉੱਪਰ ਹੀ ਗੋਲੀ ਚਲਾ ਦਿੱਤੀ, ਜਿਸ ਵਿੱਚ 8 ਸਿੱਖ ਸ਼ਹੀਦ ਹੋ ਗਏ ਸਨ। ਉਸ ਸਮੇਂ ਭਾਈ ਲਖਵੀਰ ਸਿੰਘ ਰੋਡੇ ਵੀ ਸੰਗਤਾਂ ਦੇ ਉਸ ਇਕੱਠ ਵਿੱਚ ਸ਼ਾਮਲ ਸਨ। ਬਾਅਦ ਵਿੱਚ ਬਹੁਤ ਸਾਰੀਆਂ ਸੰਗਤਾਂ ਸੰਤ ਭਿੰਡਰਾਂਵਾਲਿਆਂ ਕੋਲ ਸ੍ਰੀ ਦਰਬਾਰ ਸਾਹਿਬ ਪਹੁੰਚੀਆਂ, ਜਿੱਥੇ ਕਈ ਤਰ੍ਹਾਂ ਦੀਆਂ ਵਿਚਾਰਾਂ ਹੋਈਆਂ। ਸੰਤਾਂ ਦੇ ਕਹਿਣ 'ਤੇ ਭਾਈ ਲਖਵੀਰ ਸਿੰਘ ਪਹਿਲਾਂ ਤੋਂ ਚੱਲ ਰਹੇ ਆਪਣੇ ਕਾਰੋਬਾਰ ਲਈ ਦੁਬੱਈ ਚਲੇ ਗਏ। ਕੁੱਝ ਦਿਨਾਂ ਬਾਅਦ ਹੀ ਅਪਰੇਸ਼ਨ ਬਲਿਊ ਸਟਾਰ ਵਾਪਰ ਗਿਆ। ਇਸ ਦੌਰਾਨ ਭਾਈ ਲਖਵੀਰ ਸਿੰਘ ਦੇ ਪਿਤਾ ਭਾਈ ਜੰਗੀਰ ਸਿੰਘ, ਉਨ੍ਹਾਂ ਦੇ ਭਰਾਤਾ ਭਾਈ ਸਵਰਨ ਸਿੰਘ, ਚਾਚੇ ਦੇ ਪੁੱਤਰ ਭਾਈ ਹਰਦੀਪ ਸਿੰਘ, ਬਹੁਤ ਸਾਰੇ ਰਿਸ਼ਤੇਦਾਰ ਅਤੇ ਜਾਣ-ਪਛਾਣ ਵਾਲੇ ਸੈਂਕੜੇ ਗੁਰੂ ਦੇ ਸਿੰਘ ਸ਼ਹੀਦੀਆਂ ਪ੍ਰਾਪਤ ਕਰ ਗਏ। ਇਸ ਘੱਲੂਘਾਰੇ ਨੇ ਸਭ ਸਿੱਖਾਂ ਨੂੰ ਧੁਰ ਅੰਦਰ ਤੱਕ ਝੰਜੋੜ ਕੇ ਰੱਖ ਦਿੱਤਾ, ਕਿਉਂਕਿ ਦੁਨੀਆ ਵਿੱਚ ਕਿੱਧਰੇ ਵੀ ਅਜਿਹਾ ਨਹੀਂ ਹੋਇਆ ਕਿ ਸ਼ਾਂਤਮਈ ਸੰਘਰਸ਼ ਨੂੰ ਕਿਸੇ ਵੀ ਲੋਕਤੰਤਰੀ ਦੇਸ਼ ਵਿੱਚ ਤੋਪਾਂ ਤੇ ਟੈਂਕਾਂ ਨਾਲ ਕੁਚਲਿਆ ਗਿਆ ਹੋਵੇ। ਉਹ ਵੀ ਰੱਬ ਦੇ ਘਰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਜਿਹਾ ਵਾਪਰਿਆ। ਦੁਨੀਆ ਵਿੱਚ ਵੱਸਦੇ ਬਹੁਤ ਸਾਰੇ ਸਿੱਖਾਂ ਨੇ ਵੱਡੇ-ਵੱਡੇ ਅਹੁਦੇ ਤਿਆਗ ਦਿੱਤੇ। ਫੌਜ ਵਿੱਚ ਬਹੁਤ ਸਾਰੇ ਸਿੱਖ ਫੌਜੀਆਂ ਨੇ ਬਗਾਵਤ ਕਰ ਦਿੱਤੀ। ਇਸ ਨਿਰਾਸ਼ਤਾ ਦੇ ਆਲਮ ਵਿੱਚ ਸਿੱਖ ਸੋਚਣ ਵਾਸਤੇ ਮਜਬੂਰ ਸਨ, ਜਿਸ ਦੇਸ਼ ਲਈ ਅਸੀਂ ਗੁਰਧਾਮ ਛੱਡੇ, ਜਾਇਦਾਦਾਂ ਛੱਡੀਆਂ, ਆਰਥਿਕ ਤੌਰ 'ਤੇ ਭਾਰੀ ਨੁਕਸਾਨ ਝੱਲਿਆ, ਜਿਸ ਦਾ ਅੰਦਾਜ਼ਾ ਨਹੀਂ ਲਗਾਇਆ ਜਾ ਸਕਦਾ। ਸਿੱਖ ਸੋਚਦੇ ਸਨ ਕਿ ਕੀ ਇਹੀ ਸਾਡੇ ਲਈ ਆਜ਼ਾਦੀ ਹੈ ? ਇਹੋ ਜਿਹਾ ਹੋਰ ਬਹੁਤ ਕੁੱਝ ਸਿੱਖ ਸੋਚ ਵਿੱਚ ਘੁੰਮਦਾ ਰਿਹਾ। ਆਉਣ ਵਾਲੇ ਭਵਿੱਖ ਲਈ ਹਰ ਸੂਝਵਾਨ ਸਿੱਖ ਫਿਕਰਮੰਦ ਸੀ।

ਇਸੇ ਦੌਰਾਨ ਹੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ (ਇਸ ਲੇਖ ਦੇ ਲੇਖਕ) ਨੇ ਇੰਗਲੈਂਡ ਵਿੱਚ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਸੰਗਠਨ ਦਾ ਐਲਾਨ ਕੀਤਾ ਸੀ ਅਤੇ ਉਨ੍ਹਾਂ ਨੂੰ 25 ਦਸੰਬਰ 1984 ਵਿੱਚ ਹੀ ਵਿਦੇਸ਼ ਵਿੱਚੋਂ ਗ੍ਰਿਫਤਾਰ ਕਰਕੇ ਭਾਰਤ ਲਿਆਂਦਾ ਗਿਆ, ਜਿਸ ਕਾਰਨ ਭਾਈ ਲਖਵੀਰ ਸਿੰਘ ਰੋਡੇ ਦੁਬੱਈ ਤੋਂ ਇੰਗਲੈਂਡ ਚਲੇ ਗਏ ਅਤੇ ਉਨ੍ਹਾਂ ਨੂੰ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ (ਆਈ. ਐਸ. ਵਾਈ.ਐੱਫ) ਦਾ ਕਨਵੀਨਰ ਨਿਯੁਕਤ ਕਰ ਦਿੱਤਾ ਗਿਆ। ਕੁੱਝ ਸਮਾਂ ਇੰਗਲੈਂਡ ਰਹਿਣ ਤੋਂ ਬਾਅਦ ਉਹ ਕੈਨੇਡਾ ਚਲੇ ਗਏ ਅਤੇ ਉੱਥੇ ਵੀ ਆਈ.ਐੱਸ.ਵਾਈ.ਐਫ਼ ਦਾ ਸੰਗਠਨ ਕਾਇਮ ਕੀਤਾ। ਉਸ ਸਮੇਂ ਪੰਜਾਬ ਵਿੱਚ ਸ਼ਰੇਆਮ ਝੂਠੇ ਪੁਲਿਸ ਮੁਕਾਬਲੇ ਬਣਾਏ ਜਾ ਰਹੇ ਸਨ ਅਤੇ ਅਪਰੇਸ਼ਨ ਬਲਿਊ ਸਟਾਰ ਦੇ ਰੋਸ ਵਜੋਂ ਸੰਘਰਸ਼ ਕਰਨ ਲਈ ਬਹੁਤ ਸਾਰੇ ਫੈਡਰੇਸ਼ਨ ਅਤੇ ਹੋਰ ਸਿੱਖ ਨੌਜਵਾਨ ਪਾਕਿਸਤਾਨ ਚਲੇ ਗਏ ਸਨ। ਕੈਨੇਡਾ ਵਿਖੇ ਆਈ.ਐੱਸ.ਵਾਈ.ਐੱਫ. ਦੇ ਆਗੂਆਂ ਦੀ ਮੀਟਿੰਗ ਹੋਈ, ਜਿਸ ਵਿੱਚ ਫੈਸਲਾ ਲਿਆ ਗਿਆ ਕਿ ਭਾਈ ਲਖਵੀਰ ਸਿੰਘ ਰੋਡੇ ਪਾਕਿਸਤਾਨ ਜਾਣ ਅਤੇ ਉੱਥੇ ਰਹਿ ਕੇ ਸਿੱਖ ਸੰਘਰਸ਼ ਦੀ ਅਗਵਾਈ ਕਰਨ। ਉਹ 1991 ਨੂੰ ਪਾਕਿਸਤਾਨ ਚਲੇ ਗਏ। ਉੱਥੇ ਰਹਿੰਦਿਆਂ ਕਈ ਘਟਨਾਵਾਂ ਵਾਪਰੀਆਂ।

ਉਨ੍ਹਾਂ ਦੇ ਜਲਾਵਤਨੀ ਸਾਥੀਆਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇੱਕ ਦਿਨ ਭਾਈ ਲਖਵੀਰ ਸਿੰਘ ਰੋਡੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਮੱਥਾ ਟੇਕਣ ਗਏ ਤਾਂ ਵੇਖਿਆ ਕਿ ਗੁਰਦੁਆਰਾ ਸਾਹਿਬ ਦੀ ਜ਼ਮੀਨ ਵਿੱਚ ਚਾਰ ਚੁਫੇਰੇ ਕਬਜ਼ੇ ਕਰਕੇ ਮਕਾਨ ਉਸਾਰੇ ਜਾ ਰਹੇ ਹਨ। ਇਨ੍ਹਾਂ ਨਜਾਇਜ਼ ਕਬਜ਼ਿਆਂ ਨੂੰ ਰੋਕਣ ਲਈ ਉਹ ਸ਼ੇਖੂਪੁਰਾ ਵਿਖੇ ਡੀ.ਸੀ. ਨੂੰ ਮਿਲੇ ਅਤੇ ਉਨ੍ਹਾਂ ਨੂੰ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਵਿਖੇ ਕੀਤੇ ਜਾ ਰਹੇ ਨਜਾਇਜ਼ ਕਬਜ਼ਿਆਂ ਨੂੰ ਰੋਕਿਆ ਜਾਵੇ। ਇਸ ਦੇ ਬਦਲੇ ਜੋ ਵੀ ਚਾਹੋ ਅਸੀਂ ਤੁਹਾਨੂੰ ਦੌਲਤ ਦੇ ਦਿਆਂਗੇ। ਕੁੱਝ ਸਮਾਂ ਚੁੱਪ ਰਹਿਣ ਤੋਂ ਬਾਅਦ ਡੀ.ਸੀ. ਦੀਆਂ ਅੱਖਾਂ ਵਿੱਚ ਅੱਥਰੂ ਸਨ ਅਤੇ ਗਲਾ ਭਰਿਆ ਹੋਇਆ ਸੀ। ਉਸ ਨੇ ਇਸੇ ਹਾਲਤ ਵਿੱਚ ਹੀ ਕਿਹਾ ਕਿ ਮੈਨੂੰ ਕਿਸੇ ਤਰ੍ਹਾਂ ਦੀ ਦੌਲਤ ਦੀ ਜ਼ਰੂਰਤ ਨਹੀਂ। ਮੇਰੇ ਘਰ ਕਿਹੜਾ ਕੋਈ ਔਲਾਦ ਹੈ। ਕਿਸ ਲਈ ਮੈਂ ਦੌਲਤ ਲੈਣੀ ਹੈ ? ਇਸ 'ਤੇ ਭਾਈ ਸਾਹਿਬ ਵੀ ਚੁੱਪ ਹੋ ਗਏ ਪਰ ਸੋਚ ਕੇ ਕਹਿਣ ਲੱਗੇ ਕਿ ਸਤਿਗੁਰੂ ਨਾਨਕ ਸਾਹਿਬ ਦੇ ਘਰ ਕੋਈ ਕਮੀ ਨਹੀਂ। ਮੀਆਂ ਜੀ ਤੁਸੀਂ ਮੇਰੇ ਨਾਲ ਪਰਿਵਾਰ ਸਮੇਤ ਸ੍ਰੀ ਨਨਕਾਣਾ ਸਾਹਿਬ ਚੱਲੋ ਅਤੇ ਉੱਥੇ ਆਪਾਂ ਅਰਦਾਸ ਕਰਾਂਗੇ, ਗੁਰੂ ਸਾਹਿਬ ਜ਼ਰੂਰ ਕ੍ਰਿਪਾ ਕਰਨਗੇ। ਇਸੇ ਤਰ੍ਹਾਂ ਹੋਇਆ, ਸ੍ਰੀ ਨਨਕਾਣਾ ਸਾਹਿਬ ਪਹੁੰਚ ਕੇ ਭਾਈ ਸਾਹਿਬ ਨੇ ਦੇਗ ਤਿਆਰ ਕੀਤੀ, ਤਿੰਨ ਸ੍ਰੀ ਜਪੁਜੀ ਸਾਹਿਬ ਅਤੇ ਸ੍ਰੀ ਆਨੰਦ ਸਾਹਿਬ ਜੀ ਦੇ ਪਾਠ ਕੀਤੇ ਅਤੇ ਅਰਦਾਸ ਕੀਤੀ ਕਿ ਸਤਿਗੁਰੂ ਨਾਨਕ ਸਾਹਿਬ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਇਨ੍ਹਾਂ ਨੂੰ ਪੁੱਤਰ ਦੀ ਦਾਤ ਬਖਸ਼ਣ ਅਤੇ ਬਾਅਦ ਵਿੱਚ ਉਨ੍ਹਾਂ ਕਿਹਾ ਕਿ ਡੀ.ਸੀ. ਸਾਹਿਬ ਭਰੋਸਾ ਰੱਖਿਓ ਸ੍ਰੀ ਗੁਰੂ ਨਾਨਕ ਸਭ ਦੇ ਸਾਂਝੇ ਹਨ, ਉਹ ਜ਼ਰੂਰ ਕ੍ਰਿਪਾ ਕਰਨਗੇ। ਇਸ ਤਰ੍ਹਾਂ ਸਮਾਂ ਪਾ ਕੇ ਉਨ੍ਹਾਂ ਦੇ ਘਰ ਪੁੱਤਰ ਪੈਦਾ ਹੋਇਆ ਅਤੇ ਉਨ੍ਹਾਂ ਦੀ ਸ੍ਰੀ ਨਨਕਾਣਾ ਸਾਹਿਬ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਤੇ ਪੂਰੀ ਸ਼ਰਧਾ ਬਣ ਗਈ। ਪੁੱਤਰ ਪੈਦਾ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਨੇ ਸ੍ਰੀ ਨਨਕਾਣਾ ਸਾਹਿਬ ਵਿਖੇ ਕੀਤੇ ਜਾ ਰਹੇ ਨਾਜਾਇਜ਼ ਕਬਜ਼ੇ ਖਤਮ ਕਰਵਾ ਦਿੱਤੇ ਸਨ। ਇਹ ਸਾਰੀ ਵਿੱਥਿਆ ਡੀ.ਸੀ. ਨੇ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੂੰ ਵੀ ਦੱਸੀ। ਇਸ ਕਾਰਨ ਭਾਈ ਸਾਹਿਬ ਦੀ ਨਵਾਜ਼ ਸ਼ਰੀਫ ਨਾਲ ਵੀ ਚੰਗੀ ਜਾਣ-ਪਛਾਣ ਅਤੇ ਆਪਸੀ ਸਦਭਾਵਨਾ ਵੱਧ ਗਈ। ਇਸ ਸਦਕਾ ਹੀ ਉਨ੍ਹਾਂ ਨੇ ਬਹੁਤ ਸਾਰੇ ਗੁਰਦੁਆਰਾ ਸਾਹਿਬਾਨਾਂ ਦੀ ਸੇਵਾ ਕੀਤੀ। ਸ੍ਰੀ ਨਨਕਾਣਾ ਸਾਹਿਬ ਵਿਖੇ ਪੰਜਾਬੀ ਸਕੂਲ ਸਥਾਪਤ ਕੀਤਾ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਕਰਵਾਈ। ਹਾਲਾਂਕਿ ਇਸ ਸਾਰੇ ਕਾਰਜ ਲਈ ਉੱਥੇ ਰਹਿ ਰਹੇ ਹੋਰ ਜਲਾਵਤਨੀ ਸਿੱਖਾਂ ਦਾ ਵੀ ਵੱਡਾ ਸਹਿਯੋਗ ਸੀ, ਪਰ ਭਾਈ ਸਾਹਿਬ ਦੀ ਵਿਸ਼ੇਸ਼ ਭੂਮਿਕਾ ਰਹੀ।

ਜਥੇਬੰਦਕ ਤੌਰ 'ਤੇ ਕਈ ਤਰ੍ਹਾਂ ਦੇ ਮਤਭੇਦ ਹੋਣ ਦੇ ਬਾਵਜੂਦ ਵੀ ਭਾਈ ਲਖਵੀਰ ਸਿੰਘ ਰੋਡੇ ਨੇ ਇਨ੍ਹਾਂ ਮਤਭੇਦਾਂ ਨੂੰ ਇਹ ਕਹਿ ਕੇ ਨਕਾਰ ਦਿੱਤਾ ਸੀ ਕਿ ਸਾਡੀਆਂ ਸਾਂਝਾਂ ਬਹੁਤ ਡੂੰਘੀਆਂ ਅਤੇ ਵੱਡੀਆਂ ਹਨ। ਸਾਡਾ ਇੱਕੋ ਸ੍ਰੀ ਗੁਰੂ ਗ੍ਰੰਥ ਸਾਹਿਬ ਹੈ, ਸਾਂਝਾ ਸ੍ਰੀ ਅਕਾਲ ਤਖਤ ਸਾਹਿਬ ਹੈ, ਇੱਕੋ ਅੰਮ੍ਰਿਤ ਹੈ ਅਤੇ ਇੱਕੋ ਹੀ ਸਾਡੀ ਮੰਜ਼ਿਲ ਹੈ। ਇਸ ਲਈ ਬਾਕੀ ਛੋਟੀਆਂ-ਮੋਟੀਆਂ ਗੱਲਾਂ ਨੂੰ ਭੁੱਲ ਕੇ ਆਪਸੀ ਇਤਫ਼ਾਕ ਨਾਲ ਮੰਜ਼ਿਲ ਵੱਲ ਵੱਧਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਕਾਰਨ ਉੱਥੇ ਰਹਿ ਰਹੇ ਬਹੁਤ ਸਾਰੇ ਜਲਾਵਤਨੀ ਸਿੱਖਾਂ ਵਿੱਚ ਜਿੱਥੇ ਭਾਈ ਸਾਹਿਬ ਲਈ ਬਹੁਤ ਸਤਿਕਾਰ ਵਧਿਆ ਉੱਥੇ ਆਪਸੀ ਮਤਭੇਦ ਵੀ ਦੂਰ ਹੋਏ ਅਤੇ ਸਾਂਝਾਂ ਵਧੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਵੇਂ ਜ਼ਿੰਦਗੀ ਦਾ ਇਹ ਜਲਾਵਤਨੀ ਸਫ਼ਰ ਬਹੁਤ ਔਖਾ ਹੈ। ਬਹੁਤ ਵੱਡਾ ਕਾਰੋਬਾਰ ਛੱਡਣਾ ਪਿਆ। ਪਰਿਵਾਰ ਅਤੇ ਘਰ-ਬਾਰ ਛੱਡਣਾ ਪਿਆ। ਇਕੱਲਿਆਂ ਰਹਿੰਦਿਆਂ ਕਈ ਤਰ੍ਹਾਂ ਦੀਆਂ ਸਰੀਰਕ, ਪਰਿਵਾਰਕ ਅਤੇ ਪੰਥਕ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪਿਆ, ਪਰ ਭਾਈ ਸਾਹਿਬ ਦਾ ਬਹੁਤ ਦ੍ਰਿੜ੍ਹ ਇਰਾਦਾ, ਨਰਮ ਸੁਭਾਅ ਅਤੇ ਗੁਰੂ ਸਾਹਿਬ ਉੱਤੇ ਅਟੱਲ ਭਰੋਸਾ ਉਨ੍ਹਾਂ ਦੀ ਜ਼ਿੰਦਗੀ ਦੇ ਵੱਡੇ ਗੁਣ ਸਨ। 1984 ਤੋਂ ਲੈ ਕੇ 2023 ਤੱਕ ਦਾ ਇਹ ਸਫ਼ਰ ਬੜਾ ਕਠਿਨ ਅਤੇ ਲੰਬਾ ਸੀ, ਪਰ ਇਸ ਦੌਰਾਨ ਉਨ੍ਹਾਂ ਨੇ ਜਿੱਥੇ ਉਪਰੋਕਤ ਸੇਵਾਵਾਂ ਨਿਭਾਈਆਂ ਉੱਥੇ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭੇ ਸੰਘਰਸ਼ ਵਿੱਚ ਵੀ ਵਿੱਤ ਮੁਤਾਬਕ ਯੋਗਦਾਨ ਪਾਇਆ। ਇਹ ਸਭ ਕੁੱਝ ਪ੍ਰਮਾਤਮਾ ਦੀ ਕ੍ਰਿਪਾ ਨਾਲ ਹੀ ਸੰਭਵ ਹੋ ਸਕਿਆ। ਜੁਝਾਰੂ ਖਾਲਸਾ ਪੰਥ ਉਨ੍ਹਾਂ ਦੀ ਸੇਵਾ ਨੂੰ ਹਮੇਸ਼ਾ ਯਾਦ ਰੱਖੇਗਾ।



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ**

**ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ**

**ਸੰਪਰਕ : 98140-13915**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ ਦੂਸਰੇ ਮੁਖੀ ਸ੍ਰੀਮਾਨ ਸੰਤ ਬਾਬਾ ਗੁਰਬਖਸ਼ ਸਿੰਘ ਸਾਹਿਬ ਜੀ 6 / 7 ਦਸੰਬਰ 2025 ਨੂੰ ਸਮਰਪਿਤ ਦੀਵਾਨ ਸੱਜਣਗੇ।☛ ਸ਼ਹੀਦੀ ਜੋੜ ਮੇਲਾ ਸਿੰਘ ਸਿੰਘਣੀਆਂ ਗੁ: ਸ਼ਹੀਦ ਗੰਜ ਮਸ਼ਿਕਆਣਾ ਸਾਹਿਬ ਪਿੰਡ ਮੁੱਲਾਪਰ ।☛ ਜਨਮ ਦਿਵਸ਼ ਡਾਂ ਭਾਈ ਵੀਰ ਸਿੰਘ ਸਾਹਿਬ ਜੀ ਅੰਮ੍ਰਿਤਸਰ।☛ ਜਨਮ ਦਿਵਸ ਸ੍ਰੋਮਣੀ ਭਗਤ, ਭਗਤ ਸੈਣ ਸਾਹਿਬ ਜੀ ਪਿੰਡ ਸੋਹਲ ਝਬਾਲ ਅੰਮ੍ਰਿਤਸਰ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 7 ਦਸੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10 ਵਜੇ ਭੋਗ ਪੈਣਗੇ ਉਪਰੰਤ 12 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਮਨਜੀਤ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੇ ਕਾਲ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

## ਸਵ: ਸਰਦਾਰਨੀ ਹਰਜਿੰਦਰ ਕੌਰ ਜੀ

ਧਰਮਪਤਨੀ ਬਾਬਾ ਸੁਖਵੰਤ ਸਿੰਘ ਚੰਨਣਕੇ

ਮਿਤੀ: 30.11.2025 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਪ੍ਰਲੋਕ ਗਮਨ ਕਰ ਗਏ ਹਨ। ਉਹਨਾਂ ਦੀ ਆਤਮਿਕ ਸ਼ਾਂਤੀ ਨਮਿੱਤ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦਾ ਭੋਗ ਉਹਨਾਂ ਦੇ ਗ੍ਰਹਿ ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਪਵੇਗਾ।

ਉਪਰੰਤ ਅੰਤਿਮ ਅਰਦਾਸ ਅਤੇ ਕਥਾ-ਕੀਰਤਨ 11 ਤੋਂ 1 ਵਜੇ ਤੱਕ

## ਮਿਤੀ 9 ਦਸੰਬਰ 2025, ਦਿਨ ਮੰਗਲਵਾਰ ਨੂੰ

## ਗੁਰਦੁਆਰਾ ਸਾਹਿਬ ਬਾਬਾ ਚੰਨਣ ਜੀ

## ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਹੋਵੇਗੀ।

ਆਪ ਜੀ ਨੇ ਅੰਤਿਮ ਅਰਦਾਸ 'ਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸਮੂਹ ਪਰਿਵਾਰ

ਮੋ: 99886-02656, 98782-12416, 98145-61418, 98155-06439

ਆਵਾਜ਼ਿ ਕੌਮ AWAZE QAUM
International Newspaper & WEB TV

# ਗਊ ਸੁਰੱਖਿਆ ਅਤੇ ਸੰਭਾਲ ਲਈ ਇੱਕ ਵਿਆਪਕ ਰਾਸ਼ਟਰੀ ਨੀਤੀ ਬਣਾ ਕੇ

## ਬਿਨਾਂ ਦੇਰੀ ਦੇ ਦੇਸ਼ ਭਰ ਵਿੱਚ ਲਾਗੂ ਕੀਤੀ ਜਾਵੇ- ਮਹੰਤ ਅਸ਼ੀਸ਼ ਦਾਸ ਜੱਬਲਪੁਰ, ਪ੍ਰੋ. ਸਰਚੰਦ ਸਿੰਘ ਖ਼ਿਆਲਾ, ਡਾ. ਜੋਗਿੰਦਰ ਸਿੰਘ ਸਲਾਰੀਆ








**ਨਵੀਂ ਦਿੱਲੀ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਰਾਮ ਜਾਨਕੀ ਜਨ-ਕਲਿਆਣ ਸਮਿਤੀ ਸੋਸਾਇਟੀ ਦੇ ਰਾਸ਼ਟਰੀ ਅਧਿਆਕਸ਼ ਮਹੰਤ ਆਸ਼ੀਸ਼ ਦਾਸ ਜਬਲਪੁਰ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਕੋਲਾ ਰਾਜ ਮੰਤਰੀ ਸ਼੍ਰੀ ਸਤੀਸ਼ ਚੰਦਰ ਦੁਬੇ ਅਤੇ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਸਚਿਵ ਤੇ ਰਾਜ ਸਭਾ ਸਾਂਸਦ ਸ਼੍ਰੀ ਅਨਿਲ ਕੇ. ਐਂਟਨੀ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ।

ਇਸ ਮੌਕੇ ਤੇ ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਰਾਸ਼ਟਰੀ ਵਿਕਾਸ ਵਿੱਚ ਗੌ-ਸੁਰੱਖਿਆ, ਗੌ-ਸੰਵਰਧਨ ਅਤੇ ਗੌ-ਆਧਾਰਿਤ ਅਰਥਵਿਵਸਥਾ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਸਮੱਗਰੀਕ "ਰਾਸ਼ਟਰੀ ਗੌ-ਸੁਰੱਖਿਆ ਨੀਤੀ" ਤਿਆਰ ਕਰਕੇ ਇਸ ਨੂੰ ਤੁਰੰਤ ਦੇਸ਼ ਭਰ ਵਿੱਚ ਲਾਗੂ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮਹੱਤਵਪੂਰਨ ਮੀਟਿੰਗ ਦੌਰਾਨ ਮਹੰਤ ਆਸ਼ੀਸ਼ ਦਾਸ ਮਹਾਰਾਜ, ਪ੍ਰੋ. ਸਰਚੰਦ ਸਿੰਘ ਖ਼ਿਆਲਾ, ਡਾ. ਜੋਗਿੰਦਰ ਸਿੰਘ ਸਲਾਰੀਆ, ਡਾ. ਦੁਰਗੇਸ਼ ਕੁਮਾਰ ਸਾਹੂ, ਗੌਧਰਾ ਫਾਊਂਡੇਸ਼ਨ ਅਤੇ ਹੋਰ ਮਾਹਰਾਂ ਵੱਲੋਂ ਤਿਆਰ ਕੀਤੇ ਗਏ "ਗੌ-ਸੰਭਾਲ ਅਤੇ ਗੌ-ਆਧਾਰਿਤ ਵਿਕਾਸ ਪਰਿਯੋਜਨਾ" ਦਾ ਵਿਸਥਾਰਤ ਡਰਾਫਟ ਕੇਂਦਰ ਸਰਕਾਰ ਨੂੰ ਸੌਂਪਿਆ ਗਿਆ ਅਤੇ ਬੇਨਤੀ ਕੀਤੀ ਗਈ ਕਿ ਇਸ ਨੂੰ ਆਉਣ ਵਾਲੇ ਲੋਕ ਸਭਾ ਸ਼ ? ? ਕਾਲੀਨ ਸੈਸ਼ਨ ਵਿੱਚ ਇੱਕ ਵਿਧੇਅਕ ਦੇ ਰੂਪ ਵਿੱਚ ਪੇਸ਼ ਕਰਕੇ ਪਾਸ ਕੀਤਾ ਜਾਵੇ।

ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਇਸ ਬਾਰੇ ਦੱਸਿਆ ਕਿ ਭਾਰਤ ਦੀ ਪ੍ਰਾਚੀਨ ਵੈਦਿਕ ਸਭਿਅਤਾ ਤੋਂ ਗਾਂ ਸਿਰਫ਼ ਇੱਕ ਜਾਨਵਰ ਨਹੀਂ ਹੈ, ਸਗੋਂ ਧਾਰਮਿਕ ਵਿਸ਼ਵਾਸ, ਆਰਥਿਕਤਾ, ਆਯੁਰਵੈਦਿਕ ਦਵਾਈ, ਜੈਵਿਕ ਖੇਤੀਬਾੜੀ ਅਤੇ ਵਾਤਾਵਰਣ ਸੰਤੁਲਨ ਦਾ ਮੂਲ ਥੰਮ੍ਹ ਰਿਹਾ ਹੈ। ਅਤੇ ਗਾਂ ਨੂੰ "ਮਾਤਾ" ਵਜੋਂ ਸਤਿਕਾਰਿਆ ਜਾਂਦਾ ਹੈ ਕਿਉਂਕਿ ਉਹ ਮਨੁੱਖੀ ਜੀਵਨ ਅਤੇ ਟਿਕਾਊ ਜੀਵਨ ਲਈ ਜ਼ਰੂਰੀ ਦੁੱਧ, ਘਿਓ, ਗੋਬਰ, ਗੋਮੂਤਰ ਅਤੇ ਪੰਚਗਵਯ ਵਰਗੇ ਅਨਮੋਲ ਤੋਹਫ਼ੇ ਪ੍ਰਦਾਨ ਕਰਦੀ ਹੈ।

ਭਾਰਤੀ ਸੰਵਿਧਾਨ ਦੀ ਧਾਰਾ 48 ਰਾਜਾਂ ਨੂੰ ਗਊ ਨਸਲਾਂ ਦੀ ਸੁਰੱਖਿਆ ਅਤੇ ਵਿਗਿਆਨਕ ਸੁਧਾਰ ਨੂੰ ਯਕੀਨੀ ਬਣਾਉਣ ਲਈ ਨਿਰਦੇਸ਼ ਦਿੰਦੀ ਹੈ। ਇਸ ਸੰਵਿਧਾਨਕ ਭਾਵਨਾ ਨੂੰ ਕਾਇਮ ਰੱਖਦੇ ਹੋਏ, ਉਨ੍ਹਾਂ ਨੇ ਕੇਂਦਰ ਸਰਕਾਰ ਲਈ ਇੱਕ ਵਿਸਤ੍ਰਿਤ ਮਤਾ ਪੇਸ਼ ਕੀਤਾ।

ਮਤੇ ਵਿੱਚ ਜ਼ੋਰ ਦਿੱਤਾ ਗਿਆ ਹੈ ਕਿ ਗਾਂ ਭਾਰਤੀ ਸੱਭਿਆਚਾਰ, ਧਰਮ, ਪੇਂਡੂ ਅਰਥਵਿਵਸਥਾ, ਜੈਵਿਕ ਖੇਤੀ, ਆਯੁਰਵੈਦਿਕ ਇਲਾਜ ਅਤੇ ਵਾਤਾਵਰਣ ਸਦਭਾਵਨਾ ਦਾ ਇੱਕ ਅਨਿੱਖੜਵਾਂ ਅਤੇ ਪਵਿੱਤਰ ਅੰਗ ਹੈ।ਘਟਦੀ ਗਊ ਆਬਾਦੀ, ਸੜਕਾਂ 'ਤੇ ਅਵਾਰਾ ਪਸ਼ੂਆਂ ਅਤੇ ਵਿਦੇਸ਼ੀ ਨਸਲਾਂ 'ਤੇ ਵੱਧ ਰਹੀ ਨਿਰਭਰਤਾ 'ਤੇ ਗੰਭੀਰ ਚਿੰਤਾਵਾਂ ਪ੍ਰਗਟ ਕੀਤੀਆਂ ਗਈਆਂ। ਛੱਡੀਆਂ ਗਈਆਂ ਗਊਆਂ ਕਾਰਨ ਹੋਣ ਵਾਲੇ ਸੜਕ ਹਾਦਸੇ, ਸਫ਼ਾਈ ਚੁਨੌਤੀਆਂ, ਪਲਾਸਟਿਕ ਦੀ ਖਪਤ ਕਾਰਨ ਹੋਣ ਵਾਲੀਆਂ ਬਿਮਾਰੀਆਂ ਅਤੇ ਫ਼ਸਲਾਂ ਦੇ ਨੁਕਸਾਨ ਵਰਗੀਆਂ ਸਮੱਸਿਆਵਾਂ ਨੂੰ ਰਾਸ਼ਟਰੀ ਮੁੱਦਿਆਂ ਵਜੋਂ ਉਜਾਗਰ ਕੀਤਾ ਗਿਆ।

ਵਫ਼ਦ ਨੇ ਵੱਖ-ਵੱਖ ਸਰੋਤਾਂ ਤੋਂ ਇਕੱਠੇ ਕੀਤੇ ਗਊ ਸੈੱਸ/ਟੈਕਸਾਂ ਨੂੰ ਸਮੇਂ ਸਿਰ ਰਜਿਸਟਰਡ ਗਊਸ਼ਾਲਾਵਾਂ ਤੱਕ ਨਾ ਪਹੁੰਚਣ ਅਤੇ ਕਈ ਗਊ-ਕਲਿਆਣ ਯੋਜਨਾਵਾਂ ਦੀ ਅਸਫਲਤਾ 'ਤੇ ਡੂੰਘੀ ਅਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਗਊ ਰੱਖਿਆ ਦੇ ਨਾਮ 'ਤੇ ਸਮਾਜ ਵਿਰੋਧੀ ਤੱਤਾਂ ਦੁਆਰਾ ਕੀਤੀ ਜਾ ਰਹੀ ਗੁੰਡਾਗਰਦੀ, ਲੋਕਾਂ 'ਤੇ ਹਮਲੇ ਅਤੇ ਗੈਰ-ਕਾਨੂੰਨੀ ਜਬਰੀ ਵਸੂਲੀ ਦੀਆਂ ਕਾਰਵਾਈਆਂ ਦੀ ਸਖ਼ਤ ਨਿੰਦਾ ਕੀਤੀ।

ਉਨ੍ਹਾਂ ਹਰੇਕ ਜਾਨਵਰ ਲਈ ਇੱਕ ਰਾਸ਼ਟਰੀ ਪਸ਼ੂਧਨ ਡੇਟਾਬੇਸ ਬਣਾਉਣ ਲਈ, ਆਧਾਰ ਵਾਂਗ, ਇੱਕ ਉੱਨਤ ਬਾਇਓਮੈਟ੍ਰਿਕ ਪਛਾਣ ਪ੍ਰਣਾਲੀ ਨਾਲ ਖਰਾਬ ♣694 ਟੈਗ ਪ੍ਰਣਾਲੀ ਨੂੰ ਬਦਲਣ ਦੀ ਇੱਕ ਵੱਡੀ ਮੰਗ ਉਠਾਈ। ਵਫ਼ਦ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਗਊ ਰੱਖਿਆ ਨੂੰ ਰਾਸ਼ਟਰੀ ਮਿਸ਼ਨ ਘੋਸ਼ਿਤ ਕੀਤਾ ਜਾਵੇ।ਹਰੇਕ ਰਾਜ ਵਿੱਚ ਘੱਟੋ-ਘੱਟ ਇੱਕ ਰਾਸ਼ਟਰੀ ਗਊ ਅਸਥਾਨ ਸਥਾਪਤ ਕਰੇ।ਕੇਂਦਰ ਅਤੇ ਰਾਜ ਦੋਵਾਂ ਦੇ ਯੋਗਦਾਨ ਨਾਲ ਇੱਕ ਰਾਸ਼ਟਰੀ ਗਊ ਭਲਾਈ ਫੰਡ ਬਣਾਇਆ ਜਾਵੇ, ਗਊਸ਼ਾਲਾਵਾਂ ਨੂੰ ਸਵੈ-ਨਿਰਭਰ ਬਣਾਉਣ ਲਈ ਪੰਚਗਵਯ, ਬਾਇਓਗੈਸ, ਜੈਵਿਕ ਖਾਦ ਅਤੇ ਹੋਰ ਗਊ-ਅਧਾਰਤ ਉਤਪਾਦਾਂ 'ਤੇ ਅਧਾਰਤ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾਵੇ। ਦੇਸ਼ ਭਰ ਵਿੱਚ ਗਊ ਹੱਤਿਆ 'ਤੇ ਪਾਬੰਦੀ ਲਈ ਇੱਕਸਾਰ ਰਾਸ਼ਟਰੀ ਦਿਸ਼ਾ-ਨਿਰਦੇਸ਼ ਲਾਗੂ ਕਰੇ ਅਤੇ ਇੱਕ ਰਾਸ਼ਟਰੀ ਗਊ ਵਿਗਿਆਨ ਕੇਂਦਰ ਸਥਾਪਤ ਕਰਨ ਤੋਂ ਇਲਾਵਾ ਗਊ-ਅਧਾਰਤ ਜੈਵਿਕ ਖੇਤੀ ਨੂੰ "ਵਾਤਾਵਰਣ-ਅਨੁਕੂਲ ਖੇਤੀ" ਵਜੋਂ ਰਾਸ਼ਟਰੀ ਪ੍ਰਮਾਣਿਕਤਾ ਦੇਣ ਅਤੇ ਸਕੂਲੀ ਪਾਠਕ੍ਰਮ ਵਿੱਚ ਗਊ ਸੰਭਾਲ ਅਤੇ ਨੈਤਿਕ ਸਿੱਖਿਆ ਸ਼ਾਮਲ ਕਰਨ ਦੀ ਅਪੀਲ ਕੀਤੀ।

ਮਹੰਤ ਸ਼੍ਰੀ ਆਸ਼ੀਸ਼ ਦਾਸ ਮਹਾਰਾਜ ਨੇ ਡਿਜੀਟਲ ਪਸ਼ੂਧਨ ਪਛਾਣ ਪ੍ਰਣਾਲੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਇਹ ਕਹਿੰਦੇ ਹੋਏ ਕਿ ਮੌਜੂਦਾ RFID ਪ੍ਰਣਾਲੀ ਪੁਰਾਣੀ ਹੈ। ਉਨ੍ਹਾਂ ਨੇ ਇੱਕ ਏਆਈ, ਮਸ਼ੀਨ ਲਰਨਿੰਗ, ਡੂੰਘੀ ਸਿਖਲਾਈ ਅਤੇ ਕੰਪਿਊਟਰ ਵਿਜ਼ਨ-ਅਧਾਰਤ ਆਧੁਨਿਕ ਬਾਇਓਮੈਟ੍ਰਿਕ ਸਿਸਟਮ ਦੇ ਵਿਕਾਸ ਦਾ ਪ੍ਰਸਤਾਵ ਰੱਖਿਆ, ਜਿਸ ਵਿੱਚ ਹਰੇਕ ਜਾਨਵਰ ਲਈ ਇੱਕ ਵਿਲੱਖਣ "ਗੋ-ਆਧਾਰ ਆਈਡੀ" ਹੋਵੇਗਾ, ਜਿਸ ਵਿੱਚ ਮਾਲਕ ਦੇ ਵੇਰਵੇ, ਸਿਹਤ ਅਤੇ ਟੀਕਾਕਰਨ ਰਿਕਾਰਡ, ਪ੍ਰਜਨਨ ਜਾਣਕਾਰੀ, ਬੀਮਾ-ਸੰਬੰਧੀ ਡੇਟਾ ਆਦਿ ਸ਼ਾਮਲ ਹੋਣ ।

ਉਨ੍ਹਾਂ ਕਿਹਾ ਕਿ ਇਹ ਸਿਸਟਮ ਪਸ਼ੂਆਂ ਦੀ ਤਸਕਰੀ ਨੂੰ ਰੋਕਣ, ਬੀਮਾ ਧੋਖਾਧੜੀ ਨੂੰ ਖਤਮ ਕਰਨ, ਸਰਕਾਰੀ ਯੋਜਨਾਵਾਂ ਵਿੱਚ ਪਾਰਦਰਸ਼ਤਾ ਵਧਾਉਣ, ਬਿਮਾਰੀ ਦਾ ਜਲਦੀ ਪਤਾ ਲਗਾਉਣ, ਗਊ-ਕਲਿਆਣ ਫੰਡਾਂ ਦੀ ਸਹੀ ਵਰਤੋਂ ਦੀ ਗਰੰਟੀ ਦੇਣ, ਅਤੇ ਸਬਸਿਡੀਆਂ ਅਤੇ ਭਲਾਈ ਪ੍ਰੋਗਰਾਮਾਂ ਦੀ ਟਰੈਕਿੰਗ ਨੂੰ ਸਰਲ ਬਣਾਉਣ ਵਿੱਚ ਮਦਦ ਕਰੇਗਾ। ਉਨ੍ਹਾਂ ਕਿਹਾ ਕਿ ਅਜਿਹੀ ਤਕਨਾਲੋਜੀ ਭਾਰਤ ਦੇ ਪਸ਼ੂਧਨ ਖੇਤਰ ਨੂੰ ਵਿਗਿਆਨਕ, ਆਧੁਨਿਕ ਅਤੇ ਪਾਰਦਰਸ਼ੀ ਬਣਾਏਗੀ।

ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਗਊ ਧਨ ਦੀ ਰੱਖਿਆ ਕਰਨਾ ਸਿਰਫ਼ ਇੱਕ ਧਾਰਮਿਕ ਫਰਜ਼ ਨਹੀਂ ਹੈ, ਸਗੋਂ ਭਾਰਤ ਦੀ ਆਰਥਿਕਤਾ, ਵਾਤਾਵਰਣ ਅਤੇ ਸੱਭਿਆਚਾਰਕ ਵਿਰਾਸਤ ਦੀ ਰੱਖਿਆ ਲਈ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਹੈ।

ਉਨ੍ਹਾਂ ਕੇਂਦਰ ਸਰਕਾਰ ਨੂੰ ਰਾਸ਼ਟਰੀ ਗਊ ਸੁਰੱਖਿਆ ਨੀਤੀ ਨੂੰ ਜਲਦੀ ਤੋਂ ਜਲਦੀ ਲਾਗੂ ਕਰਨ ਅਤੇ ਭਾਰਤ ਨੂੰ ਇੱਕ ਜੈਵਿਕ, ਸਵੈ-ਨਿਰਭਰ ਅਤੇ ਸੱਭਿਆਚਾਰਕ ਤੌਰ 'ਤੇ ਅਮੀਰ ਰਾਸ਼ਟਰ ਬਣਾਉਣ ਲਈ ਫੈਸਲਾਕੁੰਨ ਕਦਮ ਚੁੱਕਣ ਦੀ ਅਪੀਲ ਕੀਤੀ।

# ਜ਼ਿਲ੍ਹਾ ਪ੍ਰੀਸ਼ਦ ਜ਼ੋਨ ਘਨੌਰੀ ਕਲਾਂ ਤੋਂ ਜਸਮੀਤ ਕੌਰ ਚਹਿਲ ਨੇ ਵੱਡੇ ਕਾਫ਼ਲੇ ਸਮੇਤ ਕਾਗਜ਼ ਦਾਖਲ ਕੀਤੇ




**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਮੀਮਸਾਂ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਮੀਤ ਕੌਰ ਚਹਿਲ ਪਤਨੀ ਸਰਪੰਚ ਅੰਮ੍ਰਿਤ ਚਹਿਲ ਨੇ ਅੱਜ ਆਪਣੇ ਕਾਫਲੇ ਸਮੇਤ ਕਾਗਜ਼ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਦਾਖਲ ਕੀਤੇ ।ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਫਤਰ ਇੰਚਾਰਜ ਸ, ਦਲਬੀਰ ਸਿੰਘ ਢਿੱਲੋ ਚੇਅਰਮੈਨ ਲਭੂ ਉਦਯੋਗ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਗਗਨ ਜਵੰਦਾ, ਖਾਨ ਕਹੇਰੂ, ਇੰਦਰਜੀਤ ਸਿੰਘ ਘਨੌਰੀ, ਦਰਸਨ ਪਾਠਕ,ਪਰਮਜੀਤ ਸਿੰਘ ਕਾਂਝਲਾ, ਮੱਖਣ ਘਨੌਰੀ, ਕੇਵਲ ਸਿੰਘ ਪੰਚ, ਬਾਬਾ ਬਚਿੱਤਰ ਸਿੰਘ, ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਿਲ੍ਹਾ ਪਰਿਸ਼ਦ ਜੋਨ ਬਾਲੀਆ ਤੋਂ ਹਰਜਿੰਦਰ ਸਿੰਘ ਕਾਂਝਲਾ ਵੱਡੇ ਕਾ.ਫਲੇ ਸਮੇਤ ਕਾਗਜ਼ ਦਾਖਲ ਕੀਤੇ




**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਬਾਲੀਆ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਜਿੰਦਰ ਸਿੰਘ ਅੱਜ ਆਪਣੇ ਕਾਫਲੇ ਸਮੇਤ ਕਾਗਜ਼ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਦਾਖਲ ਕੀਤੇ ।ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਫਤਰ ਇੰਚਾਰਜ ਸ, ਦਲਬੀਰ ਸਿੰਘ ਢਿੱਲੋ ਚੇਅਰਮੈਨ ਲਭੂ ਉਦਯੋਗ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਗਗਨ ਜਵੰਦਾ, ਖਾਨ ਕਹੇਰੂ, ਇੰਦਰਜੀਤ ਸਿੰਘ ਘਨੌਰੀ, ਦਰਸਨ ਪਾਠਕ,ਪਰਮਜੀਤ ਸਿੰਘ ਕਾਂਝਲਾ, ਕੁਲਵਿੰਦਰ ਸਿੰਘ ਸਿੱਧੂ, ਸੁਰਜੀਤ ਸਿੰਘ ਪੰਚ, ਮੱਖਣ ਸਿੰਘ ਸਰਪੰਚ ਪੇਧਨੀ, ਗਗਨਦੀਪ ਸਿੰਘ ਪੰਚ, ਸੁਖਜੀਤ ਸਿੰਘ, ਜਸਪਾਲ ਸਿੰਘ ਨੰਬਰਦਾਰ ਪ੍ਰਗਟ ਸਿੰਘ ਜਗਤਾਰ ਸਿੰਘ, ਬਿੰਦਰ ਸਿੰਘ ਨੰਬਰਦਾਰ,ਬਸੰਤ,ਜਗਸੀਰ ਸਿੰਘ, ਸੁਖਵਿੰਦਰ ਸਿੰਘ ਮਾਂਗੂ, ਬਲਵਿੰਦਰ ਸਿੰਘ ਰੂਸੀ,ਪਾਲੀ ਗਰੇਵਾਲ, ਜਗਦੀਪ ਸਿੰਘ ਪੰਚ, ਸੰਦੀਪ ਸਿੰਘ ਪੰਚ, ਬਲਜੀਤ ਸਿੰਘ ਫੌਜੀ, ਅਵਤਾਰ ਸਿੰਘ ਪ੍ਰਧਾਨ,ਗੁਰਦੀਪ ਸਿੰਘ, ਰਾਣਾ ਸਿੰਘ, ਬਿਕਰ ਸਿੰਘ ,ਗੁਰਚਰਨ ਸਿੰਘ, ਨੰਬਰਦਾਰ ਕੇਵਲ ਸਿੰਘ ,ਜਗਪਾਲ ਸਿੰਘ,ਸੋਹਣ ਸਿੰਘ ਸਾਬਕਾ ਸਰਪੰਚ ਹਸਨਪੁਰ, ਦਰਸ਼ਨ ਸਿੰਘ, ਰਿੰਪਾ ਸਿੰਘ, ਕਰਮਜੀਤ ਸਿੰਘ ਕਰਮੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਵੀ ਈਸੜਾ ਨੇ ਗੋਲਡੀ, ਸੰਘਰੇੜੀ, ਰੰਧਾਵਾ ਨਾਲ ਜਿਲ੍ਹਾ ਪ੍ਰੀਸ਼ਦ ਜੋਨ ਮੀਮਸਾਂ ਤੋਂ ਕਾਗਜ਼ ਦਾਖਲ ਕੀਤੇ




ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦਾਂ ਤੇ ਬਲਾਕ ਸੰਮਤੀ ਦੀਆਂ ਚੋਣਾਂ ਬੜੇ ਹੀ ਸੁਚੱਜੇ ਢੰਗ ਨਾਲ ਲੜੀਆਂ ਜਾ ਰਹੀਆਂ ਹਨ। ਵਿਧਾਨ ਸਭਾ ਹਲਕਾ ਧੂਰੀ ਤੋਂ ਹਲਕਾ ਇੰਚਾਰਜ ਸ,ਰਣਜੀਤ ਸਿੰਘ ਰੰਧਾਵਾ ਵੱਲੋਂ ਮੀਮਸਾਂ ਜੋਨ ਤੋਂ ਰਵੀ ਈਸੜਾ ਨੇ ਸ੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਵਿੰਨਰਜੀਤ ਸਿੰਘ ਗੋਲਡੀ ਅਤੇ ਜਿਲਾਂ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਦੀ ਅਗਵਾਈ ਹੇਠ ਕਾਗਜ ਦਾਖਲ ਕੀਤੇ ।ਇਸ ਮੌਕੇ ਜਗਰੂਪ ਸਿੰਘ ਲੱਡਾ, ਨਿਰਭੈ ਸਿੰਘ, ਬਿਰਜ ਲਾਲ ਕਾਂਝਲਾ, ਦਰਸਨ ਸਿੰਘ ਕਾਂਝਲਾ, ਸਰਵਨ ਸਿੰਘ ਮੱਲੂਮਾਜਰਾ , ਡਾਕਟਰ ਜਗਜੀਤ ਸਿੰਘ ਘਨੌਰੀ, ਜਗਰੂਪ ਸਿੰਘ,ਗੋਲਡੀ ਧੂਰੀ, ਜਗਜੀਤ ਸਿੰਘ ਲੱਡਾ, ਕਰਮਜੀਤ ਸਿੰਘ ਪਲਾਸੌਰ, ਸਰਬਜੀਤ ਸਿੰਘ ਕਾਤਰੋਂ, ਦਰਸਨ ਸਿੰਘ ਵਿਰਦੀ, ਠੇਕੇਦਾਰ ਜੱਸਾ ਧੂਰੀ, ਜਗਜੀਤ ਸਿੰਘ ਲੀਲਾ ਬੁੱਗਰਾ, ਹੈਪੀ ਘਨੌਰੀ, ਗੁਰਬਖ਼ਸ਼ ਸਿੰਘ ਰੰਧਾਵਾ, ਸੂਬੇਦਾਰ ਮਣੀ ਸਿੰਘ, ਗੁਰਦਿਆਲ ਸਿੰਘ ਕਾਂਝਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





## ਕਿਸਾਨ ਪਿਆਜ਼ 2 ਰੁਪਏ ਪ੍ਰਤੀ ਕਿਲੋਗ੍ਰਾਮ ਤੇ ਵੇਚਣ ਲਈ ਮਜਬੂਰ

# ਕਿਸਾਨਾਂ ਨੂੰ ਸਥਾਨਕ ਜਨ ਸੰਘਰਸ਼ ਸ਼ੁਰੂ ਕਰਨ ਦਾ ਸੱਦਾ: ਸੰਯੁਕਤ ਕਿਸਾਨ ਮੋਰਚਾ

**ਨਵੀਂ ਦਿੱਲੀ, 4 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਭਾਰਤ ਭਰ ਵਿੱਚ ਪਿਆਜ਼ ਦੀ ਕੀਮਤ ਡਿੱਗਣ ਕਾਰਨ ਕਿਸਾਨ ਪਿਆਜ਼ 2 ਰੁਪਏ ਕਿਲੋ ਵਿੱਚ ਵੇਚਣ ਲਈ ਮਜਬੂਰ ਹਨ ਅਤੇ ਕਰਜ਼ੇ ਦੇ ਜਾਲ ਵਿੱਚ ਡੁੱਬ ਰਹੇ ਹਨ। ਕਿਸਾਨਾਂ, ਖਾਸ ਕਰਕੇ ਛੋਟੇ ਅਤੇ ਦਰਮਿਆਨੇ ਕਿਸਾਨਾਂ ਨੂੰ ਮੱਧ ਪ੍ਰਦੇਸ਼ ਵਿੱਚ 50 ਰੁਪਏ ਪ੍ਰਤੀ ਕੁਇੰਟਲ ਵਿਕਣ ਦਾ ਕੌੜਾ ਅਨੁਭਵ ਹੈ। 2 ਦਸੰਬਰ ਨੂੰ ਮੱਧ ਪ੍ਰਦੇਸ਼ ਦੀਆਂ ਵੱਖ-ਵੱਖ ਮੰਡੀਆਂ ਵਿੱਚ ਪਿਆਜ਼ ਦੀਆਂ ਕੀਮਤਾਂ 50 ਤੋਂ 116 ਰੁਪਏ ਪ੍ਰਤੀ ਕੁਇੰਟਲ ਦੇ ਵਿਚਕਾਰ ਸਨ। ਇੰਦੌਰ ਏਪੀਐੱਮਸੀ ਬਾਜ਼ਾਰ ਵਿੱਚ ਪਿਆਜ਼ ਦੀ ਕੀਮਤ 128 ਤੋਂ 688 ਰੁਪਏ ਪ੍ਰਤੀ ਕੁਇੰਟਲ ਸੀ ਜਦੋਂ ਕਿ ਮੰਦਸੌਰ ਏਪੀਐਮਸੀ ਵਿੱਚ ਕੀਮਤ 170 ਤੋਂ 199 ਰੁਪਏ ਪ੍ਰਤੀ ਕੁਇੰਟਲ ਤੱਕ ਘੱਟ ਸੀ। 2 ਦਸੰਬਰ 2025

ਆਵਾਜ਼ਿ ਕੌਮ
AWAZE QAUM
International Newspaper & WEB TV

ਨੂੰ, ਆਂਧਰਾ ਪ੍ਰਦੇਸ਼ ਦੇ ਵੱਖ-ਵੱਖ ਮੰਡੀਆਂ ਵਿੱਚ ਔਸਤ ਕੀਮਤ 419 ਰੁਪਏ, ਹਰਿਆਣਾ ਦੇ ਪਿਪਲੀ ਏਪੀਐਮਸੀ ਬਾਜ਼ਾਰ ਵਿੱਚ 465 ਰੁਪਏ, ਦਿੱਲੀ ਦੇ ਆਜ਼ਾਦਪੁਰ ਬਾਜ਼ਾਰ ਵਿੱਚ 500 ਰੁਪਏ ਅਤੇ ਗੁਜਰਾਤ ਦੇ ਬਾਜ਼ਾਰਾਂ ਵਿੱਚ 605 ਰੁਪਏ ਸੀ। ਕਰਨਾਟਕ ਵਿੱਚ ਔਸਤ ਕੀਮਤਾਂ ਲਗਭਗ ?1,338 ਪ੍ਰਤੀ ਕੁਇੰਟਲ ਸਨ, ਪਰ ਕੁਝ ਮੰਡੀਆਂ ਵਿੱਚ ਘੱਟੋ-ਘੱਟ ਕੀਮਤਾਂ ?200 ਪ੍ਰਤੀ ਕੁਇੰਟਲ ਤੱਕ ਘੱਟ ਸਨ। ਭਾਰਤ ਦੇ ਸਭ ਤੋਂ ਵੱਡੇ ਪਿਆਜ਼ ਬਾਜ਼ਾਰਾਂ ਵਿੱਚੋਂ ਇੱਕ, ਮਹਾਰਾਸ਼ਟਰ ਦੇ ਲਾਸਲਗਾਓਂ ਵਿੱਚ, ਔਸਤ ਕੀਮਤਾਂ ਲਗਭਗ ?1,850 ਪ੍ਰਤੀ ਕੁਇੰਟਲ ਸਨ, ਜਿਸਦੀ ਕੀਮਤ ?300 ਘੱਟ ਸੀ। ਇਹ ਘੱਟ ਕੀਮਤਾਂ ਕਿਸਾਨਾਂ ਵਿੱਚ ਪਰੇਸ਼ਾਨੀ ਪੈਦਾ ਕਰ ਰਹੀਆਂ ਹਨ, ਖਾਸ ਕਰਕੇ ਮੱਧ ਪ੍ਰਦੇਸ਼ ਵਿੱਚ, ਕਿਸਾਨਾਂ ਦੁਆਰਾ



ਆਪਣੀ ਕਾਸ਼ਤ ਅਤੇ ਆਵਾਜਾਈ ਦੀ ਲਾਗਤ ਨੂੰ ਪੂਰਾ ਨਾ ਕਰਨ ਕਾਰਨ ਕੀਮਤਾਂ ਨੂੰ ਸੁੱਟਣ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਇਸ ਦੇ ਨਾਲ ਹੀ, ਖਪਤਕਾਰ ਦਿੱਲੀ ਵਿੱਚ ਪਿਆਜ਼ ਖਰੀਦਣ ਲਈ 50 ਤੋਂ 60 ਰੁਪਏ ਪ੍ਰਤੀ ਕਿਲੋ ਦਾ ਭੁਗਤਾਨ ਕਰ ਰਹੇ ਹਨ।

ਪ੍ਰਸ਼ਾਸਨ ਵੱਖ-ਵੱਖ ਫਸਲਾਂ 'ਤੇ ਐਲਾਨੇ ਗਏ ਐੱਮਐੱਸਪੀ @ਏ2+ਐੱਫਐੱਲ+50% ਨੂੰ ਯਕੀਨੀ ਬਣਾਉਣ ਵਿੱਚ ਅਸਫ਼ਲ ਰਿਹਾ ਹੈ। ਸਾਲ 2025-26 ਲਈ ਝੋਨੇ ਦਾ ਐੱਮਐੱਸਪੀ 2369 ਰੁਪਏ ਪ੍ਰਤੀ ਕੁਇੰਟਲ ਰਿਹਾ ਹੈ, ਜਦੋਂ ਕਿ ਕਿਸਾਨਾਂ ਨੂੰ ਉੱਤਰ ਪ੍ਰਦੇਸ਼ ਵਿੱਚ 1800 ਰੁਪਏ ਪ੍ਰਤੀ ਕੁਇੰਟਲ ਅਤੇ ਬਿਹਾਰ ਵਿੱਚ 1400 ਰੁਪਏ ਪ੍ਰਤੀ ਕੁਇੰਟਲ ਦੀ ਮੁਸ਼ਕਲ ਦਰ 'ਤੇ ਵੇਚਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਹਰਿਆਣਾ ਵਿੱਚ ਵੀ ਜਿੱਥੇ ਏਪੀਐੱਮਸੀ ਬਾਜ਼ਾਰ ਮੌਜੂਦ ਹਨ, ਕਿਸਾਨਾਂ ਨੂੰ ਐਲਾਨੇ ਗਏ ਐੱਮਐੱਸਪੀ ਨਾਲੋਂ 200 ਰੁਪਏ ਘੱਟ ਮਿਲ ਰਹੇ ਹਨ। ਐੱਸਕੇਐੱਮ ਕੇਂਦਰ ਸਰਕਾਰ ਦੇ ਨਾਲ-ਨਾਲ ਦੇਸ਼ ਦੇ ਹੋਰ ਹਿੱਸਿਆਂ ਵਿੱਚ ਰਾਜ ਸਰਕਾਰਾਂ ਤੋਂ ਮੰਗ ਕਰਦਾ ਹੈ ਕਿ ਉਹ ਇਹ ਦੱਸਣ ਕਿ ਜਦੋਂ ਕੇਰਲਾ, ਓਡੇਸਾ ਅਤੇ ਛੱਤੀਸਗੜ੍ਹ ਝੋਨੇ ਨੂੰ ਐੱਮਐੱਸਪੀ @ਸੀ2+50% ਕੀਮਤ ਕਿਉਂ ਨਹੀਂ ਦਿੱਤੀ ਜਾਂਦੀ, ਤਾਂ ਐੱਸਕੇਐੱਮ ਕਿਸਾਨਾਂ ਅਤੇ ਖੇਤੀਬਾੜੀ ਕਾਮਿਆਂ ਨਾਲ ਮਾਰਕੀਟਿੰਗ ਅਤੇ ਮੁੱਲ ਵਾਧੇ ਤੋਂ ਬਾਹਰ ਸਰਪਲੱਸ ਸਾਂਝਾ ਕਰਕੇ ਸਾਰੀਆਂ ਫਸਲਾਂ ਲਈ ਗਾਰੰਟੀਸ਼ੁਦਾ ਖਰੀਦ ਦੇ ਨਾਲ ਸੀ2+50% ਲਈ ਪ੍ਰਭਾਵੀ ਕਾਨੂੰਨ ਬਣਾਉਣ ਦੀ ਆਪਣੀ ਮੰਗ ਨੂੰ ਦੁਹਰਾਉਂਦਾ ਹੈ, ਇਸ ਤਰ੍ਹਾਂ ਸੰਕਟ ਵਿਕਰੀ, ਕਰਜ਼ਾ, ਕਿਸਾਨ ਖੁਦਕੁਸ਼ੀ ਅਤੇ ਖੇਤੀਬਾੜੀ ਸੰਕਟ ਨੂੰ ਖਤਮ ਕੀਤਾ ਜਾ ਸਕਦਾ ਹੈ। ਵੱਖ-ਵੱਖ ਖੇਤਰਾਂ ਵਿੱਚ ਬਾਜ਼ਾਰ ਮੁੱਲ ਅਤੇ ਕਿਸਾਨਾਂ ਦੇ ਸ਼ੋਸ਼ਣ ਦੀ ਸੀਮਾ ਵੱਖ-ਵੱਖ ਹੁੰਦੀ ਹੈ। ਐੱਸਕੇਐੱਮ ਸਾਰੀਆਂ ਰਾਜਨੀਤਿਕ ਪਾਰਟੀਆਂ, ਖਾਸ ਕਰਕੇ ਵਿਰੋਧੀ ਧਿਰਾਂ ਤੋਂ ਕਿਸਾਨ ਹਿੱਤਾਂ ਦੀ ਰਾਖੀ ਲਈ ਸੰਸਦ ਅਤੇ ਵਿਧਾਨ ਸਭਾਵਾਂ ਦੇ ਅੰਦਰ ਅਤੇ ਬਾਹਰ ਲੜਨ ਦੀ ਜ਼ੋਰਦਾਰ ਮੰਗ ਕਰਦਾ ਹੈ। ਐੱਸਕੇਐੱਮ ਕਿਸਾਨਾਂ ਨੂੰ ਪਿੰਡਾਂ ਵਿੱਚ ਮੁਹਿੰਮ ਚਲਾਉਣ ਅਤੇ ਪ੍ਰੇਸ਼ਾਨੀ ਵਿਕਰੀ ਵਿਰੁੱਧ ਸਥਾਨਕ ਜਨਤਕ ਸੰਘਰਸ਼ ਸ਼ੁਰੂ ਕਰਨ ਅਤੇ ਕਿਸਾਨਾਂ ਦੀ ਦੌਲਤ ਨੂੰ ਬੇਰਹਿਮੀ ਨਾਲ ਲੁੱਟਣ ਵਾਲੀਆਂ ਮੋਦੀ ਸਰਕਾਰ ਦੀਆਂ ਪੱਖਪਾਤੀ, ਕਾਰਪੋਰੇਟ-ਪੱਖੀ ਨੀਤੀਆਂ ਦਾ ਪਰਦਾਫਾਸ਼ ਕਰਨ ਦਾ ਸੱਦਾ ਦਿੰਦਾ ਹੈ।

## ਦੋ ਦਸੰਬਰ 2024 ਦੇ ਇਤਿਹਾਸਕ ਹੁਕਮਨਾਮਿਆਂ ਬਾਰੇ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵੱਡੀ ਚਰਚਾ

## ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਤੋਂ ਸਪੱਸ਼ਟ ਜਵਾਬ ਦੀ ਮੰਗ




**2 ਦਸੰਬਰ, 2024 ਦੀ ਯਾਦ ਤਾਜ਼ਾ ਕਰਵਾਉਂਦੀਆਂ ਤਸਵੀਰਾਂ।**



**ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਪਰਮਜੀਤ ਸਿੰਘ ਢਾਡੀ**



**ਪ੍ਰਧਾਨ ਭਾਈ ਰਘਬੀਰ ਸਿੰਘ ਵਾਲਸਾਲ**



**ਮੁੱਖ ਬੁਲਾਰੇ ਅਤੇ ਜਨਰਲ ਸਕੱਤਰ ਭਾਈ ਕਪਤਾਨ ਸਿੰਘ**



**ਚੀਫ ਆਰਗੇਨਾਈਜ਼ਰ ਭਾਈ ਰਘਬੀਰ ਸਿੰਘ ਮਾਲੜੀ**



**ਸੀਨੀਅਰ ਪ੍ਰਧਾਨ ਭਾਈ ਰਘਬੀਰ ਸਿੰਘ ਬੀਰ੍ਹਾ**

**ਲੰਡਨ/ ਬਰਮਿੰਘਮ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਇੰਟਰਨੈਸ਼ਨਲ ਪੰਥਕ ਦਲ ਵੱਲੋਂ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਇਤਿਹਾਸਕ ਹੁਕਮਨਾਮਿਆਂ ਦੀ ਪਾਲਣਾ ’ਤੇ ਵੱਡੀ ਚਿੰਤਾ ਜ਼ਾਹਰ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਤੋਂ ਤੁਰੰਤ ਸਪੱਸ਼ਟੀਕਰਣ ਦੀ ਮੰਗ ਕੀਤੀ ਗਈ ਹੈ ਕਿ ਕੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ‘ਫਖਰ-ਏ-ਕੌਮ’ ਅਤੇ ‘ਪੰਥ ਰਤਨ’ ਦਾ ਖ਼ਿਤਾਬ ਅਸਲ ਵਿੱਚ ਵਾਪਸ ਹੋ ਚੁੱਕਾ ਹੈ ਜਾਂ ਨਹੀਂ।

ਇਹ ਫੈਸਲਾ ਇੰਟਰਨੈਸ਼ਨਲ ਪੰਥਕ ਦਲ ਦੀ ਮਹੱਤਵਪੂਰਨ ਮੀਟਿੰਗ ਦੌਰਾਨ ਲਿਆ ਗਿਆ, ਜਿਸ ਵਿੱਚ ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਪਰਮਜੀਤ ਸਿੰਘ ਢਾਡੀ, ਪ੍ਰਧਾਨ ਭਾਈ ਰਘਬੀਰ ਸਿੰਘ ਵਾਲਸਾਲ, ਮੁੱਖ ਬੁਲਾਰੇ ਅਤੇ ਜਨਰਲ ਸਕੱਤਰ ਭਾਈ ਕਪਤਾਨ ਸਿੰਘ, ਸੀਨੀਅਰ ਪ੍ਰਧਾਨ ਭਾਈ ਰਘਬੀਰ ਸਿੰਘ ਬੀਰ੍ਹਾ, ਅਤੇ ਚੀਫ ਆਰਗੇਨਾਈਜ਼ਰ ਭਾਈ ਰਘਬੀਰ ਸਿੰਘ ਮਾਲੜੀ ਸਮੇਤ ਕਈ ਆਗੂ ਸ਼ਾਮਲ ਸਨ।

### ਦੋ ਦਸੰਬਰ 2024 ਕੀ ਵਾਪਰਿਆ ਸੀ ?

ਦੋ ਦਸੰਬਰ 2024 ਦਾ ਦਿਨ ਸਿੱਖ ਇਤਿਹਾਸ ਵਿੱਚ ਇੱਕ ਮੋੜਵਾਂ ਦਿਨ ਬਣਿਆ ਸੀ, ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਥ ਦੀ ਸਾਂਝੀ ਮੰਗ ਦੇ ਅਧਾਰ ’ਤੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਪੰਥ ਰਤਨ ‘ਫਖਰ-ਏ-ਕੌਮ’ ਖ਼ਿਤਾਬ ਵਾਪਸ ਲੈਣ ਦਾ ਐਲਾਨ ਕੀਤਾ ਸੀ।

ਇਹ ਫੈਸਲਾ ਉਸ ਸਮੇਂ ਹੋਇਆ ਜਦੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਵੀ ਜਥੇਦਾਰ ਸਾਹਿਬ ਅੱਗੇ ਕਈ ਗਲਤੀਆਂ ਮੰਨੀਆਂ ਸਨ। ਪਰ ਬਾਅਦ ਵਿੱਚ ਮੀਡੀਆ ਵਿਚ ਉਹਨਾਂ ਨੇ ਇਸ ਤੋਂ ਮੁੱਕਰ ਜਾਣਾ, ਪੰਥਕ ਧਿਰਾਂ ਵਿੱਚ ਵੱਡੇ ਸੰਦੇਹ ਦਾ ਕਾਰਣ ਬਣਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਵੱਡਾ ਸਵਾਲ — ਕੀ ਖ਼ਿਤਾਬ ਵਾਪਸ ਲਿਆ ਗਿਆ, ਜਾਂ ਸਿਰਫ਼ ਐਲਾਨ ਹੋਇਆ ?

ਮੀਟਿੰਗ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਨੇ ਕਿਹਾ ਕਿ—“ਦੱਸਿਆ ਗਿਆ ਕਿ ਖ਼ਿਤਾਬ ਵਾਪਸ ਲਿਆ ਗਿਆ, ਪਰ ਕੀ ਬਾਦਲ ਪਰਿਵਾਰ ਨੇ ਉਹ ਮੈਡਲ ਅਤੇ ਦਸਤਾਵੇਜ਼ ਅਸਲ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵਾਪਸ ਕੀਤਾ ਹੈ ? ਇਹ ਗੱਲ ਅਜੇ ਵੀ ਅਸਪੱਸ਼ਟ ਹੈ।”

ਆਗੂਆਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਤੋਂ ਬੇਨਤੀ ਕੀਤੀ ਹੈ ਕਿ ਪੂਰੀ ਸੰਗਤ ਨੂੰ ਖੁੱਲ੍ਹ ਕੇ ਦੱਸਿਆ ਜਾਵੇ:

☛ ਕੀ ਖ਼ਿਤਾਬ ਅਧਿਕਾਰਕ ਤੌਰ ’ਤੇ ਤਖ਼ਤ ਸਾਹਿਬ ਵਾਪਸ ਆ ਗਿਆ ਹੈ ?

☛ ਜੇ ਨਹੀਂ, ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇੱਕ ਸਾਲ ਵਿੱਚ ਇਸ ਹੁਕਮਨਾਮੇ ਦੀ ਪਾਲਣਾ ਕਿਉਂ ਨਹੀਂ ਕਰਵਾਈ ?

### ਸ਼੍ਰੋਮਣੀ ਕਮੇਟੀ ’ਤੇ ਗੰਭੀਰ ਇਲਜ਼ਾਮ

ਭਾਈ ਕਪਤਾਨ ਸਿੰਘ ਨੇ ਕਿਹਾ—“ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲਿਆਂ ਨੂੰ ਲਾਗੂ ਕਰਵਾਉਣਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਫ਼ਰਜ਼ ਹੈ। ਪਰ ਇੱਕ ਸਾਲ ਬਾਅਦ ਵੀ ਕੁਝ ਸਪੱਸ਼ਟ ਨਹੀਂ। ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਪੰਥ ਦੇ ਸਾਹਮਣੇ ਜਵਾਬਦੇਹ ਹਨ।” ਉਹਨਾਂ ਨੇ ਇਹ ਵੀ ਕਿਹਾ ਕਿ ਜੇ ਸ਼੍ਰੋਮਣੀ ਕਮੇਟੀ ਇਸ ਮਾਮਲੇ ’ਤੇ ਚੁੱਪ ਹੈ, ਤਾਂ ਇਹ ਪੰਥ ਵਿੱਚ ਸੰਦੇਹ ਨੂੰ ਹੋਰ ਮਜ਼ਬੂਤ ਕਰਦਾ ਹੈ।

### ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਭੂਮਿਕਾ ’ਤੇ ਵੀ ਨਿਸ਼ਾਨਾ

ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਕਰਵਾਈ ਨੂੰ ਪੰਥਕ ਪੱਖੋਂ ਨਿਰਾਸ਼ਾਜਨਕ ਕਰਾਰ ਦਿੱਤਾ। ਉਹਨਾਂ ਨੇ ਕਿਹਾ ਕਿ—

ਉਹ ਕਦੇ ਭਗੌੜੇ ਦਲ ਨਾਲ, ਤੇ ਕਦੇ ਪੰਜ ਮੈਂਬਰੀ ਕਮੇਟੀ ਨਾਲ — ਦੋਹਾਂ ਪਾਸਿਆਂ ਖੜ੍ਹੇ ਰਹੇ।

ਇੰਗਲੈਂਡ ਵਿੱਚ ਜਥੇਬੰਦੀਆਂ ਨਾਲ ਕੀਤੇ ਵਾਅਦੇ ਪੰਜਾਬ ਵਾਪਸੀ ’ਤੇ ਪੂਰੇ ਨਹੀਂ ਕੀਤੇ।

ਅਪਣੇ ਅਹੁਦੇ ਨੂੰ ਬਚਾਉਣ ਲਈ ਉਹਦੇ ਫ਼ੈਸਲੇ ਡਗਮਗ ਰਹੇ।

ਹੁਣ ਉਹਦੀ ਸਥਿਤੀ ਵੀ ਅਸਥਿਰ ਹੈ ਅਤੇ ਵਿਦੇਸ਼ਾਂ ਵਿੱਚ ਲੰਬੀ ਛੁੱਟੀ ਵੀ ਮਿੱਲ ਚੁੱਕੀ ਹੈ।

**ਆਗੂਆਂ ਨੇ ਕਿਹਾ—**“ਜਥੇਦਾਰ ਨੂੰ ਜੋ ਰੋਲ ਨਿਭਾਉਣਾ ਸੀ, ਉਹ ਉਹ ਨਹੀਂ ਕਰ ਸਕੇ ਅਤੇ ਅੱਜ ਸਿੱਖ ਕੌਮ ਉਸਦਾ ਭੁਗਤਾਨ ਕਰ ਰਹੀ ਹੈ।”

ਪੰਥਕ ਧਿਰਾਂ ਲਈ ਵੱਡਾ ਸੁਨੇਹਾ — ਪਹਿਲਾਂ ਏਕਤਾ, ਫਿਰ ਚੋਣ ਆਗੂਆਂ ਨੇ ਤਰਨਤਾਰਨ ਦੀ ਜ਼ਿਮਨੀ ਚੋਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਥਕ ਏਕਤਾ ਦੇ ਬਾਵਜੂਦ ਇਕੱਠ ਨਹੀਂ ਦਿਖਿਆ ਗਿਆ ਜੋ ਚਿੰਤਾਜਨਕ ਹੈ।

ਉਹਨਾਂ ਨੇ ਸਪੱਸ਼ਟ ਕਿਹਾ—“ਬੰਦੀਆਂ ਦੀ ਰਿਹਾਈ, ਪੰਜਾਬ ਦੇ ਪਾਣੀ, ਰਾਜਧਾਨੀ — ਇਹ ਸਾਰੇ ਸਿਆਸੀ ਮੁੱਦੇ ਹਨ। ਇਹਨਾਂ ਦਾ ਹੱਲ ਪੰਜਾਬ ਵਿਧਾਨ ਸਭਾ ਵਿੱਚੋਂ ਹੀ ਨਿਕਲੇਗਾ। ਪਰ ਇਸ ਲਈ ਪੰਥਕ ਏਕਤਾ ਲਾਜ਼ਮੀ ਹੈ।” ਉਹਨਾਂ ਨੇ ਕਿਹਾ ਕਿ ਜੇ ਏਕਤਾ ਨਹੀਂ, “ਤਾਂ ਚੋਣ ਨਾਂ ਲੜੀ ਜਾਣਾ ਬਿਹਤਰ ਹੈ।”

**ਨਤੀਜਾ —** ਪੰਥ ਉਡੀਕ ਵਿੱਚ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਤਖ਼ਤ ਸਾਹਿਬ ਦੇ ਜਵਾਬ ਦੀ ਲੋੜ

ਮੀਟਿੰਗ ਦੇ ਅੰਤ ਵਿੱਚ ਭਾਈ ਕਪਤਾਨ ਸਿੰਘ ਨੇ ਕਿਹਾ—“ਖ਼ਿਤਾਬ ਵਾਪਸ ਲੈਣ ਨਾਲ ਦੋ ਦਸੰਬਰ ਇਤਿਹਾਸ ਬਣ ਗਿਆ। ਪਰ ਜੇ ਹੁਕਮਨਾਮੇ ਲਾਗੂ ਨਾ ਹੋਣ, ਤਾਂ ਪੰਥ ਨੂੰ ਗੁੰਮਰਾਹ ਰੱਖਣ ਦੇ ਜ਼ਿੰਮੇਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅਕਾਲ ਤਖ਼ਤ ਸਾਹਿਬ ਦਾ ਪ੍ਰਸ਼ਾਸਨ ਬਣਦਾ ਹੈ।”

ਪੰਥਕ ਜਥੇਬੰਦੀਆਂ ਨੇ ਸਪੱਸ਼ਟ ਕਰ ਦਿੱਤਾ ਕਿ ਉਹ ਸੰਗਤ ਨੂੰ ਅਸਲ ਸਥਿਤੀ ਜਾਣਨ ਦਾ ਅਧਿਕਾਰ ਦਿਵਾਉਣਗੇ ਅਤੇ ਇਸ ਮਾਮਲੇ ਨੂੰ ਅਗੇ ਵਧਾਉਣ ਲਈ ਜਲਦ ਨਵੀਆਂ ਮੀਟਿੰਗਾਂ ਵੀ ਬੁਲਾਈਆਂ ਜਾਣਗੀਆਂ। ●●

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ

# ਭਾਈ ਪ੍ਰਗਟ ਸਿੰਘ ਮੀਆਂਵਿੰਡ ਦੀ ਦਫ਼ਤਰ ਸਕੱਤਰ ਵਜੋਂ ਨਿਯੁਕਤੀ





**ਅੰਮ੍ਰਿਤਸਰ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਪਾਰਟੀ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ, ਭਾਈ ਪ੍ਰਗਟ ਸਿੰਘ ਮੀਆਂਵਿੰਡ ਜੀ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਦਫ਼ਤਰ ਸਕੱਤਰ ਨਿਯੁਕਤ ਕੀਤਾ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਭਾਈ ਪ੍ਰਗਟ ਸਿੰਘ ਮੀਆਂਵਿੰਡ ਲੰਮੇ ਸਮੇਂ ਤੋਂ ਪੰਥਕ ਨਿਸ਼ਠਾ, ਨਿਸ਼ਕਾਮ ਸੇਵਾ, ਲੋਕ ਹੱਕਾਂ ਦੀ ਆਵਾਜ਼ ਅਤੇ ਸਿਧਾਂਤਾਂ 'ਤੇ ਚੱਲਦਿਆਂ, ਪਾਰਟੀ ਅਤੇ ਕੌਮ ਲਈ ਮਹੱਤਵਪੂਰਨ ਯੋਗਦਾਨ ਪਾਉਂਦੇ ਆ ਰਹੇ ਹਨ। ਉਨ੍ਹਾਂ ਦੀ ਸਾਦਗੀ ਅਤੇ ਸੋਚ ਅਤੇ ਪਾਰਟੀ ਪ੍ਰਤੀ ਸਮਰਪਣ ਨੇ ਹਮੇਸ਼ਾ ਪਾਰਟੀ ਨੂੰ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਨਵੇਂ ਦਫ਼ਤਰ ਸਕੱਤਰ ਵਜੋਂ ਭਾਈ ਪ੍ਰਗਟ ਸਿੰਘ ਦਫ਼ਤਰ ਦੇ ਰਾਹੀਂ ਪਾਰਟੀ ਦੇ ਕਾਰਜਾਂ ਨੂੰ ਸੁਧਾਰਨ, ਦਿਨ-ਪ੍ਰਤੀਦਿਨ ਗਤੀਵਿਧੀਆਂ ਨੂੰ ਸੁਚਾਰੂ ਬਣਾਉਣ, ਵਰਕਰਾਂ ਨਾਲ ਸੰਪਰਕ ਵਧਾਉਣ ਅਤੇ ਪਾਰਟੀ ਦੇ ਪੰਥਕ ਅਤੇ ਲੋਕਤੰਤਰਿਕ ਸੁਨੇਹੇ ਨੂੰ ਵਿਆਪਕ ਤੌਰ 'ਤੇ ਲੋਕਾਂ ਤੱਕ ਪਹੁੰਚਾਉਣ ਵਿੱਚ ਕੇਂਦਰੀ ਭੂਮਿਕਾ ਨਿਭਾਉਣਗੇ। ਬਾਪੂ ਤਰਸੇਮ ਸਿੰਘ ਜੀ ਨੇ ਇਹ ਵੀ ਦੱਸਿਆ ਕਿ ਦਫ਼ਤਰ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ, ਇਸ ਲਈ ਦਫ਼ਤਰ ਰਾਹੀਂ ਲੋਕ ਮਸਲਿਆਂ, ਜਨਤਕ ਹੱਕਾਂ ਦੀ ਲੜਾਈ, ਸਰਕਾਰੀ ਧੱਕੇਸ਼ਾਹੀ ਵਿਰੁੱਧ ਅਵਾਜ਼, ਅਤੇ ਪੰਥਕ ਸਰੋਕਾਰਾਂ ਦੀ ਰੱਖਿਆ ਨੂੰ ਹੋਰ ਮਜ਼ਬੂਤ ਤਰੀਕੇ ਨਾਲ ਅੱਗੇ ਵਧਾਇਆ ਜਾਵੇਗਾ। ਇਸ ਨਿਯੁਕਤੀ ਨਾਲ ਪਾਰਟੀ ਦਾ ਢਾਂਚਾ ਹੋਰ ਮਜ਼ਬੂਤ ਹੋਵੇਗਾ। ਅੰਤ ਵਿੱਚ, ਬਾਪੂ ਤਰਸੇਮ ਸਿੰਘ ਜੀ ਨੇ ਸਮੂਹ ਵਰਕਰਾਂ, ਜ਼ਿਲ੍ਹਾ ਅਤੇ ਹਲਕਾ ਪੱਧਰ ਦੇ ਜ਼ਿੰਮੇਵਾਰ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਦਫ਼ਤਰ ਨਾਲ ਆਪਣਾਂ ਤਾਲਮੇਲ ਹੋਰ ਮਜ਼ਬੂਤ ਕਰਨ, ਨਵੇਂ ਦਫ਼ਤਰ ਸਕੱਤਰ ਨੂੰ ਹਰ ਸੰਭਵ ਸਹਿਯੋਗ ਦੇਣ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪੰਥਕ ਮਿਸ਼ਨ ਨੂੰ ਘਰ-ਘਰ ਤੱਕ ਲਿਜਾਣ ਲਈ ਆਪਣਾ ਪੂਰਾ ਯੋਗਦਾਨ ਪਾਉਣ। ਇਸ ਨਿਯੁਕਤੀ ਸਮੇਂ ਬਾਪੂ ਤਰਸੇਮ ਸਿੰਘ ਵੱਲੋਂ ਭਾਈ ਪ੍ਰਗਟ ਸਿੰਘ ਮੀਆਂਵਿੰਡ ਨੂੰ ਸਿਰੋਪਾਓ ਦੇਕੇ ਮੂੰਹ ਮਿੱਠਾ ਕਰਵਾਇਆ ਅਤੇ ਇਸ ਮੌਕੇ ਤੇ ਮੁੱਖ ਤੌਰ ਤੇ ਭਾਈ ਹਰਭਜਨ ਸਿੰਘ ਤੁੜ, ਚਾਚਾ ਪ੍ਰਗਟ ਸਿੰਘ ਜੀ, ਭਾਈ ਕੁਲਵੰਤ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਰਬਜੀਤ ਸਿੰਘ ਖ਼ਾਨਕੋਟ, ਭਾਈ ਚਰਨਦੀਪ ਸਿੰਘ ਭਿੰਡਰ, ਬਾਬਾ ਜਰਮਨਜੀਤ ਸਿੰਘ, ਸ੍ਰ ਬਲਦੇਵ ਸਿੰਘ, ਭਾਈ ਸੁਖਚੈਨ ਸਿੰਘ, ਸ੍ਰ ਮੇਜਰ ਸਿੰਘ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਪਰਮਿੰਦਰ ਸਿੰਘ ਅਤੇ ਭਾਈ ਪਵਿੱਤਰ ਸਿੰਘ ਵੀ ਮੌਜੂਦ ਸਨ।

### ਪੰਜਾਬ ਸਰਕਾਰ ਸਿੱਖ ਸਿਧਾਂਤਾਂ ਤੇ ਪ੍ਰੰਪਰਾਵਾਂ ਵਿਰੁੱਧ ਕਰਵਾ ਰਹੀ

# 'ਵੀਰ ਬਾਲ ਦਿਵਸ' ਸਮਾਗਮ ਤੁਰੰਤ ਰੱਦ ਕਰੇ - ਭਾਈ ਅਤਲਾ



ਨਵੀਂ ਦਿੱਲੀ, 4 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਪੰਜਾਬ ਸਰਕਾਰ ਵੱਲੋਂ 12 ਦਸੰਬਰ 2025 ਨੂੰ ਲੁਧਿਆਣਾ ਵਿਖੇ ਆਯੋਜਤ ਕੀਤੇ ਜਾ ਰਹੇ ਰਾਜ ਪੱਧਰੀ 'ਵੀਰ ਬਾਲ ਦਿਵਸ' 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਇਸ ਨੂੰ ਸਿੱਖ ਸਿਧਾਂਤਾਂ ਤੇ ਪ੍ਰੰਪਰਾਵਾਂ ਵਿਰੁੱਧ ਕਰਾਰ ਦਿੱਤਾ ਹੈ। ਭਾਈ ਅਤਲਾ ਨੇ ਕਿਹਾ ਕਿ ਸਿੱਖ ਸਿਧਾਂਤਾਂ, ਰਵਾਇਤਾਂ, ਪਰੰਪਰਾਵਾਂ ਅਤੇ ਕਦਰਾਂ ਕੀਮਤਾਂ ਦੇ ਵਿਰੁੱਧ ਕੋਈ ਵੀ ਕਾਰਵਾਈ ਸਿੱਖ ਮਾਨਸਿਕਤਾ ਨੂੰ ਸੱਟ ਮਾਰਦੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਵੀਰ ਬਾਲ ਦਿਵਸ ਸਬੰਧੀ ਕੀਤੇ ਨਿਰਦੇਸ਼ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਦੀ ਪਵਿੱਤਰਤਾ ਨੂੰ ਠੇਸ ਪਹੁੰਚਾਉਣ ਅਤੇ ਘੱਟ ਕਰਨ ਵਾਲੇ ਹਨ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਬਾਲ ਸੰਗਿਆ ਨਾਲ ਜੋੜ ਕੇ ਵੀਰ ਬਾਲ ਦਿਵਸ ਤੱਕ ਸੀਮਤ ਰੱਖਣਾ ਸ਼ਹਾਦਤਾਂ ਦੀ ਭਾਵਨਾ ਤੇ ਸਿੱਖ ਰਵਾਇਤਾਂ ਦੇ ਵਿਰੁੱਧ ਹੈ। ਸਿੱਖ ਇਤਿਹਾਸ ਅਤੇ ਪ੍ਰੰਪਰਾਵਾਂ ਦੇ ਮੱਦੇਨਜ਼ਰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀਆਂ ਲਾਸਾਨੀ ਕੁਰਬਾਨੀਆਂ ਵੱਡੇ ਯੋਧਿਆਂ ਵਰਗੀਆਂ ਹਨ, ਇਸੇ ਲਈ ਸਾਹਿਬਜ਼ਾਦਿਆਂ ਨੂੰ ਸੰਬੋਧਨ ਸਮੇਂ ਬਾਬਾ ਸ਼ਬਦ ਨਾਲ ਸਤਿਕਾਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹੁਣ 'ਵੀਰ ਬਾਲ ਦਿਵਸ' ਦੇ ਪ੍ਰੋਗਰਾਮ ਤਹਿਤ ਫੈਸੀ ਡਰੈੱਸ ਮੁਕਾਬਲੇ ਦੇ ਨਾਂ 'ਤੇ ਮਾਤਾ ਗੁਜਰੀ ਜੀ, ਛੋਟੇ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਡਰੈੱਸ ਪਵਾ ਕੇ ਸਕੂਲਾਂ ਵਿਚ ਮੁਕਾਬਲੇ ਕਰਵਾਉਣ ਦਾ ਅਮਲ ਸਿੱਖ ਮਰਯਾਦਾ ਦੇ ਖਿਲਾਫ ਹੈ ।ਭਾਈ ਅਤਲਾ ਨੇ ਕਿਹਾ ਕਿ ਵੀਰ ਬਾਲ ਦਿਵਸ ਸਬੰਧੀ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਕੇਂਦਰ ਸਰਕਾਰ ਨੂੰ ਇਸ ਦਾ ਨਾਮ ਬਦਲਣ ਲਈ ਲਿਖਿਆ ਗਿਆ ਸੀ, ਪਰ ਸਰਕਾਰ ਨੇ ਇਸ ਨੂੰ ਅੱਜ ਤੱਕ ਗੰਭੀਰਤਾ ਨਾਲ ਨਹੀਂ ਲਿਆ। ਇਸ ਸਬੰਧ ਵਿੱਚ ਸਿੱਖ ਕੌਮ ਦਾ ਜੋ ਖਦਸ਼ਾ ਸੀ ਉਸੇ ਦਾ ਹੀ ਨਤੀਜਾ ਹੈ ਕਿ ਸਿੱਖ ਪਰੰਪਰਾਵਾਂ ਦੇ ਵਿਰੁੱਧ ਜਾ ਕੇ ਹੁਣ ਸਾਹਿਬਜ਼ਾਦਿਆਂ ਦੇ ਕਿਰਦਾਰ ਬੱਚਿਆਂ ਪਾਸੋਂ ਕਰਵਾਉਣ ਦੀਆਂ ਹਰਕਤਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਸਿੱਖ ਵਿਰੋਧੀ ਵਰਤਾਰੇ ਦੀ ਜਿੰਮੇਵਾਰੀ ਸਿੱਧੇ ਤੌਰ 'ਤੇ ਕੇਂਦਰ ਸਰਕਾਰ ਅਤੇ ਸਬੰਧਤ ਸੂਬਾ ਸਰਕਾਰਾਂ ਦੀ ਬਣਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਸਿੱਖ ਜਗਤ ਕਦੇ ਵੀ ਪ੍ਰਵਾਨ ਨਹੀਂ ਕਰ ਸਕਦਾ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੇ ਸਿੱਖ ਵਿਰੋਧੀ ਪ੍ਰਗਟਾਵੇ ਵਾਲੇ ਸਮਾਗਮਾਂ ਵਿਚ ਆਪਣੇ ਬੱਚਿਆਂ ਨੂੰ ਸ਼ਮੂਲੀਅਤ ਤੋਂ ਰੋਕੇ, ਤਾਂ ਜੋ ਸਿੱਖ ਪ੍ਰੰਪਰਾਵਾਂ ਤੇ ਕਦਰਾਂ ਕੀਮਤਾਂ ਦੀ ਮੌਲਿਕਤਾ ਬਣੀ ਰਹੇ। ਉਹਨਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਹ ਸਾਰੇ ਪ੍ਰੋਗਰਾਮ ਰੱਦ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਵੱਡੇ ਫਰਕ ਨਾਲ ਜਿਤਾਂਗੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ : ਸੁਖਮਨ ਸਿੰਘ ਗੋਲਡੀ ਮੀਮਸਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵੱਡੇ ਫਰਕ ਨਾਲ ਜਿਤਾਗੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਦੀਆਂ ਚੋਣਾਂ ਵੱਡੇ ਫਰਕ ਨਾਲ ਜਿਤਾਉਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਬਲਾਕ ਸੰਮਤੀ ਜੋਨ ਮੀਮਸਾਂ ਤੋਂ ਉਮੀਦਵਾਰ ਸੁਖਮਨ ਸਿੰਘ ਗੋਲਡੀ ਮੀਮਸਾਂ ਨੇ ਕੀਤਾ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਏਜੰਡੇ ਤੇ ਚੋਣਾਂ ਲੜ ਰਹੀ ਹੈ ਲੋਕਾਂ ਪਾਰਟੀ ਵੱਲੋਂ ਕੀਤੇ ਹੋਏ ਕੰਮਾਂ ਤੋਂ ਖ਼ੁਸ਼ ਹੋ ਕੇ ਪਾਰਟੀ ਦੇ ਨਿਸ਼ਾਨ ਨੂੰ ਵੋਟ ਪਾਉਣਗੇ,ਆਮ ਆਦਮੀ ਦੀ ਸਰਕਾਰ ਆਉਣ ਤੋਂ ਹਰ ਵਰਗ ਖ਼ੁਸ਼ ਹੈ ਤੋਂ ਦੂਜੇ ਪਾਸੇ ਹੋਰਨਾਂ ਸਿਆਸੀ ਪਾਰਟੀਆਂ ਕੋਲ ਵੋਟ ਮੰਗਣ ਨੂੰ ਲੈ ਕੇ ਕੋਈ ਵੀ ਏਜੰਡਾ ਨਹੀਂ ਹੈ ਉਨ੍ਹਾਂ ਨੂੰ ਹੁਣ ਲੋਕ ਨਕਾਰ ਚੁੱਕੇ ਹਨ। ਆਮ ਆਦਮੀ ਪਾਰਟੀ ਹਲਕੇ ਦੀਆਂ ਸਾਰੀਆਂ ਸੀਟਾਂ ਤੇ ਜਿੱਤ ਪ੍ਰਾਪਤ ਕਰੇਗੀ।

# ਜਿਲਾ ਪਰਿਸ਼ਦ, ਬਲਾਕ ਸੰਮਤੀ ਚੋਣਾਂ 'ਚ ਲੋਕ ਮੁੱਖ ਮੰਤਰੀ ਮਾਨ ਵੱਲੋਂ ਕੀਤੇ ਲੋਕ ਪੱਖੀ ਫੈਸਲਿਆਂ ਤੇ ਮੋਹਰ ਲਾਉਣਗੇ ਗੁਰਜੀਤ ਸਿੰਘ ਕਿਲਾ ਹਕੀਮਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਕੀਤੇ ਕ੍ਰਾਂਤੀਕਾਰੀ ਕੰਮਾਂ ਕਰਕੇ ਪੰਜਾਬ ਵਿੱਚ ਹੋ ਰਹੀਆਂ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵੱਡੇ ਫਰਕ ਨਾਲ ਜਿਤਾਉਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਜੋਨ ਧੰਦੀਵਾਲ ਤੋਂ ਉਮੀਦਵਾਰ ਗੁਰਜੀਤ ਸਿੰਘ ਕਿਲਾ ਹਕੀਮਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਲੋਕਾਂ ਦੇ ਵਿਸ਼ਵਾਸ ਨੂੰ ਮਜਬੂਤ ਕੀਤਾ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਪਿਛਲੀ ਵਾਰ ਨਾਲੋਂ ਵੀ ਵੱਡੇ ਬਹੁਮਤ ਨਾਲ ਦੁਬਾਰਾ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਸੂਬੇ ਦੇ ਦੋ ਮੁੱਢਲੇ ਅਤੇ ਅਹਿਮ ਥੰਮ੍ਹਾ-ਸਿੱਖਿਆ ਅਤੇ ਸਿਹਤ-ਨੂੰ ਪਹਿਲ ਦੇਣ ਦਾ ਵਾਅਦਾ ਕੀਤਾ ਸੀ, ਜਿਸ ਨੂੰ ਸਰਕਾਰ ਨੇ ਪੂਰੀ ਇਮਾਨਦਾਰੀ ਨਾਲ ਨਿਭਾਇਆ ਹੈ। ਉਨ੍ਹਾਂ ਕਿਹਾ ਸਰਕਾਰ ਨੇ ਮਹਾਨ ਵਿੱਦਿਅਕ ਅਤੇ ਸਿਹਤ ਪ੍ਰਣਾਲੀ ਦੀ ਨੀਂਹ ਰੱਖਣ ਲਈ ਵੱਡੇ ਪੱਧਰ 'ਤੇ ਕਈ ਮੁਹਿੰਮਾਂ ਸ਼ੁਰੂ ਕੀਤੀਆਂ ਹਨ, ਜਿਸ ਨਾਲ ਲੋਕਾਂ ਦਾ ਵਿਸ਼ਵਾਸ ਮੁੜ ਬਹਾਲ ਹੋਇਆ ਹੈ। ਨੇੜੇ ਹੀ ਬਿਹਤਰ ਇਲਾਜ ਮਿਲ ਰਿਹਾ ਹੈ। ਡਾ. ਦਿਲਾਂ ਵਿੱਚ ਆਪਣੀ ਜਗ੍ਹਾ ਬਣਾਈ ਹੈ। ਪੰਜਾਬ ਇਨਫਟੋਕ ਦੇ ਚੇਅਰਮੈਨ ਹੋਣ ਦੇ ਨਾਤੇ, ਡਾ. ਜਵੰਧਾ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਦੀ ਸਰਕਾਰ ਦੇ ਡਿਜੀਟਲ ਇੰਡੀਆ ਮਿਸ਼ਨ ਨੂੰ ਪੰਜਾਬ ਵਿੱਚ ਲਾਗੂ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਟੈਕਨਾਲੋਜੀ ਦੀ ਵਰਤੋਂ ਕਰਕੇ ਸਰਕਾਰੀ ਸੇਵਾਵਾਂ ਨੂੰ ਆਨਲਾਈਨ ਕਰਨਾ ਅਤੇ ਨੌਜਵਾਨਾਂ ਨੂੰ ਆਈ.ਟੀ. ਖੇਤਰ ਵਿੱਚ ਰੁਜਗਾਰ ਲਈ ਤਿਆਰ ਕਰਨਾ ਉਨ੍ਹਾਂ ਦੀ ਪ੍ਰਮੁੱਖਤਾ ਹੈ। ਅੰਤ ਵਿੱਚ, ਉਨ੍ਹਾਂ ਨੇ ਸਪੱਸ਼ਟ ਕੀਤਾ ਕਿ 'ਆਪ ਸਰਕਾਰ ਜਨਤਾ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਪ੍ਰਤੀਬੱਧ ਹੈ ਅਤੇ ਲੋਕਾਂ ਦਾ ਅਥਾਹ ਸਮਰਥਨ ਇਸ ਗੱਲ ਦਾ ਸਬੂਤ ਹੋ ਕਿ ਸੂਬੇ ਵਿੱਚ ਤਬਦੀਲੀ ਆ ਚੁੱਥੀ ਹੈ। ਉਨ੍ਹਾਂ ਦਾਅਵਾ ਕੀਤਾ, "ਮੈਂ ਪੂਰੇ ਵਿਸ਼ਵਾਸ ਨਾਲ ਕਹਿ ਸਕਦਾ ਹਾਂ ਕਿ 2027 ਵਿੱਚ 'ਆਪ' ਇੱਕ ਵਾਰ ਫਿਰ ਵੱਡੇ ਬਹੁਮਤ ਨਾਲ ਸਰਕਾਰ ਬਣਾਏਗੀ, ਕਿਉਂਕਿ ਲੋਕ ਹੁਣ ਪੰਜਾਬ ਦੇ ਭਵਿੱਖ ਨੂੰ ਸਹੀ ਹੱਥਾਂ ਵਿੱਚ ਦੇਖ ਰਹੇ ਹਨ।

# ਸਵਰਨਜੀਤ ਕੌਰ ਨੇ ਪੁੰਨਾਵਾਲ ਜੋਨ ਤੋਂ ਆਪ ਦੇ ਉਮੀਦਵਾਰ ਵਜੋਂ ਕਾਗਜ ਦਾਖਲ ਕੀਤੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਪੁੰਨਾਵਾਲ ਤੋਂ ਪਾਰਟੀ ਸਕੱਤਰ ਦਰਸਨ ਸਿੰਘ ਦੀ ਨੂੰਹ ਸਵਰਨਜੀਤ ਕੌਰ ਨੇ ਪੁੰਨਾਵਾਲ, ਪੇਧਨੀ ਜੋਨ ਤੋਂ ਆਪ ਦੇ ਉਮੀਦਵਾਰ ਵਜੋਂ ਕਾਗਜ ਦਾਖਲ ਕੀਤੇ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਵਰਨਜੀਤ ਕੌਰ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਓਐਸਡੀ ਸ, ਰਾਜਵੀਰ ਸਿੰਘ ਓਐਸਡੀ ਸ, ਸੁਖਬੀਰ ਸਿੰਘ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ, ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੀ ਹੈ, ਜਿਨਾਂ ਨੇ ਮੇਰੇ ਤੇ ਵਿਸ਼ਵਾਸ ਪ੍ਰਗਟ ਕਰਕੇ ਮੈਨੂੰ ਪੁੰਨਾਵਾਲ, ਪੇਧਨੀ ਜੋਨ ਤੋਂ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਮੈਂ ਉਹਨਾਂ ਨੂੰ ਵਿਸ਼ਵਾਸ ਦਵਾਉਂਦੀ ਹਾਂ ਕਿ ਇਹ ਸੀਟ ਵੱਡੇ ਮਾਰਜਨ ਨਾਲ ਜਿੱਤ ਕੇ ਉਹ ਪਾਰਟੀ ਦੀ ਝੋਲੀ ਪਾਉਣਗੇ।

# ਕੁਲਵਿੰਦਰ ਸਿੰਘ ਨੇ ਪੁਨਰ ਸੁਰਜੀਤ ਦੀ ਹਮਾਇਤ ਨਾਲ ਬਾਲੀਆਂ ਜੋਨ ਤੋਂ ਕਾਗਜ਼ ਦਾਖਲ ਕੀਤੇ



ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਭਾਈ ਗੋਬਿੰਦ ਸਿੰਘ ਲੌਂਗੋਵਾਲ, ਅਮਨਵੀਰ ਸਿੰਘ ਚੈਰੀ, ਜਸਵੰਤ ਸਿੰਘ ਭੱਠਲ , ਪਰਮਜੀਤ ਸਿੰਘ ਪੰਮਾ ਬਾਠ ਦੀ ਅਗਵਾਈ ਹੇਠ ਕੁਲਵਿੰਦਰ ਸਿੰਘ ਨੇ ਬਾਲੀਆਂ ਜੋਨ ਤੋਂ ਕਾਗਜ਼ ਦਾਖਲ ਕੀਤੇ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਹੈ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਿਆ ਹੈ, ਸਰਕਾਰ ਨੇ, ਲੋਕਾਂ ਵਿੱਚ ਇਨਾ ਬਦਲਾਅ ਲਿਆ ਦਿੱਤਾ ਕਿ ਲੋਕ ਹੁਣ ਆਮ ਆਦਮੀ ਪਾਰਟੀ ਦਾ ਨਾਂ ਲੈਣਾ ਵੀ ਪਸੰਦ ਨਹੀਂ ਕਰਦੇ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਹੋ ਰਹੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀਆਂ ਦੀਆਂ ਚੋਣਾਂ ਵਿੱਚਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਮਰਥਨ ਦੇ ਨਾਲ ਉਮੀਦਵਾਰ ਵੱਡੀ ਗਿਣਤੀ ਵਿੱਚ ਜਿੱਤ ਪ੍ਰਾਪਤ ਕਰਨਗੇ ।

### ਤਖ਼ਤ ਪਟਨਾ ਸਾਹਿਬ ਕਮੇਟੀ ਦੇ ਅਧਿਕਾਰੀਆਂ ਨੇ

# ਦੁਬਈ ਗੁਰਦੁਆਰੇ ਵਿੱਚ ਕੀਤੀ ਸ਼ਿਰਕਤ



**ਨਵੀਂ ਦਿੱਲੀ, 4 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਤਖ਼ਤ ਪਟਨਾ ਸਾਹਿਬ ਕਮੇਟੀ ਦੇ ਸੀਨੀਅਰ ਉਪ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਅਤੇ ਮਹਾਂਸਚਿਵ ਸਰਦਾਰ ਇੰਦਰਜੀਤ ਸਿੰਘ ਨੇ ਦੁਬਈ ਦੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਵਿੱਚ ਆਯੋਜਿਤ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਵਿੱਚ ਭਾਗ ਲੈ ਕੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਸੁਰਿੰਦਰ ਸਿੰਘ ਕੰਧਾਰੀ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਸਰਦਾਰ ਲਖਵਿੰਦਰ ਸਿੰਘ ਅਤੇ ਸਰਦਾਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਪੂਰੀ ਦੁਨੀਆ ਦੇ ਬਾਰ੍ਹਾਂ ਦੇਸ਼ਾਂ ਤੋਂ ਸਿੱਖ ਨੁਮਾਇੰਦਿਆਂ ਨੇ ਸਮਾਗਮ ਵਿੱਚ ਭਾਗ ਲਿਆ, ਜਿੱਥੇ ਉਨ੍ਹਾਂ ਨੇ ਤਖ਼ਤ ਪਟਨਾ ਸਾਹਿਬ ਦੇ ਪ੍ਰਤੀਨਿਧੀਆਂ ਵਜੋਂ ਹਾਜ਼ਰੀ ਭਰੀ। ਉਨ੍ਹਾਂ ਨੇ ਕਿਹਾ ਕਿ ਦੁਬਈ ਗੁਰਦੁਆਰਾ ਬਣਨ ਤੋਂ ਲੈ ਕੇ ਅੱਜ ਤੱਕ ਤਖ਼ਤ ਪਟਨਾ ਸਾਹਿਬ ਦੀ ਓਰੋਂ ਕਿਸੇ ਵੀ ਅਧਿਕਾਰੀ ਨੇ ਇਥੇ ਹੋਣ ਵਾਲੇ ਵੱਡੇ ਸਮਾਗਮ ਵਿੱਚ ਸ਼ਮੂਲੀਅਤ ਨਹੀਂ ਕੀਤੀ ਸੀ। ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਸਰਦਾਰ ਇੰਦਰਜੀਤ ਸਿੰਘ ਅਤੇ ਸਰਦਾਰ ਲਖਵਿੰਦਰ ਸਿੰਘ ਵੱਲੋਂ ਸਰਦਾਰ ਸੁਰਿੰਦਰ ਸਿੰਘ ਕੰਧਾਰੀ ਅਤੇ ਉਨ੍ਹਾਂ ਦੀ ਟੀਮ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਤਖ਼ਤ ਸਾਹਿਬ ਆਉਣ ਦਾ ਨਿਯੋਤਾ ਵੀ ਦਿੱਤਾ ਗਿਆ।ਸਰਦਾਰ ਇੰਦਰਜੀਤ ਸਿੰਘ ਅਤੇ ਸਰਦਾਰ ਲਖਵਿੰਦਰ ਸਿੰਘ ਨੇ ਕਿਹਾ ਕਿ ਦੁਬਈ ਗੁਰਦੁਆਰਾ ਸਾਹਿਬ ਦੀ ਸਫ਼ਾਈ ਅਤੇ ਬਿਹਤਰ ਪ੍ਰਬੰਧ ਦੇਖ ਕੇ ਉਹਨਾਂ ਨੂੰ ਬਹੁਤ ਹੀ ਖੁਸ਼ੀ ਮਹਿਸੂਸ ਹੋਈ।

### ਆਮ ਆਦਮੀ ਪਾਰਟੀ ਵੱਲੋਂ ਮਾਣੂੰਕੇ ਜੋਨ ਤੋਂ

# ਬੀਬੀ ਸ਼ਹਿਰੀਨ ਕੌਰ ਖਾਲਸਾ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਲੜਨ ਲਈ ਚੋਣ ਮੈਦਾਨ ਵਿੱਚ



ਲੁਧਿਆਣਾ -(ਵਰਿਆਮ ਹਠੂਰ) ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਜਿੱਥੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਆਪੋ-ਆਪਣੇ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਜਾ ਰਿਹਾ ਹੈ। ਉੱਥੇ ਆਮ ਆਦਮੀ ਪਾਰਟੀ ਵੱਲੋਂ ਹਲਕਾ ਜਗਰਾਉਂ ਦੇ ਮਾਣੂੰਕੇ ਜੋਨ ਤੋਂ ਬੀਬੀ ਸ਼ਹਿਰੀਨ ਕੌਰ ਖਾਲਸਾ ਧਰਮ ਪਤਨੀ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਨੂੰ ਚੋਣ ਮੈਦਾਨ ਵਿੱਚ ਉਤਾਰ ਦਿੱਤਾ ਗਿਆ, ਹਲਕਾ ਜਗਰਾਉਂ ਤੋਂ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਟੀਮ ਵੱਲੋਂ ਬੀਬੀ ਸ਼ਹਿਰੀਨ ਕੌਰ ਖਾਲਸਾ ਦੇ ਨਾਮਜ਼ਦਗੀ ਪੱਤਰ ਦਫ਼ਤਰ ਦਾਖਲ ਕਰਵਾਏ, ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਜਗਰਾਉਂ ਤੋਂ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਹਲਕਾ ਜਗਰਾਉਂ ਦੇ ਮਾਣੂੰਕੇ ਜੋਨ ਤੋਂ ਬੀਬੀ ਸ਼ਹਿਰੀਨ ਕੌਰ ਖਾਲਸਾ ਧਰਮ ਪਤਨੀ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਨੂੰ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਤੇ ਮਾਣੂੰਕੇ ਜੋਨ ਦੇ ਸਮੂਹ ਪਿੰਡਾਂ ਦੇ ਵੋਟਰਾਂ ਨੂੰ ਅਪੀਲ ਕੇ ਬੀਬੀ ਸ਼ਹਿਰੀਨ ਕੌਰ ਖਾਲਸਾ ਨੂੰ ਆਪਣਾ ਕੀਮਤੀ ਵੋਟ ਦੇਣ, ਤੇ ਵੱਡੀ ਲੀਡ ਨਾਲ ਜਿਤਾਉਣ, ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਕਿਹਾ ਕਿ ਵੋਟਰ ਆਪੋ ਆਪਣੇ ਜੋਨ ਮੁਤਾਬਿਕ ਆਮ ਆਦਮੀ ਪਾਰਟੀ ਦੇ ਸਾਰੇ ਹੀ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰਾਂ ਅਤੇ ਬਲਾਕ ਸੰਮਤੀ ਦੇ ਉਮੀਦਵਾਰਾਂ ਨੂੰ ਆਪਣਾ ਕੀਮਤੀ ਵੋਟ ਦੇਣ, ਤਾਂ ਜੋ ਪਾਰਟੀ ਨੂੰ ਹੋਰ ਬਲ ਮਿਲ ਸਕੇ, ਇਸ ਮੌਕੇ ਗੱਲਬਾਤ ਕਰਦਿਆਂ ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਬੀਬੀ ਸ਼ਹਿਰੀਨ ਕੌਰ ਖਾਲਸਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਭਰੋਸਾ ਕਰਕੇ ਮੈਨੂੰ ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਲੜਨ ਲਈ ਚੋਣ ਮੈਦਾਨ ਵਿੱਚ ਉਤਾਰਿਆ ਹੈ। ਮੈਂ ਸਤਿਕਾਰਯੋਗ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਹਾਈ ਕਮਾਂਡ ਦਾ ਧੰਨਵਾਦ ਕਰਦੀ ਹਾਂ, ਤੇ ਜਿਸ ਤਰ੍ਹਾਂ ਵੋਟਰਾਂ ਵਿੱਚ ਭਾਰੀ ਉਤਸ਼ਾਹ ਹੈ। ਉਮੀਦ ਕਰਦੀ ਹਾਂ ਕਿ ਵੱਡੀ ਲੀਡ ਨਾਲ



### ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੋਟ ਦੇਣ ਦੀ ਕੀਤੀ ਅਪੀਲ

ਜਿੱਤ ਹਾਸਲ ਕਰਾਂਗੇ, ਇਸ ਮੌਕੇ ਉਮੀਦਵਾਰ ਬੀਬੀ ਸ਼ਹਿਰੀਨ ਕੌਰ ਖਾਲਸਾ ਦੇ ਪਤੀ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਨੇ ਕਿਹਾ ਮਾਣੂੰਕੇ ਜੋਨ ਵਿੱਚ ਪੈਂਦੇ ਪਿੰਡ ਰਸੂਲਪੁਰ (ਮੱਲ੍ਹਾ), ਖੋਸਾ, ਨਵਾਂ ਡੱਲਾ, ਮੱਲਾਂ, ਡੱਲਾ, ਦੇਹੜਕਾ, ਭੰਮੀਪੁਰਾ, ਲੰਮਾ, ਬੱਸੂਵਾਲ, ਮਾਣੂੰਕੇ, ਲੱਖਾ, ਚਕਰ, ਹਠੂਰ, ਬੁਰਜ ਕਲਾਰਾ, ਆਦਿ ਪਿੰਡਾਂ ਦੇ ਵੋਟਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਤੇ ਵੋਟਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਮਾਣੂੰਕੇ ਜੋਨ ਦੇ ਪਿੰਡਾਂ ਦੇ ਵੋਟਰਾਂ ਨਾਲ ਰਾਬਤਾ ਕਾਇਮ ਕਰਕੇ ਸ਼ਹਿਰੀਨ ਕੌਰ ਖਾਲਸਾ ਨੂੰ ਵੱਡੀ ਲੀਡ ਨਾਲ ਜਿਤਾਉਣ ਲਈ ਅਪੀਲ ਕਰਾਂਗੇ, ਤੇ ਸਾਨੂੰ ਪੂਰੀ ਉਮੀਦ ਹੈ ਕਿ ਮਾਣੂੰਕੇ ਜੋਨ ਦੇ ਵੋਟਰ ਵੱਡੀ ਲੀਡ ਨਾਲ ਜਿੱਤ ਹਾਸਲ ਕਰਵਾਉਣਗੇ, ਅੰਤ ਵਿੱਚ ਉਨ੍ਹਾਂ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਹਾਈ ਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ, ਇਸ ਮੌਕੇ ਪ੍ਰੋਫੈਸਰ ਸੁਖਵਿੰਦਰ ਸਿੰਘ ਸਮੇਤ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜ਼ਿਲ੍ਹਾ ਪ੍ਰੀਸ਼ਦ ਜ਼ੋਨ ਮੀਮਸਾਂ ਤੋਂ ਰਛਪਾਲ ਸਿੰਘ ਭੁੱਲਰ ਨੇ ਵੱਡੇ ਕਾਫ਼ਲੇ ਸਮੇਤ ਕਾਗਜ਼ ਦਾਖਲ ਕੀਤੇ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਮੀਮਸਾਂ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਛਪਾਲ ਸਿੰਘ ਭੁੱਲਰ ਨੇ ਅੱਜ ਆਪਣੇ ਕਾਫਲੇ ਸਮੇਤ ਕਾਗਜ਼ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਦਾਖਲ ਕੀਤੇ ।ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਫਤਰ ਇੰਚਾਰਜ ਸ, ਦਲਬੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਗਗਨ ਜਵੰਦਾ, ਖਾਨ ਕਹੇਰੂ, ਇੰਦਰਜੀਤ ਸਿੰਘ ਘਨੌਰੀ, ਦਰਸਨ ਪਾਠਕ,ਪਰਮਜੀਤ ਸਿੰਘ ਕਾਂਝਲਾ , ਰਣਜੋਧ ਸਿੰਘ ਕਾਂਝਲਾ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਕਰਵਾਏ ਗਏ ਪ੍ਰੋਗਰਾਮਾਂ ਵਿਚ ਸਹਿਯੋਗ ਦੇਣ ਵਾਲੀ ਸੰਗਤ ਦਾ ਧੰਨਵਾਦ: ਬੀਬੀ ਰਣਜੀਤ ਕੌਰ



**ਨਵੀਂ ਦਿੱਲੀ 4 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਰਕਾਰ ਵਲੋਂ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਗਏ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਕਰਵਾਏ ਗਏ ਪ੍ਰੋਗਰਾਮਾਂ ਵਿਚ ਸਹਿਯੋਗ ਦੇਣ ਵਾਲੀਆਂ ਸਮੂਹ ਸ਼ਖਸ਼ੀਅਤਾਂ ਅਤੇ ਲੱਖਾਂ ਦੀ ਤਾਦਾਦ ਅੰਦਰ ਹਾਜ਼ਿਰੀ ਭਰ ਕੇ ਗੁਰੂ ਜਸ ਨਾਲ ਜੁੜਨ ਵਾਲੀ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਾਂਦਾ ਹੈ ਜਿਨ੍ਹਾਂ ਦੀ ਬਦੌਲਤ ਇਹ ਪ੍ਰੋਗਰਾਮ ਚੜ੍ਹਦੀਕਲਾ ਵਿਚ ਸੰਪੂਰਨ ਹੋਏ ਸਨ ।ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਪ੍ਰੈਸ ਬਿਆਨ ਰਾਹੀਂ ਕਿਹਾ ਇੰਨ੍ਹਾ ਪ੍ਰੋਗਰਾਮਾਂ ਵਿਚ ਹਿੱਸਾ ਲੈਣ ਵਾਲੇ ਵੱਖ ਵੱਖ ਸਕੂਲਾਂ ਦੇ ਬੱਚੇਆਂ ਜਿਨ੍ਹਾਂ ਨੇ ਗੁਰਬਾਣੀ ਦੇ ਸ਼ਬਦਾਂ ਨਾਲ ਸੰਗਤਾਂ ਨੂੰ ਜੋੜਿਆ ਓਥੇ ਵੱਖ ਵੱਖ ਗੱਤਕਾ ਟੀਮਾਂ ਨੇ ਵੀਂ ਪ੍ਰੋਗਰਾਮ ਵਿਚ ਹਿੱਸਾ ਲੈ ਕੇ ਗੱਤਕੇ ਦੇ ਜੌਹਰ ਦਿਖਾ ਕੇ ਸੰਗਤਾਂ ਨੂੰ ਆਪਣੇ ਵਿਰਸੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਸੀ । ਇਸ ਮੌਕੇ ਪੰਥ ਪ੍ਰਸਿੱਧ ਰਾਗੀ ਜਥੇਆਂ ਨੇ ਹਾਜ਼ਿਰੀ ਭਰ ਕੇ ਸੰਗਤਾਂ ਨੂੰ ਗੁਰੂ ਜਸ ਜੋੜਿਆ ਸੀ ਓਥੇ ਹੀ ਕਥਾਂਵਾਚਕਾ ਨੇ ਵੀਂ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖਾਂ ਦੀ ਸ਼ਹਾਦਤ ਬਾਰੇ ਇਤਿਹਾਸ ਸਾਂਝਾ ਕੀਤਾ ਸੀ । ਇਸ ਮੌਕੇ ਟਕਸਾਲ ਆਗੂ, ਨਿਹੰਗ ਜੱਥੇਬੰਦੀਆਂ ਦੇ ਆਗੂ, ਸੰਤ ਮਹਾਂਪੁਰਸ਼ਾ ਦੇ ਨਾਲ ਰਾਜਨੀਤਿਕ ਆਗੂਆਂ ਨੇ ਵੀਂ ਹਾਜ਼ਿਰੀ ਭਰ ਕੇ ਸੰਗਤਾਂ ਦੇ ਦਰਸ਼ਨ ਕੀਤੇ ਸਨ ਤੇ ਲੰਗਰ ਸੇਵਾ ਵਿਚ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਬਚਨ ਸਿੰਘ ਜੀ ਕਾਰ ਸੇਵਾ ਵਾਲਿਆਂ ਨਾਲ ਵਡੀ ਗਿਣਤੀ ਵਿਚ ਸੰਗਤਾਂ ਨੇ ਆਪ ਮੁਹਾਰੇ ਲੰਗਰਾਂ ਦੇ ਸਟਾਲ ਲਗਾ ਕੇ ਗੁਰੂ ਸਾਹਿਬ ਦੇ ਚਰਨਾਂ ਵਿਚ ਆਪਣੀ ਕਿਰਤ ਕਮਾਈ ਦਾ ਕੁਝ ਹਿੱਸਾ ਸੇਵਾ ਵਜੋਂ ਭੇਂਟ ਕੀਤਾ ਸੀ ਜਿਸ ਲਈ ਸਭ ਦਾ ਧੰਨਵਾਦ ਕੀਤਾ ਜਾਂਦਾ ਹੈ । ਇਸ ਪ੍ਰੋਗਰਾਮ ਦੇ ਨਾਲ ਨਾਲ ਨਿਕਾਲੀ ਗਈ ਧਰਮ ਰਖਿਅਕ ਯਾਤਰਾ ਵਿਚ ਵੀਂ ਹਿੱਸਾ ਲੈਣ ਵਾਲੀ ਸੰਗਤਾਂ ਦਾ ਧੰਨਵਾਦ ਕੀਤਾ ਜਾਂਦਾ ਹੈ । ਇਸ ਮੌਕੇ ਦਿੱਲੀ ਦੇ ਮੁੱਖਮੰਤਰੀ ਬੀਬਾ ਰੇਖਾ ਗੁਪਤਾ ਅਤੇ ਸਿੱਖ ਮੰਤਰੀ ਮਨਜਿੰਦਰ ਸਿੰਘ ਸਿਰਸਾ ਦੇ ਨਾਲ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਾਹਿਬ, ਸਕੱਤਰ ਸਾਹਿਬ ਅਤੇ ਮੈਂਬਰਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਜਾਂਦਾ ਹੈ ਜਿਨ੍ਹਾਂ ਦਿੱਲੀ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਸ਼ਤਾਬਦੀ ਪ੍ਰੋਗਰਾਮ ਦੇ ਬੇਮਿਸਾਲ ਇੰਤਜਾਮ ਕਰਵਾ ਕੇ ਇਸ ਨੂੰ ਯਾਦਗਾਰ ਬਨਾਣ ਵਿਚ ਕੌਈ ਕਸਰ ਨਹੀਂ ਛੱਡੀ ਸੀ ।

# ਸਾਂਝਾ ਫਰੰਟ ਵਲੋਂ ਭਗਵੰਤ ਮਾਨ ਸਰਕਾਰ 'ਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਮੰਗਾਂ ਤੋਂ ਟਾਲਾ ਵੱਟਣਾ ਦਾ ਦੋਸ਼

**ਜਲੰਧਰ 04 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 16 ਨਵੰਬਰ ਦੀ ਧੂਰੀ ਦੀ ਸਫਲ ਰੈਲੀ ਤੋਂ ਬਾਅਦ ਫਰੰਟ ਵੱਲੋਂ ਜਰਮਨਜੀਤ ਸਿੰਘ ਦੀ ਪ੍ਰਧਾਨਗੀ ਹੇਠ ਆਨ ਲਾਈਨ ਮੀਟਿੰਗ ਕੀਤੀ ਗਈ, ਜਿਸ ਵਿੱਚ ਸਤੀਸ਼ ਰਾਣਾ, ਕਰਮ ਸਿੰਘ ਧਨੋਆ, ਰਣਜੀਤ ਸਿੰਘ ਰਾਣਵਾਂ, ਧਨਵੰਤ ਸਿੰਘ ਭੱਠਲ, ਗਗਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਖਦੇਵ ਸਿੰਘ ਸੈਣੀ, ਸੁਰਿੰਦਰ ਰਾਮ ਕੁੱਸਾ, ਬੀ.ਐਸ. ਸੈਣੀ, ਜਗਦੀਸ਼ ਸਿੰਘ ਚਾਹਲ, ਪ੍ਰੇਮ ਚਾਵਲਾ, ਜਸਵੀਰ ਤਲਵਾੜਾ, ਬੋਬਿੰਦਰ ਸਿੰਘ ਅਤੇ ਦਿਗਵਿਜੇ ਪਾਲ ਨੇ ਕਿਹਾ ਕਿ ਸਾਂਝੇ ਫਰੰਟ' ਵੱਲੋਂ ਪੰਜਾਬ ਸਰਕਾਰ ਦੇ ਖ਼ਿਲਾਫ 16 ਨਵੰਬਰ ਨੂੰ ਧੂਰੀ ਵਿਖੇ ਵਿਸ਼ਾਲ ਰੈਲੀ ਅਤੇ ਰੋਸ ਮਾਰਚ ਕੀਤਾ ਗਿਆ ਸੀ ਜਿਸ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਭਰਪੂਰ ਸ਼ਮੂਲੀਅਤ ਕੀਤੀ ਗਈ ਸੀ। ਪ੍ਰੰਤੂ ਇਸ ਦੇ ਬਾਵਜੂਦ ਵੀ ਭਗਵੰਤ ਮਾਨ ਸਰਕਾਰ ਵੱਲੋਂ ਸਾਂਝੇ ਫਰੰਟ ਦੀਆਂ ਮੰਗਾਂ ਨੂੰ ਹੱਲ ਕਰਨ ਦਾ ਕੋਈ ਠੋਸ ਉਪਰਾਲਾ ਕਰਨ ਦੀ ਬਜਾਏ ਪੂਰੀ ਤਰ੍ਹਾਂ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਜਿਸ ਕਰਕੇ ਫਰੰਟ ਵੱਲੋਂ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਨੂੰ ਹੋਰ ਵਿਸ਼ਾਲ ਅਤੇ ਤਿੱਖਾ ਕਰਨ ਲਈ 23 ਦਸੰਬਰ ਨੂੰ ਲੁਧਿਆਣਾ ਵਿਖੇ ਸੂਬਾਈ ਮੀਟਿੰਗ ਕਰਨ ਦਾ ਫੈਸਲਾ ਕੀਤਾ ਗਿਆ ਹੈ ਅਤੇ ਇਸ ਤੋਂ ਪਹਿਲਾਂ ਸਾਂਝੇ ਫਰੰਟ ਵੱਲੋਂ ਦਸੰਬਰ ਮਹੀਨੇ ਦੇ ਤੀਸਰੇ ਹਫ਼ਤੇ ਵਿੱਚ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੂੰ ਮਿਲਣ ਦਾ ਫੈਸਲਾ ਕੀਤਾ ਗਿਆ ਹੈ। ਸਾਂਝੇ ਫਰੰਟ ਵੱਲੋਂ ਬਿਜਲੀ ਬੋਰਡ ਦੀਆਂ ਜਾਇਦਾਦਾਂ ਵੇਚਣ ਸਮੇਤ ਬਿਜਲੀ ਸੋਧ ਬਿੱਲ 2025 ਦਾ ਵਿਰੋਧ ਕੀਤਾ ਗਿਆ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਇਸ ਬਿੱਲ ਵਿਰੁੱਧ 8 ਦਸੰਬਰ ਨੂੰ ਪੰਜਾਬ ਦੇ ਵੱਖ ਵੱਖ ਥਾਵਾਂ 'ਤੇ ਕੀਤੇ ਜਾ ਰਹੇ ਐਕਸ਼ਨਾਂ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਇਸੇ ਤਰ੍ਹਾਂ ਸਾਂਝੇ ਫਰੰਟ ਵੱਲੋਂ ਪੰਜਾਬ ਰੋਡਵੇਜ਼ ਅਤੇ ਪੀ.ਆਰ.ਟੀ.ਸੀ. ਵਿੱਚ ਕਿਲੋਮੀਟਰ ਸਕੀਮ ਬੱਸਾਂ ਦਾ ਵਿਰੋਧ ਕਰਦੇ ਹੋਏ ਕੱਚੇ ਕਾਮਿਆਂ ਵੱਲੋਂ ਲੜੇ ਜਾ ਰਹੇ ਤਿੱਖੇ ਘੋਲ ਦੀ ਹਮਾਇਤ ਕੀਤੀ ਗਈ ਅਤੇ ਉਹਨਾ ਦੇ ਐਕਸ਼ਨਾਂ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸਾਂਝੇ ਫਰੰਟ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਨਾਲੋਂ 16% ਮਹਿੰਗਾਈ ਭੱਤਾ ਘੱਟ ਦਿੱਤਾ ਜਾ ਰਿਹਾ ਹੈ, ਇਸੇ ਤਰ੍ਹਾਂ ਮੁਲਾਜ਼ਮਾਂ ਦਾ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਅਤੇ ਏ.ਸੀ.ਪੀ. ਸਕੀਮ ਸਮੇਤ 37 ਭੱਤੇ ਪਿਛਲੇ 4 ਸਾਲਾਂ ਤੋਂ ਬੰਦ ਕੀਤੇ ਹੋਏ ਹਨ, ਪੰਜਾਬ ਸਰਕਾਰ ਵੱਲੋਂ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਤੇ ਇਸਦੇ ਰਹਿੰਦੇ ਦੂਜੇ ਭਾਗ ਨੂੰ ਠੰਡੇ ਬਸਤੇ ਵਿੱਚ ਪਾਇਆ ਹੋਇਆ ਹੈ, ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਨਹੀਂ ਕੀਤੀ ਜਾ ਰਹੀ।

### ਬਿਜਲੀ ਸੋਧ ਬਿੱਲ ਤੇ ਬੀਜ਼ ਬਿੱਲ ਦੇ ਵਿਰੋਧ ਵਿੱਚ

# ਪਾਵਰਕੌਮ ਦੇ ਸਭ ਤਹਿਸੀਲਾਂ ਤੇ ਲੱਗੇਗਾ ਤਿੰਨ ਘੰਟੇ ਧਰਨਾ



**ਮੋਗਾ, 4 ਦਸੰਬਰ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਅੱਜ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮੋਗਾ (ਪੰਜਾਬ) ਦੀ ਮੀਟਿੰਗ ਕਸ਼ਮੀਰ ਸਿੰਘ ਭੇਖਾ ਜ਼ਿਲ੍ਹਾ ਮੀਤ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੀ ਪ੍ਰਧਾਨਗੀ ਹੇਠ ਬੀਬੀ ਕਾਹਨ ਕੌਰ ਦੇ ਗੁਰੂ ਘਰ ਵਿੱਚ ਕੀਤੀ ਗਈ।ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤਹਿਤ 8 ਦਸੰਬਰ ਨੂੰ ਜ਼ਿਲ੍ਹਾ ਮੋਗਾ ਦੇ ਸਾਰੇ ਪਾਵਰਕੌਮ ਸਬ ਤਹਿਸੀਲਾਂ ਉੱਪਰ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਦੇ ਸਬੰਧ ਵਿੱਚ ਬਿਜਲੀ ਸੋਧ ਬਿੱਲ 2025, ਬੀਜ਼ ਬਿੱਲ 2025 ਅਤੇ ਚਾਰ ਲੇਬਰ ਕੋਡਜ਼ ਸਬੰਧੀ ਵਿਚਾਰ ਚਰਚਾ ਕੀਤੀ ਗਈ। ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਜ਼ਿਲ੍ਹਾ ਪ੍ਰਧਾਨ ਲੱਖੋਵਾਲ, ਬਲੌਰ ਸਿੰਘ ਪੈਨਸ਼ਨ ਜੂਨੀਅਨ ਪ੍ਰਧਾਨ ਫਰੀਦਕੋਟ , ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ, ਸੁਖਵਿੰਦਰ ਸਿੰਘ ਬਹਰਾਮਕੇ ਜ਼ਿਲ੍ਹਾ ਪ੍ਰਧਾਨ ਰਾਜੇਵਾਲ, ਅਮਰੀਕ ਸਿੰਘ ਮਸੀਤਾਂ ਜਨਰਲ ਸਕੱਤਰ ਪੰਜਾਬ ਪਾਵਰ ਕੌਮ ਐਂਡ ਟਰਾਸਕੋ ਪੈਨਸ਼ਨ ਯੂਨੀਅਨ, ਸੂਰਤ ਸਿੰਘ ਸੂਬਾ ਆਗੂ ਕੁਲ ਹਿੰਦ ਕਿਸਾਨ ਸਭਾ,ਸੁਖਜੀਤ ਸਿੰਘ ਲੰਡੇ ਕੇ ਬੀਕੇਯੂ ਉਗਰਾਹਾਂ ਨੇ ਮੀਟਿੰਗ ਦੌਰਾਨ ਪ੍ਰੈਸ ਨੋਟ ਜ਼ਰੀਏ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ, ਸੰਯੁਕਤ ਕਿਸਾਨ ਮੋਰਚੇ ਨਾਲ ਦਿੱਲੀ ਦੇ ਇਤਿਹਾਸਕ ਕਿਸਾਨ ਘੋਲ ਸਮੇਂ ਕੀਤੇ ਗਏ ਵਾਅਦਿਆਂ ਨੂੰ ਲੰਘ ਕੇ, ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਦੇ ਸਰਦ ਰੁੱਤ ਸੈਸ਼ਨ ਵਿੱਚ ਪੇਸ਼ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਇਸ ਦੇ ਖ਼ਿਲਾਫ਼ ਅੱਜ ਤੱਕ ਇੱਕ ਬਿਆਨ ਵੀ ਜਾਰੀ ਨਹੀਂ ਕੀਤਾ ਗਿਆ,ਜਦ ਕਿ ਕੇਂਦਰ ਵੱਲੋਂ ਰਾਜਾਂ ਨੂੰ ਆਪਣਾ ਪੱਖ ਰੱਖਣ ਲਈ ਦੂਸਰੀ ਵਾਰ ਦਿੱਤੀ ਗਈ ਸਮਾਂ ਸੀਮਾਂ 29 ਨਵੰਬਰ ਵੀ ਲੰਘ ਗਈ ਹੈ। ਜਿਸ ਤੋਂ ਪਤਾ ਲੱਗਦਾ ਹੈ ਕਿ ਆਮ ਆਦਮੀ ਪਾਰਟੀ ਵੀ ਇਸ ਸੋਧ ਬਿੱਲ ਨੂੰ ਪਾਸ ਕਰਨ ਦੇ ਹੱਕ ਵਿੱਚ ਹੈ।ਉਨ੍ਹਾਂ ਕਿਹਾ ਕਿ ਜੇ ਅਜਿਹਾ ਹੋ ਜਾਂਦਾ ਹੈ ਤਾਂ ਕਰਾਸ ਸਬਸਿਡੀ ਖ਼ਤਮ ਕਰਕੇ ਗਰੀਬਾਂ ਅਤੇ ਕਿਸਾਨਾਂ ਨੂੰ ਸਬਸਿਡੀ 'ਤੇ ਮਿਲਣ ਵਾਲੀ ਬਿਜਲੀ ਦਾ ਭੋਗ ਪਾ ਦਿੱਤਾ ਜਾਵੇਗਾ। ਵੰਡ ਖੇਤਰ ਵਿੱਚ ਕਾਰਪੋਰੇਟ ਘਰਾਣਿਆਂ ਦਾ ਦਾਖਲਾ ਅਤੇ ਗਰੀਬ ਅਮੀਰ ਨੂੰ ਇੱਕੋ ਰੇਟ 'ਤੇ ਮਹਿੰਗੀ ਬਿਜਲੀ ਦੇਣ ਨਾਲ ਆਮ ਲੋਕਾਈ ਨੂੰ ਬਿਜਲੀ ਮਹਿੰਗੀ ਮਿਲੇਗੀ। ਉਨ੍ਹਾਂ ਕਿਹਾ ਕਿ ਸੋਧ ਬਿੱਲ ਦੇ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚਾ ਪੂਰੇ ਭਾਰਤ ਵਿੱਚ ਡਟਵੀਂ ਲੜਾਈ ਲੜੇਗਾ। ਇਸੇ ਤਹਿਤ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ 8 ਦਸੰਬਰ ਨੂੰ ਸਾਰੇ ਪੰਜਾਬ ਵਿੱਚ ਪਾਵਰਕੌਮ ਦੇ ਸਬ ਡਿਵੀਜ਼ਨ ਦਫ਼ਤਰਾਂ ਤੇ ਬਿਜਲੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਦੇ ਸਹਿਯੋਗ ਨਾਲ ਸੋਧ ਬਿੱਲ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ ਤੇ ਸੰਯੁਕਤ ਕਿਸਾਨ ਮੋਰਚਾ ਜਥੇਬੰਦੀਆਂ ਇਸ ਵਿਰੋਧ ਪ੍ਰੋਗਰਾਮ ਵਿੱਚ ਪੂਰੇ ਜ਼ੋਰ ਸ਼ੋਰ ਨਾਲ ਸ਼ਮੂਲੀਅਤ ਕਰੇਗੀ।ਮੀਟਿੰਗ ਨੇ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਤੋਂ ਵਧਾ ਕੇ ਬਾਰਾਂ ਘੰਟੇ ਕਰਨ ਅਤੇ ਕਿਰਤ ਕਾਨੂੰਨਾਂ ਨੂੰ ਰੱਦ ਕਰ ਕੇ ਚਾਰ ਲੇਬਰ ਕੋਡਜ਼ ਬਣਾਉਣ ਦੀ ਨਿਖੇਧੀ ਕਰਦਿਆਂ ਇਹਨਾਂ ਨੂੰ ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਕਰਾਰ ਦਿੱਤਾ। ਸੰਯੁਕਤ ਕਿਸਾਨ ਮੋਰਚਾ ਜਥੇਬੰਦੀ ਇਹਨਾਂ ਲੇਬਰ ਕੋਡਜ਼ ਦੇ ਖ਼ਿਲਾਫ਼ ਲੜਾਈ ਵਿੱਚ ਮਜ਼ਦੂਰ ਜਥੇਬੰਦੀਆਂ ਦਾ ਡਟ ਕੇ ਸਾਥ ਦੇਵੇਗੀ।ਮੀਟਿੰਗ ਦੌਰਾਨ ਸੀਨੀਅਰ ਆਗੂਆਂ ਨੇ ਕਿਹਾ ਕਿ ਹੜ੍ਹ ਪੀੜਤ ਲੋਕਾਂ ਦੀ ਸਹਾਇਤਾ ਨੂੰ ਜਾਰੀ ਰੱਖਣ ਦਾ ਫ਼ੈਸਲਾ ਵੀ ਕੀਤਾ ਗਿਆ ਹੈ। ਇਸ ਵਾਸਤੇ ਛੋਟੇ ਅਤੇ ਬੇਜ਼ਮੀਨੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਪਹਿਲ ਦਿੱਤੀ ਜਾਵੇਗੀ। ਮੋਗਾ ਜ਼ਿਲ੍ਹੇ ਦੇ ਮੋਗਾ ਸ਼ਹਿਰ, ਬਾਘਾਪੁਰਾਣਾ, ਸਮਾਲਸਰ,ਸਮਾਧ ਭਾਈ, ਧਰਮਕੋਟ,ਭਿੰਡਰ ਕਲਾਂ,ਡੱਗਰੂ,ਅਜਿੱਤਵਾਲ, ਚੜਿੱਕ,ਬੱਧਨੀ ਕਲਾਂ, ਬਿਲਾਸਪੁਰ ਤੇ ਪੱਤੋ ਆਦਿ ਪਾਵਰਕੌਮ ਸਬ ਤਹਿਸੀਲਾਂ ਤੇ 12 ਤੋਂ 3 ਵਜੇ ਤੱਕ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਬਿੱਲਾਂ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ।ਇਸ ਸਮੇਂ ਜਸਪਾਲ ਸਿੰਘ ਪੁਰਾਣੇ ਵਾਲਾ ਜ਼ਿਲ੍ਹਾ ਮੀਤ ਪ੍ਰਧਾਨ, ਬੂਟਾ ਸਿੰਘ ਤਖਾਣਵੱਧ ਬਲਾਕ ਪ੍ਰਧਾਨ ,ਬਲਕਰਨ ਸਿੰਘ ਢਿੱਲੋਂ ਜ਼ਿਲ੍ਹਾ ਪ੍ਰੈਸ ਸਕੱਤਰ ਲੱਖੋਵਾਲ, ਗੁਰਮੇਲ ਸਿੰਘ ਡਰੋਲੀ ਭਾਈ ਬਲਾਕ ਪ੍ਰਧਾਨ, ਗੁਰਬੀਰ ਸਿੰਘ ਕੋਟ ਈਸੇ ਖਾ, ਸੁਖਦੀਪ ਸਿੰਘ, ਗੁਰਮੇਲ ਸਿੰਘ ਨਾਹਰ, ਸੁਖਜੀਤ ਸਿੰਘ ਲੰਡੇ ਕੇ, ਹਰਦਿਆਲ ਸਿੰਘ ਘਾਲੀ ਕੁਲ ਹਿੰਦ ਕਿਸਾਨ ਸਭਾ,ਆਦਿ ਹਾਜ਼ਰ ਸਨ।

**ਪ੍ਰਦਰਸ਼ਨ ਦੌਰਾਨ ਸਾੜੀਆਂ ਜਾਣਗੀਆਂ ਬਿੱਲਾਂ ਦੀਆਂ ਕਾਪੀਆਂ-ਐਸਕੇਐਮ**

ਆਵਾਜ਼ਿ ਕੌਮ AWAZE QAUM International Newspaper & WEB TV

### ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਦੇ ਫੈਸਲੇ ਮੁਤਾਬਿਕ

# ਫਿਰੋਜ਼ਪੁਰ ਵਿਖੇ ਧਰਨੇ ਦਾ ਦੂਜੇ ਦਿਨ ਵੀ ਜਾਰੀ—ਰੁਪਿੰਦਰ ਸਿੰਘ ਸੂਬਾ ਆਗੂ

**ਫ਼ਿਰੋਜ਼ਪੁਰ, 04 ਦਸੰਬਰ (ਮਨੋਹਰ ਲਾਲ)** :— ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ ਵਿਚ ਵੱਖ ?ਵੱਖ ਪੋਸਟਾਂ 'ਤੇ (ਰੈਗੂਲਰ ਮੁਲਾਜਮਾਂ ਵਾਂਗ) ਪਿਛਲੇ 15 ਤੋਂ 20 ਸਾਲਾਂ ਦੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ 'ਚ ਸ਼ਾਮਲ ਕਰਕੇ ਪੱਕੇ ➡ਜਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਮੁੱਖ ਮੰਗ ਸਮੇਤ ਹੋਰ ਹੱਕੀ ਅਤੇ ਜਾਇਜ ਮੰਗਾਂ ਦਾ ਹੱਲ ਕਰਵਾਉਣ ਲਈ ਪੁਰਅਮਨ ਢੰਗ ਨਾਲ ਸੰਘਰਸ਼ ਕਰ ਰਹੀ ਸਿਰਮੌਰ ਜੱਥੇਬੰਦੀ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਜਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਬਲਜੀਤ ਸਿੰਘ ਦੀ ਅਗੁਵਾਈ ਹੇਠ ।ਜਲ ਸਪਲਾਈ ਦਫ਼ਤਰ ਫ਼ਿਰੋਜ਼ਪੁਰ ਵਿਖੇ ਧਰਨਾ ਦੂਜੇ ਦਿਨ ਵੀ ਜਾਰੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸੂਬਾ ਕਮੇਟੀ ਆਗੂ ਰੁਪਿੰਦਰ ਸਿੰਘ ਸਰਕਲ ਪ੍ਰਧਾਨ ਪ੍ਰਧਾਨ ਬਲਕਾਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਨਲਿਸਟਮੈਂਟ ਅਤੇ ਆਊਟਸੋਰਸ ਕਾਮਿਆਂ ਦੇ ਪ੍ਰਤੀ ਜੋ ਪ੍ਰੋਪੋਜਲ (ਪਾਲਿਸੀ) ਤਿਆਰ ਕੀਤੀ ਗਈ ਹੈ, ਇਹ ਕਾਮਿਆ ਦੇ ਹਿੱਤ 'ਚ ਨਹੀਂ ਹੈ ਅਤੇ ਇਨਲਿਸਟਮੈਂਟ ਆਊਟਸੋਰਸ ਵਰਕਰ ਜੋ ਕਿ ਸਰਕਾਰ ਦੀਆਂ ਜਰੂਰੀ ਸੇਵਾਵਾਂ ਰੈਗੂਲਰ ਮੁਲਾਜਮਾਂ ਵਾਂਗ ਤਨਦੇਹੀ ਨਾਲ ਨਿਭਾਅ ਰਹੇ ਹਨ, ਇਨ੍ਹਾਂ ਵਰਕਰਾਂ ਦੇ ਰੁਜਗਾਰ ਨੂੰ ਸੁਰੱਖਿਅਤ ਕਰਨ ਲਈ ਇਸ ਪਾਲਿਸੀ ਨੂੰ ਤਿਆਰ ਨਹੀਂ ਕੀਤਾ ਗਿਆ ਹੈ, ਜਦ ਕਿ ਬੇਲੋੜੀਆਂ ਕੰਟੀਸ਼ਨਾਂ ਲਗਾ ਕੇ ਸਭ ਕੁਝ ਤੋੜ—ਮਰੋੜ ਕੇ ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਕੋਲ ਪਾਲਿਸੀ ਪੇਸ਼ ਕੀਤੀ ਗਈ ਹੈ। ਵਿਭਾਗ 'ਚ ਦੋ ਕੈਟਾਗਿਰੀਆਂ ਅਧੀਨ ਕੰਮ ਕਰਦੇ ਇਨਲਿਸਟਮੈਂਟ ਆਊਟਸੋਰਸ ਕਾਮਿਆਂ ਦੇ ਕੱਚੇ—ਪਿਲੇ ਰੁਜਗਾਰ ਨੂੰ ਖੋਹਣ ਦੀ ਕੋਸ਼ਿਸ਼ ਕੀਤੀ ਗਈ ਹੈ।ਇਹ ਬੇਲੋੜੀਆਂ ਕੰਟੀਸ਼ਨਾਂ ਸਾਡੀ ਜੱਥੇਬੰਦੀ ਨੂੰ ਪ੍ਰਵਾਨ ਨਹੀਂ ਹਨ ਤੇ ਜਥੇਬੰਦੀਆਂ ਵੱਲੋਂ ਇਸ ਪ੍ਰਪੋਜਲ (ਤਜਵੀਜ) ਨੂੰ ਮੁੱਢੋ ਰੱਦ ਕੀਤਾ ਜਾਂਦਾ ਹੈ ਅਤੇ ਯੂਨੀਅਨ ਇਨਲਿਸਟਮੈਂਟ ਅਤੇ ਆਊਟਸੋਰਸ ਕਾਮਿਆਂ ਦਾ ਪੱਕਾ ਰੁਜਗਾਰ ਕਰਕੇ ਬਣਦੀਆਂ ਸਹੂਲਤਾਂ ਦੇਣ ਦੀ ਮੰਗ ਕਰਦੀ ਹੈ। ਇਸ ਲਈ ਸਾਡੀ ਯੂਨੀਅਨ ਪੰਜਾਬ ਸਰਕਾਰ ਪਾਸੋ ਮੰਗ ਕਰਦੀ ਹੈ ਕਿ ਇੰਨਲਿਸਟਮੈਂਟ, ਆਉਟਸੋਰਸ ਵਰਕਰਾਂ ਨੂੰ ਵਿਭਾਗ ਵਿੱਚ ਸਿੱਧੇ ਕੰਟਰੈਕਟ ਤੇ ਲੈਣ ਦੀ ਪ੍ਰਪੋਜਲ ਭੇਜੀ ਜਾਵੇ ਅਤੇ ਬੇਲੋੜੀਆਂ ਸ਼ਰਤਾਂ ਨੂੰ ਰੱਦ ਕੀਤਾ ਜਾਵੇ। ਇਸ ਪਾਲਿਸ਼ੀ 'ਚ ਸੋਧ ਕੀਤੀ ਜਾਵੇ ਅਤੇ ਇਨਲਿਸਟਮੈਂਟ ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਕੰਟਰੈਕਟ ਅਧੀਨ ਲੈ ਕੇ ਪੱਕਾ ਰੁਜਗਾਰ ਕਰਨ ਵਾਲੀ, ਈ.ਪੀ.ਐਫ. ਅਤੇ ਈ.ਐਸ.ਆਈ.ਸੀ ਵਰਗੀਆਂ ਸਹੂਲਤਾਂ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜਲ ਸਰਕਾਰ ਕੋਲ ਭੇਜੀ ਜਾਵੇ। ਉਨ੍ਹਾਂ ਕਿਹਾ ਕਿ ਵੱਖ—ਵੱਖ ਸਰਕਾਰੀ ਵਿਭਾਗਾਂ ਦਾ ਨਿੱਜੀਕਰਨ ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਨੂੰ ਰੱਦ ਕਰਨਾ, ਸਮੂਹ ਸਰਕਾਰੀ ਵਿਭਾਗਾਂ ਦੇ ਆਊਟਸੋਰਸ, ਇਨਲਿਸਟਮੈਂਟ, ਕੰਪਨੀਆਂ, ਠੇਕੇਦਾਰਾਂ, ਸੁਸਾਇਟੀਆਂ, ਦਿਹਾੜੀਦਾਰ, ਡੇਲੀਵੇਜ ਆਦਿ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ ਵਿੱਚ ਮਰਜ ਕਰਕੇ ਰੈਗੂਲਰ ਕਰਨ ਸਮੇਤ ਹੋਰਨਾਂ ਮੰਗਾਂ ਨੂੰ ਲੈ ਕੇ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ' ਦੇ ਪਲੇਟਫਾਰਮ ਤੋਂ ਮਿਤੀ 2, 3 ਅਤੇ 4 ਦਸੰਬਰ 2025 ਨੂੰ ਮੋਰਚੇ 'ਚ ਸ਼ਾਮਲ ਵੱਖ—ਵੱਖ ਵਿਭਾਗਾਂ ਦੇ ਠੇਕਾ ਮੁਲਾਜਮ ਜਥੇਬੰਦੀਆਂ ਵੱਲੋਂ ਆਪਣੇ ਕੰਮ ਨੂੰ ਮੁਕੰਮਲ ਬੰਦ ਕਰਕੇ ਆਪਣੇ—ਆਪਣੇ ਵਿਭਾਗੀ ਦਫਤਰਾਂ ਅੱਗੇ ਲਗਾਤਾਰ ਦਿਨ—ਰਾਤ (3 ਦਿਨ) ਦੇ ਜਿਲ੍ਹਾ ਅਤੇ ਤਹਿਸੀਲ ਪੱਧਰੀ ਧਰਨੇ ਦਾ ਦੂਜੇ ਦਿਨ ਵੀ ਜਾਰੀ ਹੈ। ਇਸ ਸੰਘਰਸ਼ ਪ੍ਰੋਗਰਾਮ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ।31) ਵੱਲੋਂ ਪੁਰਅਮਨ ਢੰਗ ਨਾਲ ਲਾਗੂ ਕਰਦੇ ਹੋਏ 2, 3 ਅਤੇ 4 ਦਸੰਬਰ 2025 ਨੂੰ ਆਪਣੇ ਕੰਮਾਂ ਨੂੰ ਮੁਕੰਮਲ ਬੰਦ ਕਰਕੇ ਸਾਰੇ ਪੰਜਾਬ 'ਚ ਵਿਭਾਗੀ ਦਫਤਰਾਂ ਅੱਗੇ ਸਰਕਲ ਡਵੀਜਨੇਸਬ ਡਵੀਜਨ ਪੱਧਰੀ ਲਗਾਤਾਰ ਦਿਨ—ਰਾਤ ਦੇ ਧਰਨੇ ਦਿੱਤੇ ਜਾ ਰਹੇ ਹਨ। ਜਿਸ ਤਹਿਤ ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਇਸ ਧਰਨੇ ਵਿੱਚ ਵਰਕਰਾਂ ਵੱਲੋਂ ਪੂਰਾ ਜੋਸ਼ ਵਿਖਾਇਆ ਜਾ ਰਿਹਾ ਹੈ ਆਪਣੇ ਰੋਜ਼ਗਾਰ ਨੂੰ ਬਚਾਉਣ ਅਤੇ ਪੱਕੇ ਰੋਜ਼ਗਾਰ ਲਈ ਵਰਕਰਾਂ ਵੱਲੋਂ ਪੁਰ ਅਮਨ ਤੇ ਸ਼ਾਂਤੀਪੂਰਬਕ ਢੰਗ ਨਾਲ ਇਹ ਧਰਨਾ ਦਿੱਤਾ ਜਾ ਰਿਹਾ ਹੈ ਕਾਬਲੇ ਗੌਰ ਹੈ ਕਿ ਇਹ ਧਰਨਾ 2 ਦਸੰਬਰ ਤੋਂ 4 ਤਰੀਕ ਤੱਕ ਦਿਨ ਰਾਤ ਦਾ ਧਰਨਾ ਦਿੱਤਾ ਜਾ ਰਿਹਾ ਹੈ। ਦਫਤਰ ਵਿੱਚ ਲਗਾਤਾਰ ਧਰਨਾ ਦੇਣ ਲਈ ਤਿਆਰ—ਬਰ—ਤਿਆਰ ਵਰਕਰ, ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ, ਖਜਾਨਚੀ ਬਲਜਿੰਦਰ ਸਿੰਘ, ਮੁੱਖ ਬੁਲਾਰਾ ਪਰਵਿੰਦਰ ਸਿੰਘ ਰਾਜਾ, ਬਲਾਕ ਆਗੂ, ਰਮੇਸ਼ ਕੁਮਾਰ, ਮਲਕੀਤ ਸਿੰਘ, ਗੁਰਪ੍ਰੀਤ ਸਿੰਘ, ਸੰਤੋਖ ਸਿੰਘ, ਸਤਪਾਲ ਸਿੰਘ, ਗੁਰਮੁਖ ਸਿੰਘ, ਸੁਖਚੈਨ ਸਿੰਘ ਸੁਖਬੀਰ ਸਿੰਘ, ਜਰਨਲ ਸਕੱਤਰ ਹਰਜਿੰਦਰ ਸਿੰਘ, ਹਰਦੀਪ ਸਿੰਘ ਫਿੱਡੇ, ਦਫਤਰੀ ਸਟਾਫ਼ ਤੋਂ ਸਤਨਾਮ ਸਿੰਘ, ਰੁਪਿੰਦਰ ਕੁਮਾਰ, ਸਾਹਿਲ ਆਦਿ ਆਗੂ ਹਾਜਰ ਸਨ।



# ਸ਼੍ਰੋਮਣੀ ਅਕਾਲੀ ਦਲ ਸਾਰੀਆਂ ਹੀ ਸੀਟਾਂ 'ਤੇ ਚੋਣ ਜਿੱਤੇਗਾ, ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ ਹੋ ਚੁੱਕੀ : ਕਲੇਰ



ਜਗਰਾਉ (ਵਰਿਆਮ ਹਠੂਰ) ਜਗਰਾਉਂ ਵਿਧਾਨ ਸਭਾ ਹਲਕੇ ਦੇ ਜਿਲ੍ਹਾ ਪ੍ਰੀਸ਼ਦ ਦੇ 3 ਅਤੇ ਬਲਾਕ ਸੰਮਤੀ ਦੇ 25 ਜ਼ੋਨਾਂ 'ਤੇ ਚੋਣ ਲੜਨ ਲਈ ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਉਮੀਦਵਾਰਾਂ ਦੇ ਨਾਮਜਦਗੀ ਪੱਤਰ ਦਾਖਿਲ ਕੀਤੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਕੌਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੇ ਪਾਰਟੀ ਵੱਲੋਂ ਚੋਣ ਮੈਦਾਨ 'ਚ ਉਤਾਰੇ ਉਮੀਦਵਾਰਾਂ ਦੇ ਨਾਮਜਦਗੀ ਪੱਤਰ ਦਾਖ਼ਲ ਕਰਵਾਏ, ਇਸ ਮੌਕੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਅਤੇ ਸ਼ਿਵਰਾਜ ਸਿੰਘ ਵੀ ਮੌਜੂਦ ਸਨ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦੇ ਵਰਕਰਾਂ ਵਿੱਚ ਜੋਸ਼ ਅਤੇ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ ਹੈ। ਤੇ ਲੋਕ ਪੰਜਾਬ ਦੇ ਨਕਲਚੀ ਮੁੱਖ ਮੰਤਰੀ ਦੀ ਨਿਰਾਸ਼ਾਜਨਕ ਕਾਰਗੁਜ਼ਾਰੀ ਤੋਂ ਬੇਹੱਦ ਪ੍ਰੇਸ਼ਾਨ ਹਨ। ਤੇ ਲੋਕ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਬਿਸਤਰਾ ਗੋਲ ਕਰ ਦੇਣਗੇ, ਇਸ ਮੌਕੇ ਜਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨੂੰ ਰੱਜ ਕੇ ਲੁੱਟਿਆ ਤੇ ਕੁੱਟਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ

ਆਪ ਸਰਕਾਰ ਦੇ ਝੂਠਾ ਦਾ ਭਾਂਡਾ ਫੁੱਟ ਜਾਵੇਗਾ ਤੇ ਆਮ ਲੋਕ ਆਮ ਆਦਮੀ ਦੀ ਸਰਕਾਰ ਨੂੰ ਚੱਲਦਾ ਕਰਨ ਦੀ ਨੀਂਹ ਰੱਖ ਦੇਣਗੇ, ਇਸ ਮੌਕੇ ਜਿਲਾ ਪ੍ਰਧਾਨ ਚੰਦ ਸਿੰਘ ਡੱਲਾ,ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ , ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾਂ , ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ ਆਦਿ ਹਾਜ਼ਰ ਸਨ।

# ਪੰਜਾਬ ਕੋ-ਐਜੂਕੇਸ਼ਨ ਸਕੂਲ ਦੀਆਂ ਚਾਰ ਵਿਦਿਆਰਥਣਾਂ ਨੂੰ 'ਪ੍ਰਾਈਡ ਆਫ਼ ਇੰਡੀਆਂ' ਦੇ ਅਵਾਰਡ ਨਾਲ FAP ਨੇ ਨਿਵਾਜਿਆ




ਬਾਘਾਪੁਰਾਣਾ,4 ਦਸੰਬਰ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ) -ਮੋਗਾ ਜਿਲ੍ਹੇ ਦੀ ਨਾਮਵਰ ਵਿੱਦਿਅਕ ਸੰਸਥਾਂ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਜੋ ਸੰਸਥਾਪਕ ਪ੍ਰਿੰਸੀਪਲ ਗੁਰਦੇਵ ਸਿੰਘ ਅਤੇ ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਦੀ ਸੁਚੱਜੀ ਅਤੇ ਯੋਗ ਰਹਿਨੁਮਾਈ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਹਾਸਿਲ ਕਰ ਰਹੀ ਵਿਖੇ ਇੱਕ ਹੋਰ ਸ਼ਾਨਦਾਰ ਪ੍ਰਾਪਤੀ ਰਹੀ। ਇਸ ਸੰਸਥਾਂ ਦੀਆਂ ਚਾਰ ਵਿਦਿਆਰਥਣਾਂ ਨੂੰ ਫੈਪ ਵੱਲੋਂ "ਪ੍ਰਾਈਡ ਆਫ ਇੰਡੀਆ" ਦਾ ਅਵਾਰਡ ਦਿੱਤਾ ਗਿਆ। ਇਸ ਸਬੰਧੀ ਚੰਡੀਗੜ੍ਹ ਵਿਖੇ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲ ਐਂਡ ਐਸੋਸ਼ੀਏਸ਼ਨ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਦੀ ਅਗਵਾਈ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫੈਪ ਨੈਸ਼ਨਲ ਐਵਾਰਡ ਦਾ ਆਗਾਜ਼ ਕੀਤਾ ਗਿਆ। ਜਿਸ ਵਿੱਚ ਪੰਜਾਬ ਕੋ-ਐਜੂਕੇਸ਼ਨ ਸਕੂਲ ਦੀਆਂ ਚਾਰ ਵਿਦਿਆਰਥਣਾਂ ਕਿਰਨਦੀਪ ਕੌਰ, ਸ਼ਿਵਾਨੀ ਅਰੋੜਾ, ਮਨਜੋਤ ਕੌਰ ਅਤੇ ਪਰਾਚੀ ਸ਼ਰਮਾ ਨੂੰ ਪ੍ਰਾਈਡ ਆਫ਼ ਇੰਡੀਆਂ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਅਵਾਰਡ ਜਗਜੀਤ ਸਿੰਘ ਧੂਰੀ, ਡਾ. ਜੀ ਐਮੈਨੁਲ (ਚੇਅਰਮੈਨ ਆਫ ਇੰਡੀਅਨ ਸਕੂਲ), ਡਾ. ਅਮਰਪਾਲ ਸਿੰਘ (ਚੇਅਰਮੈਨ ਪੰਜਾਬ ਸਕੂਲ ਐਜੂਕੇਸ਼ਨ ਬੋਰਡ) ਮਸ਼ਹੂਰ ਪੰਜਾਬੀ ਗਾਇਕ ਗੁਰਨਾਮ ਭੁੱਲਰ ਵੱਲੋਂ ਇਹਨਾਂ ਵਿਦਿਆਰਥਣਾਂ ਨੂੰ ਦਿੱਤਾ ਗਿਆ ਹੈ। ਇੱਥੇ ਇਹ ਜ਼ਿਕਰ ਕਰਨਾ ਜਰੂਰੀ ਹੈ ਕਿ ਕਿਰਨਦੀਪ ਕੌਰ ਨੇ 98.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਮੋਗਾ ਜ਼ਿਲ੍ਹੇ ਵਿੱਚੋਂ ਪਹਿਲਾਂ ਅਤੇ ਪੰਜਾਬ ਵਿੱਚੋਂ ਅੱਠਵਾਂ, ਸ਼ਿਵਾਨੀ ਅਰੋੜਾ ਨੇ 97.4 ਫ਼ੀਸਦੀ ਅੰਕ ਲੈ ਕੇ ਜ਼ਿਲ੍ਹੇ ਵਿੱਚੋਂ ਤੀਜਾ ਤੇ ਪੰਜਾਬ ਵਿੱਚੋਂ ਤੇਰ੍ਹਵਾਂ ਸਥਾਨ ਪ੍ਰਾਪਤ ਕੀਤਾ, ਮਨਜੋਤ ਕੌਰ ਨੇ 97 ਫ਼ੀਸਦੀ ਅਤੇ ਪਰਾਚੀ ਸ਼ਰਮਾ ਨੇ ਵੀ 97 ਫ਼ੀਸਦੀ ਅੰਕ ਪ੍ਰਾਪਤ ਕੀਤੇ। ਕਿਉਂਕਿ ਇਹ ਅਵਾਰਡ ਬਾਰ੍ਹਵੀਂ ਸ਼੍ਰੇਣੀ ਵਿੱਚੋਂ 97 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਹੀ ਦਿੱਤਾ ਜਾਂਦਾ ਹੈ। ਇੱਥੇ ਇਹ ਦੱਸਣਾ ਵੀ ਜ਼ਰੂਰੀ ਹੈ ਕਿ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਦੇ ਸ਼ੈਸ਼ਨ 2024-25 ਦੇ 12ਵੀਂ ਸ਼੍ਰੇਣੀ ਦੇ 51 ਵਿਦਿਆਰਥੀਆਂ ਨੇ 90 ਫ਼ੀਸਦੀ ਤੋਂ ਵੱਧ ਅਤੇ 125 ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਬਾਘਾ ਪੁਰਾਣਾ ਦਾ ਇੱਕੋ-ਇੱਕ ਸਕੂਲ ਹੈ ਜਿਸ ਦੀਆਂ ਚਾਰ ਵਿਦਿਆਰਥਣਾਂ ਨੂੰ ਪਰਾਇਡ ਆਫ਼ ਇੰਡੀਆਂ ਦਾ ਅਵਾਰਡ ਮਿਲਿਆ ਹੈ। ਇਸ ਖੁਸ਼ੀ ਦੇ ਮੌਕੇ ਤੇ ਸੰਸਥਾਂ ਦੇ ਬਾਨੀ ਪ੍ਰਿੰਸੀਪਲ ਸ. ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਫੈਪ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ, ਕੋਆਰਡੀਨੇਟਰ ਸ਼੍ਰੀ ਮੁਕੇਸ਼ ਅਰੋੜਾ, ਮੈਡਮ ਖੁਸ਼ਪ੍ਰੀਤ ਕੌਰ ਅਤੇ ਸਮੁੱਚੇ ਸਟਾਫ਼ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਤੇ ਭਰੋਸਾ ਦਿੱਤਾ ਕਿ ਪਿਛਲੇ ਸਾਲਾਂ ਤੋਂ ਜੋ ਵਧੀਆਂ ਨਤੀਜਿਆਂ ਦਾ ਸਿਲਸਿਲਾ ਚੱਲ ਰਿਹਾ ਹੈ ਉਹ ਅੱਗੇ ਵੀ ਇਸੇ ਤਰ੍ਹਾਂ ਜਾਰੀ ਰਹੇਗਾ।

ਭਾਈ ਸਤਵਿੰਦਰ ਸਿੰਘ ਭੋਲਾ ਦੇ ਛੋਟੇ ਭਰਾਤਾ ਜਸਵਿੰਦਰ ਸਿੰਘ ਸਿੱਧੂ ਦੀ

# ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀਆਂ ਭੇਂਟ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਪੰਥਕ ਸ਼ਖਸੀਅਤਾਂ ਨੇ ਲਗਵਾਈ ਹਾਜ਼ਰੀ




ਭਾਈ ਸਤਵਿੰਦਰ ਸਿੰਘ ਭੋਲਾ ਦੇ ਛੋਟੇ ਭਰਾਤਾ ਜਸਵਿੰਦਰ ਸਿੰਘ ਸਿੱਧੂ ਦੀ ਅੰਤਿਮ ਅਰਦਾਸ ਮੌਕੇ ਬਠਿੰਡਾ ਵਿਖੇ ਅੱਜ ਸ਼ਰਧਾਂਜਲੀ ਭੇਟ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਡਾਕਟਰ ਸੁਰਿੰਦਰ ਸਿੰਘ ਗਿੱਲ ਯੂਐਸਏ,ਡਾਕਟਰ ਗੁਰਨੇਕ ਸਿੰਘ ਸਾਬਕਾ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਸਿੱਖ ਯੂਨੀਵਰਸਿਟੀ,ਸਰਦਾਰ ਗੁਰਦੀਪ ਸਿੰਘ ਬਠਿੰਡਾ ਅਤੇ ਇਸ ਮੌਕੇ ਹਾਜ਼ਰ ਸਿੱਖ ਸੰਗਤਾਂ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ


ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਰਾਜ ਕਰੇਗਾ ਖ਼ਾਲਸਾ ਆਕੀ ਰਹੇ ਨ ਕੋਇ। ਖ਼ੁਆਰ ਹੋਏ ਸਭ ਮਿਲਹਿੰ ਗੇ ਬਚੇ ਸ਼ਰਨ ਜੋ ਹੋਇ।।

# ਭਾਈ ਗਰਨੇਕ ਸਿੰਘ ਨਿੱਝਰ (ਜੱਦੀ ਪਿੰਡ ਮਸਾਣੀਆਂ) ਅਕਾਲ ਚਲਾਣਾ ਕਰ ਗਏ



ਆਵਾਜ਼ਿ ਕੌਮ AWAZE QAUM International Newspaper & WEB TV

ਨਿਊ ਜ਼ੀਲੈਂਡ, 4 ਦਸੰਬਰ (ਆਵਾਜ਼ਿ ਕੌਮ ਬਿਊਰੋ)-ਸਰਦਾਰ ਗਰਨੇਕ ਸਿੰਘ ਨਿੱਝਰ (ਜੱਦੀ ਪਿੰਡ ਮਸਾਣੀਆਂ) ਦਾ ਅੱਜ ਸਵੇਰੇ, 4 ਦਸੰਬਰ 2025 ਨੂੰ, ਦਿਲ ਦੇ ਦੌਰੇ ਕਾਰਨ ਅਚਨਚੇਤ ਦਿਹਾਂਤ ਹੋ ਗਿਆ। ਉਹ 1983 ਤੋਂ ਨਿਊਜ਼ੀਲੈਂਡ ਵਿੱਚ ਰਹਿਕੇ ਟੈਕਸੀ ਦਾ ਕਾਰੋਬਾਰ ਕਰ ਰਹੇ ਸਨ।ਉਹਨਾਂ ਨੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਪਾਪਾਕੋਰਾ ਦੇ ਮੁੱਖ ਸੇਵਾਦਾਰ ਵਜੋਂ ਵੀ ਸੇਵਾ ਨਿਭਾਈ ਸੀ। ਇਤਿਹਾਸ ਸਿੱਖਾਂ ਦੇ ਨਿਰਭਉ ਸੁਭਾਅ ਦਾ ਗਵਾਹ ਹੈ। ਅਜੋਕੇ ਸਮੇਂ ਵਿੱਚ, ਨਿਊਜ਼ੀਲੈਂਡ ਵਿਖੇ, ਇਹ ਅਣਖ ਅਤੇ ਦਲੇਰੀ ਸਰਦਾਰ ਗੁਰਨੇਕ ਸਿੰਘ ਨਿੱਝਰ ਦੇ ਬੇਬਾਕ ਹੋਕੇ ਕੀਤੇ ਕਾਰਜਾਂ ਰਾਹੀਂ ਝੱਲਕੀ। ਜੱਦ ਭਾਰਤ ਨੇ ਅਜ਼ਾਦੀ ਲਈ ਸੰਘਰਸ਼ ਕਰ ਰਹੇ ਸਿੱਖਾਂ ਦਾ ਨਿੱਜੀ ਨੁਕਸਾਨ ਕਰਕੇ, ਵਰ੍ਹਿਆਂ ਦੇ ਵਿਰੋਧੀ ਪ੍ਰਚਾਰ ਰਾਹੀਂ 'ਖ਼ਾਲਿਸਤਾਨ' (ਮਤਲਬ: ਖ਼ਾਲਸੇ ਦੀ ਜਗ੍ਹਾ) ਸ਼ਬਦ ਅਤੇ ਮੁਹਿੰਮ ਨੂੰ ਬਦਨਾਮ ਕੀਤਾ, ਜਿਸ ਕਾਰਨ ਸਿੱਖਾਂ ਵਿੱਚ ਦਹਿਸ਼ਤ ਦਾ ਮਹੌਲ ਸੀ। ਉਸ ਵੇਲੇ, 2024 ਵਿੱਚ, ਨਿਊਜ਼ੀਲੈਂਡ ਵਿਖੇ, ਸਰਦਾਰ ਗਰਨੇਕ ਸਿੰਘ ਨਿੱਝਰ ਦੀ ਅਗਵਾਈ ਅਧੀਨ ਖ਼ਾਲਿਸਤਾਨ ਰਫ਼ਰੈਂਡਮ ਸਫ਼ਲਤਾ ਸਹਿਤ ਮੁਕੰਮਲ ਹੋਇਆ। ਇਸ ਰਫ਼ਰੈਂਡਮ ਦੇ ਆਂਕੜੇ ਸਾਬਤ ਕਰਦੇ ਹਨ, ਕਿ ਨਿਊਜ਼ੀਲੈਂਡ ਦੇ ਬਹੁਗਿਣਤੀ ਸਿੱਖ ਭਾਰਤ ਤੋਂ ਆਪਣੇ ਇਤਿਹਾਸਕ ਵਤਨ ਦੀ ਅਜ਼ਾਦੀ ਦੇ ਹੱਕ ਵਿੱਚ ਹਨ।

8 ਦਸੰਬਰ ਨੂੰ ਜ਼ਿਲਾ ਫਿਰੋਜ਼ਪੁਰ ਵਿੱਚ ਬਿਜਲੀ ਸੋਧ 2025 ਦੀਆਂ

# ਫੂਕੀਆਂ ਜਾਣਗੀਆਂ ਕਾਪੀਆਂ– ਜਗੀਰ ਸਿੰਘ ਖਹਿਰਾ



ਫ਼ਿਰੋਜ਼ਪੁਰ, 04 ਦਸੰਬਰ (ਮਨੋਹਰ ਲਾਲ):— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਦੀ ਮਹੀਨਾਵਾਰੀ ਮੀਟਿੰਗ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਕੀਤੀ ਗਈ ਜਿਸ ਵਿੱਚ ਸਾਰੇ ਹੀ ਬਲਾਕ ਆਗੂਆਂ ਅਤੇ ਪਿੰਡ ਇਕਾਈਆਂ ਦੇ ਆਗੂਆਂ ਵੱਲੋਂ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਇਤਹਾਸਕ ਕਿਸਾਨ ਘੋਲ ਸਮੇਂ ਕੀਤੇ ਹੋਏ ਵਾਧੇ ਨੂੰ ਲੰਘ ਕੇ ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਦੇ ਸਰਦ ਰੁੱਤ ਸ਼ੈਸ਼ਨ ਵਿਚ ਪੇਸ਼ ਕੀਤਾ ਜਾ ਰਿਹਾ ਹੈ ਪੰਜਾਬ ਸਰਕਾਰ ਵੱਲੋਂ ਇਸ ਦੇ ਖਿਲਾਫ ਇਕ ਵੀ ਬਿਆਨ ਜਾਰੀ ਨਹੀਂ ਹੋਇਆ ਜੇਕਰ ਅਜਿਹਾ ਹੁੰਦਾ ਹੈ ਤਾਂ ਕਰਾਸ ਸਬਸਿਡੀ ਖਤਮ ਕਰਕੇ ਗਰੀਬਾਂ ਅਤੇ ਕਿਸਾਨਾਂ ਨੂੰ ਸਬਸਿਡੀ ਤੇ ਮਿਲਣ ਵਾਲੀ ਬਿਜਲੀ ਦਾ ਭੋਗ ਪੈ ਜਾਏਗਾ ਇਸ ਤੋਂ ਪਤਾ ਲਗਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਸ ਸੋਧ ਬਿੱਲ ਨੂੰ ਪਾਸ ਕਰਨ ਲਈ ਤਿਆਰ ਹੈ ਇਸ ਦੇ ਖਿਲਾਫ 8 ਦਸੰਬਰ 2025 ਨੂੰ ਜ਼ਿਲਾ ਫਿਰੋਜ਼ਪੁਰ ਵਿੱਚ 12 ਥਾਵਾਂ ਤੇ ਪਾਵਰ ਕਾਮ ਦੇ ਸਾਰੇ ਹੀ ਬਿਜਲੀ ਘਰਾਂ ਦੇ ਸਾਹਮਣੇ 12 ਤੋਂ 3 ਵਜੇ ਤੱਕ ਧਰਨਾ ਦੇ ਕੇ ਰੋਸ ਪਰਗਟ ਕੀਤਾ ਜਾਏਗਾ ਅਤੇ ਬਿਜਲੀ ਸੋਧ ਬਿੱਲ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ ਇਸ ਪ੍ਰੋਗਰਾਮ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਬੀਜ ਬਿੱਲ 2025 ਬਾਰੇ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਇਹ ਬਿੱਲ ਹਰ ਕਿਸਮ ਦੇ ਬੀਜਾਂ ਤੇ ਕਾਰਪੋਰੇਟ ਦੀ ਜਕੜ ਹੋਰ ਪੱਕੀ ਕਰਨ ਲਈ ਲਿਆਂਦਾ ਗਿਆ ਹੈ ਛੋਟੇ ਬੀਜ ਉਤਪਾਦਕਾਂ ਨੂੰ ਕਈ ਤਰ੍ਹਾਂ ਨਾਲ ਫੇਲ ਕੀਤਾ ਜਾਏਗਾ ਅਤੇ ਕਾਰਪੋਰੇਟ ਘਰਾਣਿਆ ਦੀ ਬੀਜਾਂ ਦੇ ਅਜਾਰੇਦਾਰੀ ਹੋ ਜਾਵੇਗੀ ਫਲਾਂ ਫੁੱਲਾਂ ਅਤੇ ਸਬਜ਼ੀਆਂ ਵਗੈਰਾ ਦੀ ਪਨੀਰੀ ਨੂੰ ਵੀ ਬੀਜ ਐਕਟ ਅਧੀਨ ਲਿਆਂਦਾ ਜਾਵੇਗਾ ਅਤੇ ਕਿਸਾਨ ਨੂੰ ਪੂਰੀ ਤਰ੍ਹਾਂ ਬਹੁਤ ਕੌਮੀ ਕੰਪਨੀਆਂ ਦੇ ਮੁਥਾਜ ਕਰ ਦਿੱਤਾ ਜਾਵੇਗਾ ਇਸ ਮੌਕੇ ਬਲਾਕ ਪ੍ਰਧਾਨ ਮਖੂ ਮੁਣਛਾ ਸਿੰਘ ਉਹਨਾਂ ਦੇ ਪੋਤਰੇ ਦੀ ਹੋਈ ਅਚਾਨਕ ਮੌਤ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲਾ ਫਿਰੋਜ਼ਪੁਰ ਦੇ ਸਾਰੇ ਹੀ ਵਰਕਰਾਂ ਅਤੇ ਅਹੁਦੇਦਾਰਾਂ ਵੱਲੋਂ ਪਰਿਵਾਰ ਦੇ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਲਜਾਰ ਸਿੰਘ ਕੱਬਰ ਵੱਛਾ ਜ਼ਿਲਾ ਮੀਤ ਪ੍ਰਧਾਨ ਬਗੀਚਾ ਸਿੰਘ ਜਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਬਰਾੜ ਜ਼ਿਲਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਘਲ ਖੁਰਦ ਬਲਾਕ ਪ੍ਰਧਾਨ ਬਲਵੰਤ ਸਿੰਘ ਸ਼ਹਜ਼ਾਦੀ ਬਲਾਕ ਗੁਰੂ ਹਰ ਸਹਾਇ ਦੋ ਬਲਾਕ ਪ੍ਰਧਾਨ ਸੁਖਦੇਵ ਕੁਮਾਰ ਢੋਟ ਜੀਰਾ ਬਲਾਕ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਬੂੜੇਵਾਲਾ ਜੋਗਿੰਦਰ ਸਿੰਘ ਮੁਦਕੀ ਇਕਾਈ ਪ੍ਰਧਾਨ ਅੰਗਰੇਜ ਸਿੰਘ ਅਮਰਜੀਤ ਸਿੰਘ ਮੁੱਦਕੀ ਜਸਪਾਲ ਸਿੰਘ ਉੱਪਲ ਬਲਾਕ ਪ੍ਰੈਸ ਸਕੱਤਰ ਮਮਦੋਟ ਮੰਗਲ ਸਿੰਘ ਇਕਾਈ ਪ੍ਰਧਾਨ ਚਾਂਦੀ ਵਾਲਾ ਸੁਖਜਿੰਦਰ ਸਿੰਘ ਚਦੜ ਪ੍ਰੈਸ ਸਕੱਤਰ ਬਲਾਕ ਘੱਲ ਖੁਰਦ ਹਰਭਜਨ ਸਿੰਘ ਟੁਰਨਾ ਚੰਦੜ ਮੇਜਰ ਸਿੰਘ ਸੀਨੀਅਰ ਮੀਤ ਪ੍ਰਧਾਨ ਬਲਾਕ ਮਮਦੋਟ ਬਲਵਿੰਦਰ ਸਿੰਘ ਹਰਬੰਸ ਸਿੰਘ ਬਲਾਕ ਜਨਰਲ ਸਕੱਤਰ ਮਮਦੋਟ ਹਰਭਜਨ ਸਿੰਘ ਬਲਵੰਤ ਸਿੰਘ ਵਰਿੰਦਰ ਸਿੰਘ ਹਾਕੇ ਵਾਲਾ ਜਸਵਿੰਦਰ ਸਿੰਘ ਕੁਸੂਵਾਲਾ ਮੋੜ ਸਤਨਾਮ ਸਿੰਘ ਮਹਿਮੂਦ ਵਾਲਾ ਮਨੋਹਰ ਸਿੰਘ ਮਨੂਮਾਛੀ ਹਰਬੰਸ ਸਿੰਘ ਭੂਪੇਵਾਲਾ ਸਾਹਿਬ ਸਿੰਘ ਵਾੜਾ ਭਾਈਕਾ ਮਨਿੰਦਰ ਸਿੰਘ ਹਾਕੇ ਵਾਲਾ ਬੂਟਾ ਸਿੰਘ ਬਲਾਕ ਕੈਸ਼ੀਅਰ ਮਿਰਜੇ ਕੇ ਮੰਗਲ ਸਿੰਘ ਢੋਟ ਜਗਤਾਰ ਸਿੰਘ ਭੱਟੀਆਂ ਸੁਬੇਗ ਸਿੰਘ ਜਨਰਲ ਸਕੱਤਰ ਇਕਾਈ ਦੇਸ ਵੀਰ ਸਿੰਘ ਲੱਖਾ ਸਿੰਘ ਵਾਲਾ ਗੁਰਦੀਪ ਸਿੰਘ ਇਕਾਈ ਪ੍ਰਧਾਨ ਲੱਖਾ ਸਿੰਘ ਵਾਲਾ ਬਲਵਿੰਦਰ ਕੁਮਾਰ ਕੁਲਵੰਤ ਸਿੰਘ ਸ਼ਾਮ ਲਾਲ ਨਿਰੰਜਨ ਰਾਮ ਸੁਖਦਿਆਲ ਸਿੰਘ ਪੰਜੇ ਕੇ ਉਤਾੜ ਆਦੀ ਹਾਜਰ ਸਨ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮੱਘਰ ਮਹੀਨੇ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ







ਫ਼ਿਰੋਜ਼ਪੁਰ, 04 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮੱਘਰ ਮਹੀਨੇ ਦੀ ਪੂਰਨਮਾਸੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਜ਼ਸ ਸੁਣਾ ਕੇ ਨਿਹਾਲ ਕੀਤਾ, ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਕਥਾ ਕੀਰਤਨ ਕਰਦਿਆਂ ਆਖਿਆ ਕਿ ਆਹ ਹੁਣ ਧੰਨ–ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਜੀ, ਭਾਈ ਦਿਆਲ ਦਾਸ ਜੀ ਦਾ 350 ਸਾਲਾ ਸ਼ਤਾਬਦੀ ਦਿਵਸ ਦੇਸ਼–ਵਿਦੇਸ਼ ਦੀਆਂ ਸੰਗਤਾਂ ਮਨਾ ਰਹੀਆਂ ਹਨ, ਜਿਨ੍ਹਾਂ ਨੇ ਧਰਮ ਦੀ ਖਾਤਰ ਆਪਣਾ ਸੀਸ ਕੁਰਬਾਨ ਕੀਤਾ। ਇਸ ਕਰਕੇ ਉਨ੍ਹਾਂ ਨੂੰ ਹਿੰਦ ਦੀ ਚਾਦਰ ਕਿਹਾ ਜਾਂਦਾ ਹੈ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਅੱਗੇ ਕਿਹਾ ਕਿ ਵੈਸੇ ਤਾਂ ਦਸੰਬਰ ਦਾ ਮਹੀਨਾ ਸਾਰਾ ਹੀ ਸ਼ਹੀਦੀਆਂ ਦਾ ਹੈ, ਪਰ 20 ਦਸੰਬਰ ਤੋਂ ਲੈ ਕੇ 27 ਦਸੰਬਰ ਤੱਕ ਚਾਰੇ ਸਾਹਿਬਾਜੇ, ਮਾਤਾ ਗੁਜਰ ਕੌਰ ਜੀ ਅਤੇ ਹੋਰ ਅਨੇਕਾਂ ਸ਼ਹੀਦਾਂ ਨੂੰ ਮੂਗਲਾਂ ਨੇ ਨੀਹਾਂ ਵਿਚ ਚਿਨਵਾਂ ਕੇ ਸ਼ਹੀਦ ਕੀਤਾ ਅਤੇ ਵੱਡੇ ਸਾਹਿਬਜਾਦੇ ਲੜਾਈ ਦੇ ਮੈਦਾਨ ਵਿਚ ਸ਼ਹੀਦ ਹੋ ਗਏ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਹਰ ਰੋਜ਼ ਇਕ–ਇਕ ਜਪੁਜੀ ਸਾਹਿਬ ਜੀ ਦਾ ਪਾਠ ਅਤੇ ਹਰ ਰੋਜ਼ ਨਿੱਤਨੇਮ ਪਾਠ ਇਨ੍ਹਾਂ ਸਾਡੇ ਕੌਮ ਦੇ ਸ਼ਹੀਦਾਂ ਲਈ ਹਰ ਰੋਜਕਰਨ ਜਿਨ੍ਹਾਂ ਦੀ ਬਦੌਲਤ ਹਿੰਦੂ ਧਰਮ ਦੀ ਰੱਖਿਆ ਕੀਤੀ, ਉਥੇ ਸਾਡੇ ਸਿਰਾਂ ਤੇ ਪੱਗਾਂ ਰੱਖ ਕੇ ਸਾਨੂੰ ਸਰਦਾਰ ਬਨਾਇਆ ਅਤੇ ਸਿੱਖੀ ਦਾ ਬੂਟਾ ਲਾਇਆ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਆਪ ਦੇ 4 ਉਮੀਦਵਾਰ ਬਿਨਾਂ ਮੁਕਾਬਲੇ ਜੇਤੂ, ਚੇਅਰਮੈਨ ਢਿੱਲੋਂ ਅਤੇ ਘੁੱਲੀ ਨੇ ਕੀਤਾ ਸਨਮਾਨ





ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਆਪਣੇ ਹਲਕੇ ਵਿੱਚ ਚਾਰ ਉਮੀਦਵਾਰ ਬਿਨਾਂ ਮੁਕਾਬਲੇ ਜੇਤੂ ਰਹੇ ਜਿਨਾਂ ਦੇ ਖਿਲਾਫ ਕਿਸੇ ਨੇ ਵੀ ਕਾਗਜ਼ ਨਹੀਂ ਭਰੇ । ਕੱਕੜਵਾਲ ਜੋਨ ਤੋਂ ਜਸਪਾਲ ਕੌਰ ਪਤਨੀ ਸਰਪੰਚ ਜਗਜੀਤ ਸਿੰਘ ਕੱਕੜਵਾਲ,ਈਸੜਾ ਜੋਨ ਤੋਂ ਰਣਜੀਤ ਸਿੰਘ, ਢਢੋਗਲ ਜੋਨ ਤੋਂ ਮਨਪ੍ਰੀਤ ਕੌਰ ਪਤਨੀ ਸਤਿਨਾਮ ਸਿੰਘ ਅਤੇ ਮੀਮਸਾਂ ਜੋਨ ਤੋਂ ਸੁਖਮਨਵੀਰ ਸਿੰਘ ਗੋਲਡੀ ਬਿਨਾਂ ਮੁਕਾਬਲੇ ਜੇਤੂ ਰਹੇ ।ਇਸ ਮੌਕੇ ਬਿਨਾਂ ਮੁਕਾਬਲੇ ਜੇਤੂ ਉਮੀਦਵਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਸ, ਦਲਬੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕਿਹਾ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਲਈ ਕੀਤੇ ਲੋਕ ਪੱਖੀ ਫੈਸਲਿਆਂ ਨੂੰ ਲੈ ਕੇ ਲੋਕਾਂ ਵੱਲੋਂ ਜੇਤੂ ਫਤਵਾ ਦਿੱਤਾ ਗਿਆ । ਇਸ ਗਗਨ ਜਵੰਦਾ, ਦਰਸਨ ਪਾਠਕ, ਪਰਮਜੀਤ ਸਿੰਘ ਕਾਂਝਲਾ,ਹਰਪ੍ਰੀਤ ਸਿੰਘ ਗਿੱਲ ਜਸਵਿੰਦਰ ਸਿੰਘ ਖੁਰਮੀ, ਜਸਪਾਲ ਸਿੰਘ ਭੁੱਲਰ ਐਡ, ਹੈਪੀ ਗੋਇਲ, ਸਰਪੰਚ ਸੁਖਚੈਨ ਸਿੰਘ, ਸਰਪੰਚ ਸੁਖਜਿੰਦਰ ਸਿੰਘ ਰਿੰਪਲ,ਮਨਜਿੰਦਰ ਸਿੰਘ ਬਿੱਟਾ,ਗਿਆਨ ਸਿੰਘ, ਸਰਪੰਚ ਵੀਰਕੰਵਲ ਸਿੰਘ, ਰਵਿੰਦਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਜ 5 ਦਸੰਬਰ 'ਤੇ ਵਿਸ਼ੇਸ਼

# ਵੀਹਵੀਂ ਸਦੀ ਦਾ ਪ੍ਰਸਿੱਧ ਸਾਹਿਤਕਾਰ : ਭਾਈ ਵੀਰ ਸਿੰਘ

**ਡਾ. ਭਾਈ** ਵੀਰ ਸਿੰਘ ਵੀਹਵੀਂ ਸਦੀ ਦਾ ਪ੍ਰਸਿੱਧ ਸਾਹਿਤਕਾਰ ਅਤੇ ਯੁਗ-ਪੁਰਸ਼ ਹੋ ਗੁਜ਼ਰੇ ਹਨ, ਜਿਨ੍ਹਾਂ ਨੂੰ ਭਾਰਤ ਦੇ ਪ੍ਰਸਿੱਧ ਦਾਰਸ਼ਿਨਕ ਡਾ. ਰਾਧਾਕ੍ਰਿਸ਼ਨਨ ਨੇ 'ਭਾਰਤ ਦੀ ਸਨਾਤਨੀ ਵਿਦਵਤਾ ਦੇ ਪ੍ਰਤੀਨਿਧ' ਕਿਹਾ ਹੈ। ਡਾ. ਮੁਲਕਰਾਜ ਆਨੰਦ ਨੇ ਭਾਈ ਵੀਰ ਸਿੰਘ ਨੂੰ 'ਸਿਰਜਣਾਤਮਕ ਵੇਗ ਨੂੰ ਜੀਵਨ ਅਤੇ ਵਿਸ਼ਵ ਦੇ ਸੰਤੁਲਨ ਦਾ ਆਧਾਰ ਮੰਨਣ ਵਾਲੇ ਵਿਅਕਤੀ' ਦਾ ਨਾਮ ਦਿੱਤਾ ਹੈ। ਸ਼੍ਰੀ ਹਰਿੰਦਰਨਾਥ ਚਟੋਪਾਧਿਆਏ ਨੇ ਭਾਈ ਸਾਹਿਬ ਨੂੰ 'ਪੰਜਾਂ ਦਰਿਆਵਾਂ ਦੀ ਧਰਤੀ ਦੇ ਛੇਵੇਂ ਦਰਿਆ' ਦੀ ਉਪਾਧੀ ਦਿੱਤੀ ਹੈ। ਡਾ.ਮੋਹਨ ਸਿੰਘ ਦੀਵਾਨਾ ਨੇ ਲਿਖਿਆ ਹੈ ਕਿ ਆਪ ਸਿੱਖ ਨਵ-ਚੇਤਨਾ ਦੇ ਅਜਿਹੇ ਥੰਮ੍ਹ ਸਨ, ਜਿਨ੍ਹਾਂ ਨੇ ਆਪਣੇ ਜੀਵਨ, ਕਵਿਤਾ, ਗਲਪ ਅਤੇ ਗੱਦ ਰਾਹੀਂ ਅਨੇਕਾਂ ਜਿੰਦੜੀਆਂ ਨੂੰ ਜੀਵਨ-ਛੋਹ ਦੇ ਕੇ ਉਤਸ਼ਾਹਿਤ ਕੀਤਾ ਅਤੇ ਪੰਜਾਬੀ ਸਾਹਿਤ ਵਿੱਚ ਅਭਿਵਿਅਕਤੀ ਦੇ ਨਵੀਨ ਮਾਪਦੰਡ ਸਿਰਜੇ।



Bhai Sahib Bhai Vir Singh Ji (1872-1957)

ਭਾਈ ਵੀਰ ਸਿੰਘ ਦਾ ਜਨਮ 5 ਦਸੰਬਰ,1872 ਈ. ਨੂੰ ਅੰਮ੍ਰਿਤਸਰ ਵਿਖੇ ਡਾ. ਚਰਨ ਸਿੰਘ ਦੇ ਘਰ ਮਾਤਾ ਉੱਤਮ ਕੌਰ ਦੀ ਕੁੱਖੋਂ ਹੋਇਆ। ਉਨ੍ਹਾਂ ਦੀ ਵੰਸ਼-ਪਰੰਪਰਾ ਦਾ ਪਿਛੋਕੜ ਦੀਵਾਨ ਕੌੜਾ ਮੱਲ ਨਾਲ ਜਾ ਮਿਲਦਾ ਹੈ, ਜੋ ਅਠਾਰ੍ਹਵੀਂ ਸਦੀ ਦੇ ਪਹਿਲੇ ਅੱਧ ਵਿੱਚ ਲਹੌਰ ਦੇ ਦੀਵਾਨ ਅਤੇ ਮੁਲਤਾਨ ਦੇ ਹਾਕਮ ਬਣੇ ਸਨ। ਉਨ੍ਹਾਂ ਦੇ ਦਾਦਾ ਸ. ਕਾਹਨ ਸਿੰਘ (1788-1878) ਸੰਸਕ੍ਰਿਤ ਦੇ ਵਿਦਵਾਨ ਸਨ ਅਤੇ ਬ੍ਰਜ-ਭਾਸ਼ਾ ਵਿੱਚ ਕਾਵਿ-ਰਚਨਾ ਕਰਦੇ ਸਨ। ਭਾਈ ਸਾਹਿਬ ਦੇ ਪਿਤਾ ਡਾ. ਚਰਨ ਸਿੰਘ (1853-1908) ਵੀ ਸੰਸਕ੍ਰਿਤ ਤੇ ਬ੍ਰਜ-ਭਾਸ਼ਾ ਦੇ ਵਿਦਵਾਨ ਸਨ। ਭਾਈ ਸਾਹਿਬ ਦੇ ਨਾਨਾ ਗਿਆਨੀ ਹਜ਼ਾਰਾ ਸਿੰਘ (1828-1908) ਗੁਰਬਾਣੀ ਦੇ ਪ੍ਰਸਿੱਧ ਟੀਕਾਕਾਰ ਸਨ।

ਸਪਸ਼ਟ ਹੈ ਕਿ ਭਾਈ ਵੀਰ ਸਿੰਘ ਦੇ ਪਿਤਰੀ ਧਨ ਵਿੱਚ ਦੀਵਾਨ ਕੌੜਾ ਮੱਲ ਦੀ ਰਾਜਸੀ ਮਹੱਤਾ, ਬਾਬਾ ਕਾਹਨ ਸਿੰਘ ਦਾ ਸਾਧੂਤਵ, ਡਾ.ਚਰਨ ਸਿੰਘ ਦੀ ਬੁੱਧੀਜੀਵਤਾ ਅਤੇ ਗਿਆਨੀ ਹਜ਼ਾਰਾ ਸਿੰਘ ਦਾ ਪਰਮਾਰਥ ਗਿਆਨ ਸ਼ਾਮਲ ਸਨ। ਪ੍ਰਿੰ. ਸੰਤ ਸਿੰਘ ਸੇਖੋਂ ਅਨੁਸਾਰ "ਅਜਿਹੇ ਪਿਤਰੀ ਧਨ ਵਾਲਾ ਪੁਰਖ ਸਮਝੋ ਉਨ੍ਹੀਵੀਂ ਸਦੀ ਦੇ ਭਾਰਤੀ ਜਾਗ੍ਰਿਤੀ ਅਧਿਆਤਮਕ ਵਾਤਾਵਰਣ ਵਿੱਚ ਕਿਸੇ ਮਹਾਨ ਕਾਰਜ ਲਈ ਹੀ ਜਨਮਿਆ ਹੁੰਦਾ ਹੈ ਤੇ ਭਾਈ ਵੀਰ ਸਿੰਘ ਦੇ ਭਾਗ ਵਿੱਚ ਇਹ ਮਹਾਨ ਕਾਰਜ ਨਿਸ਼ਚੈ ਹੀ ਅੰਕਿਤ ਹੋਇਆ।"

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਸਾਹਿਬ ਨੇ ਆਪਣੇ ਮੁੱਢਲੀ ਵਿੱਦਿਆ ਗਿਆਨੀ ਹਜ਼ਾਰਾ ਸਿੰਘ ਅਤੇ ਉਨ੍ਹਾਂ ਦੇ ਸਹਿਚਾਰੀਆਂ ਪਾਸੋਂ ਪ੍ਰਾਪਤ ਕੀਤੀ। ਅੱਠ ਸਾਲ ਦੀ ਉਮਰ ਤੱਕ ਉਨ੍ਹਾਂ ਨੇ ਗੁਰੂ ਗ੍ਰੰਥ ਸਾਹਿਬ ਦਾ ਪਾਠ ਵੀ ਕਰ ਲਿਆ ਸੀ। 1891 ਵਿਚ ਉਨ੍ਹਾਂ ਨੇ ਅੰਮ੍ਰਿਤਸਰ ਦੇ ਮਿਸ਼ਨ ਸਕੂਲ ਤੋਂ ਐਂਟਰੈਂਸ (ਦਸਵੀਂ) ਦੀ ਪ੍ਰੀਖਿਆ ਪਾਸ ਕੀਤੀ ਅਤੇ ਜ਼ਿਲ੍ਹੇ ਭਰ 'ਚੋਂ ਅੱਵਲ ਰਹਿਣ ਕਰਕੇ ਜ਼ਿਲ੍ਹਾ ਬੋਰਡ ਨੇ ਉਨ੍ਹਾਂ ਨੂੰ ਸੋਨੇ ਦਾ ਮੈਡਲ ਪ੍ਰਦਾਨ ਕੀਤਾ। ਇਹ ਪ੍ਰੀਖਿਆ ਪਾਸ ਕਰਨ ਤੋਂ ਦੋ ਸਾਲ ਪਹਿਲਾਂ (1889 ਵਿੱਚ) ਉਨ੍ਹਾਂ ਦਾ ਵਿਆਹ ਬੀਬੀ ਚਤੁਰ ਕੌਰ ਨਾਲ ਹੋ ਗਿਆ ਸੀ, ਜਿਸਦੀ ਕੁੱਖੋਂ ਦੋ ਧੀਆਂ ਕਰਤਾਰ ਕੌਰ ਅਤੇ ਸੁਸ਼ੀਲ ਕੌਰ ਨੇ ਜਨਮ ਲਿਆ। ਮੈਟ੍ਰਿਕ ਤੋਂ ਪਿੱਛੋਂ ਉਨ੍ਹਾਂ ਨੇ ਸਰਕਾਰੀ ਨੌਕਰੀ ਦਾ ਵਿਚਾਰ ਨਾ ਬਣਾਇਆ, ਕਿਉਂਕਿ ਆਪਣੇ ਪਿਤਾ ਦੇ ਪ੍ਰਭਾਵ ਹੇਠ ਅਤੇ ਉਨ੍ਹਾਂ ਦੇ ਸਫਲ ਜੀਵਨ ਸਦਕਾ ਉਨ੍ਹਾਂ ਦੇ ਮਨ ਵਿਚ ਸਮਾਜ ਦੀ ਖੁੱਲ੍ਹੀ ਸੇਵਾ ਦੀ ਧੁਨ ਵੱਜ ਰਹੀ ਸੀ। ਸਾਹਿਤ ਪ੍ਰਤੀ ਉਨ੍ਹਾਂ ਦੀ ਰੁਚੀ ਬਹੁਤ ਜ਼ਿਆਦਾ ਸੀ ਅਤੇ ਇਸ ਅਨੁਸਾਰ ਉਨ੍ਹਾਂ ਨੇ ਆਪਣਾ ਵਿਹਾਰ ਵੀ ਚੁਣਿਆ। ਆਪਣੇ ਪਿਤਾ ਦੇ ਇੱਕ ਸਹਿਯੋਗੀ ਵਜ਼ੀਰ ਸਿੰਘ ਨਾਲ ਮਿਲ ਕੇ ਉਸਨੇ 'ਵਜ਼ੀਰ ਹਿੰਦ ਪ੍ਰੈੱਸ' ਨਾਂ ਦਾ ਛਾਪੇਖਾਨਾ ਸ਼ੁਰੂ ਕੀਤਾ। ਫਿਰ 'ਖਾਲਸਾ ਟ੍ਰੈਕਟ ਸੁਸਾਇਟੀ' ਦੀ ਨੀਂਹ ਰੱਖੀ। 1899 ਵਿਚ ਸਪਤਾਹਿਕ 'ਖਾਲਸਾ ਸਮਾਚਾਰ' ਜਾਰੀ ਕੀਤਾ, ਜਿਸ ਰਾਹੀਂ ਪੰਥਕ ਸਮਾਚਾਰ ਪ੍ਰਕਾਸ਼ਿਤ ਕਰਨ ਦੇ ਨਾਲ-ਨਾਲ ਸਿੱਖੀ ਸਿੱਧਾਂਤ, ਗੁਰਬਾਣੀ ਤੇ ਗੁਰਮਤਿ ਦੀ ਸਿਖਿਆ ਦੇ ਪ੍ਰਚਾਰ-ਪ੍ਰਸਾਰ ਦਾ ਕੰਮ ਵੀ ਆਰੰਭਿਆ।

ਸਾਹਿਤ ਦੇ ਖੇਤਰ ਵਿਚ ਭਾਈ ਸਾਹਿਬ ਨੇ ਬਹੁਪੱਖੀ ਹਿੱਸਾ ਪਾਇਆ। ਕਵਿਤਾ ਤੋਂ ਬਿਨਾਂ ਉਨ੍ਹਾਂ ਨੇ ਨਾਵਲ, ਨਾਟਕ, ਵਾਰਤਕ, ਸੰਪਾਦਨ ਤੇ ਸਟੀਕ ਦੇ ਖੇਤਰ ਵਿਚ ਕਾਫ਼ੀ ਗੰਭੀਰ ਰਚਨਾਵਾਂ ਦੇ ਕੇ ਨਵੀਆਂ ਲੀਹਾਂ ਪਾਈਆਂ। ਉਸ ਦੀਆਂ ਪ੍ਰਮੁੱਖ ਰਚਨਾਵਾਂ ਦਾ ਵੇਰਵਾ ਇਸ ਪ੍ਰਕਾਰ ਹੈ :

* ਕਵਿਤਾ : ਨਿਨਾਣ ਭਰਜਾਈ ਦੀ ਸਿਖਿਆਦਾਇਕ ਵਾਰਤਾਲਾਪ, ਰਾਣਾ ਸੂਰਤ ਸਿੰਘ, ਲਹਿਰਾਂ ਦੇ ਹਾਰ, ਮਟਕ ਹੁਲਾਰੇ, ਬਿਜਲੀਆਂ ਦੇ ਹਾਰ, ਪ੍ਰੀਤ ਵੀਣਾ, ਕੰਬਦੀ ਕਲਾਈ, ਕੰਤ ਮਹੇਲੀ ਦਾ ਬਾਰਾਂਮਾਹ, ਮੇਰੇ ਸਾਈਆਂ ਜੀਓ।
* ਨਾਵਲ : ਸੁੰਦਰੀ, ਬਿਜੈ ਸਿੰਘ, ਸਤਵੰਤ ਕੌਰ, ਬਾਬਾ ਨੌਧ ਸਿੰਘ।
* ਨਾਟਕ : ਰਾਜਾ ਲਖਦਾਤਾ ਸਿੰਘ।
* ਵਾਰਤਕ : ਗੁਰੂ ਨਾਨਕ ਚਮਤਕਾਰ, ਸ੍ਰੀ ਗੁਰੂ ਕਲਗੀਧਰ ਚਮਤਕਾਰ, ਅਸ਼ਟ ਗੁਰੂ ਚਮਤਕਾਰ, ਗੁਰਬਾਲਮ ਸਾਖੀਆਂ (ਪਾਤਸ਼ਾਹੀ ਪਹਿਲੀ), ਗੁਰਬਾਲਮ ਸਾਖੀਆਂ (ਪਾਤਸ਼ਾਹੀ ਦਸਵੀਂ), ਸਰਵਪ੍ਰਿਯ ਸਿੱਖ ਧਰਮ, ਭਰਥਰੀ ਹਰੀ-ਜੀਵਨ ਤੇ ਨੀਤੀ, ਦੇਵੀ ਪੂਜਨ ਪੜਤਾਲ, ਸੰਤ ਗਾਥਾ ਭਾਗ, ਭਾਈ ਗੁਰਦਾਸ ਸਕੰਧ।
* ਸੰਪਾਦਨ ਤੇ ਹੋਰ ਰਚਨਾਵਾਂ : ਗੁਰਪ੍ਰਤਪ ਸੂਰਜ ਗ੍ਰੰਥ, ਸਿੱਖਾਂ ਦੀ ਭਗਤਮਾਲਾ, ਪ੍ਰਾਚੀਨ ਪੰਥ ਪ੍ਰਕਾਸ਼, ਪੁਰਾਤਨ ਜਨਮਸਾਖੀ, ਪੰਜ ਗ੍ਰੰਥੀ ਸਟੀਕ, ਗੁਰੂ ਗ੍ਰੰਥ ਸਾਹਿਬ ਦੇ ਪਹਿਲੇ 600 ਪੰਨਿਆਂ ਦਾ ਟੀਕਾ।

ਉਨ੍ਹਾਂ ਦੀਆਂ ਰਚਨਾਵਾਂ ਦੇ ਹਿੰਦੀ ਅਤੇ ਅੰਗ੍ਰੇਜ਼ੀ ਅਨੁਵਾਦ ਵੀ ਪ੍ਰਕਾਸ਼ਿਤ ਹੋਏ। ਉਨ੍ਹਾਂ ਦੀਆਂ ਕਈ ਲਿਖਤਾਂ ਉਨ੍ਹਾਂ ਦੀ ਮੌਤ ਪਿਛੋਂ ਵਿਭਿੰਨ ਲੇਖਕਾਂ ਨੇ ਸੰਪਾਦਿਤ ਕੀਤੀਆਂ।

ਉਨ੍ਹਾਂ ਦੇ ਜੀਵਨ, ਰਚਨਾ ਅਤੇ ਸ਼ਖ਼ਸੀਅਤ ਸੰਬੰਧੀ ਅਣਗਿਣਤ ਲੇਖ, ਖੋਜ-ਪੱਤਰ, ਪੁਸਤਕਾਂ ਅਤੇ ਥੀਸਿਜ਼ ਪ੍ਰਕਾਸ਼ਿਤ ਹੋਏ। ਮੇਰੀ ਜਾਚੇ ਉਹ ਇੱਕ ਅਜਿਹੇ ਆਧੁਨਿਕ ਸਾਹਿਤਕਾਰ ਹਨ, ਜਿਨ੍ਹਾਂ ਦੀਆਂ ਰਚਨਾਵਾਂ ਬਾਰੇ ਨਿਰੰਤਰ ਖੋਜ-ਕਾਰਜ ਜਾਰੀ ਹੈ। ਬਹੁਤੇ ਪਾਠਕਾਂ ਨੂੰ ਇਹ ਗੱਲ ਵੀ ਦਿਲਚਸਪ ਜਾਪੇਗੀ ਕਿ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਨਮੁਖ ਜੋ ਖੂਬਸੂਰਤ ਫੁੱਲ ਸਜਾਏ ਜਾਂਦੇ ਹਨ, ਉਹ ਅਜੇ ਵੀ ਭਾਈ ਵੀਰ ਸਿੰਘ ਦੇ ਘਰ ਦੀ ਫੁਲਵਾੜੀ ਵਿਚੋਂ ਆਉਂਦੇ ਹਨ।

ਆਪਣੇ ਸਮੇਂ ਦੇ ਬਹੁਤ ਸਾਰੇ ਵਿਦਵਾਨਾਂ ਨਾਲ ਉਨ੍ਹਾਂ ਦੇ ਸਾਹਿਤਕ ਸੰਬੰਧ ਸਨ। ਆਧੁਨਿਕ ਕਾਲ ਦੇ ਮੁੱਢਲੇ ਪੰਜਾਬੀ ਕਵੀਆਂ - ਮੌਲਾ ਬਖਸ਼ ਕੁਸ਼ਤਾ, ਚਰਨ ਸਿੰਘ ਸ਼ਹੀਦ, ਪ੍ਰੋ. ਪੂਰਨ ਸਿੰਘ, ਧਨੀ ਰਾਮ ਚਾਤ੍ਰਿਕ ਆਦਿ ਦੀ ਰਚਨਾਤਮਕ ਪ੍ਰਤਿਭਾ ਨੂੰ ਨਿਖਾਰਨ ਵਿਚ ਭਾਈ ਵੀਰ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਪ੍ਰੋ. ਪੂਰਨ ਸਿੰਘ ਨੇ ਇਸਨੂੰ ਸਵੀਕਾਰ ਕਰਦਿਆਂ ਲਿਖਿਆ ਹੈ, "ਉਸ ਸੁਭਾਗ ਘੜੀ ਗੁਰੂ ਜੀ ਦੇ ਦਰ ਤੇ ਇੱਕ ਮਹਾਂਪੁਰਖ (ਭਾਈ ਵੀਰ ਸਿੰਘ) ਦੇ ਦੀਦਾਰ ਹੋਏ। ਅਰ ਆਪਦੇ ਕਿਰਪਾ ਕਟਾਖਸ਼ ਨਾਲ ਪੰਜਾਬੀ ਸਾਹਿਤ ਦਾ ਸਾਰਾ ਬੋਧ ਤੇ ਗਿਆਨ ਦੀ ਉਡਾਰੀ ਆਈ। ਕਵਿਤਾ ਵੀ ਮਿਲੀ ਤੇ ਉਸ ਮਿਹਰ ਦੀ ਨਜ਼ਰ ਨਾਲ ਮਿੱਠੇ ਸਾਧ ਵਚਨ ਵਿਚ ਮੈਨੂੰ ਪੰਜਾਬੀ ਆਪ ਮੁਹਾਰੀ ਆਈ।"

ਭਾਈ ਸਾਹਿਬ ਦੀਆਂ ਕਵਿਤਾਵਾਂ ਦੇ ਵਿਸ਼ੇ ਸਰਬਾਂਗੀ ਹਨ, ਜਿਨ੍ਹਾਂ ਵਿਚ ਉਨ੍ਹਾਂ ਨੇ ਆਪਣੇ ਕਾਵਿ-ਸਿੱਧਾਂਤ ਨੂੰ ਸਪਸ਼ਟ ਕਰਨ ਦੇ ਨਾਲ-ਨਾਲ ਕਾਵਿ ਦਾ ਸਰੂਪ, ਸੁੰਦਰਤਾ, ਨੈਤਿਕ ਸਿਖਿਆ, ਨਿੱਜੀ ਭਾਵਾਂ ਦੀ ਅਭਿਵਿਅਕਤੀ, ਪ੍ਰਕ੍ਰਿਤੀ ਚਿੱਤਰਣ ਆਦਿ ਨੂੰ ਪ੍ਰਸਤੁਤ ਕੀਤਾ ਹੈ। ਉਨ੍ਹਾਂ ਨੂੰ ਛੋਟੀਆਂ ਕਵਿਤਾਵਾਂ ਦਾ ਵੱਡਾ ਕਵੀ ਅਤੇ ਗੁਰਮਤਿ ਦਾ ਵਿਆਖਿਆਕਾਰ ਕਵੀ ਹੋਣ ਦਾ ਮਾਣ ਪ੍ਰਾਪਤ ਹੈ। ਉਨ੍ਹਾਂ ਦੇ ਕਾਵਿ 'ਚੋਂ ਕੁਝ ਪੰਕਤੀਆ ਪਾਠਕਾਂ ਦੀ ਦਿਲਚਸਪੀ ਹਿਤ ਪੇਸ਼ ਹਨ

* ਵੈਰੀ ਨਾਗ ! ਤੇਰਾ ਪਹਿਲਾ ਝਲਕਾ, ਜਦ ਅੱਖੀਆਂ ਵਿਚ ਵਜਦਾ।
ਕੁਦਰਤ ਦੇ ਕਾਦਰ ਦਾ ਜਲਵਾ, ਲੈ ਲੈਂਦਾ ਇਕ ਸਿਜਦਾ।

* ਜਿੰਦ ਜੇ ਢਹਿੰਦੀ ਖੇੜਿਓਂ, ਢੈ ਪੈਂਦੀ ਦੇਹ ਨਾਲ।
ਖੇੜਾ ਜਿੰਦੜੀ ਇੱਕ ਹਨ, ਇਕ ਦੁਹਾਂ ਦੀ ਚਾਲ।

* ਰਹੀ ਵਾਸਤੇ ਘੱਤ, ਸਮੇਂ ਨੇ ਇਕ ਨਾ ਮੰਨੀ।
ਤ੍ਰਿਖੇ ਆਪਣੇ ਵੇਗ, ਗਿਆ ਟਪ ਬੰਨੇ ਬੰਨੀ।

* ਬੈਠ ਵੇ ਗਯਾਨੀ ! ਬੁੱਧੀ-ਮੰਡਲੇ ਦੀ ਕੈਦ ਵਿਚ
'ਵਲਵਲੇ ਦੇ ਦੇਸ਼' ਸਾਡੀਆਂ ਲੱਗ ਗਈਆਂ ਯਾਰੀਆਂ।

* ਸੁਪਨੇ ਵਿਚ ਤੁਸੀਂ ਮਿਲੇ ਅਸਾਨੂੰ, ਅਸਾਂ ਧਾ ਗਲਵੱਕੜੀ ਪਾਈ।
ਨਿਰਾ ਨੂਰ ਤੁਸੀਂ ਹੱਥ ਨਾ ਆਏ, ਸਾਡੀ ਕੰਬਦੀ ਰਹੀ ਕਲਾਈ।

* ਕਵਿਤਾ ਦੀ ਸੁੰਦਰਤਾਈ, ਉੱਚੇ ਨਛੱਤ੍ਰੀਂ ਵੱਸਦੀ।
ਆਪਣੇ ਸੰਗੀਤ ਲਹਿਰੇ, ਆਪਣੇ ਪ੍ਰਕਾਸ਼ ਲੱਸਦੀ।

*ਧੋਬੀ ਕੱਪੜੇ ਧੋਂਦਿਆ, ਵੀਰਾ ਹੋ ਹੁਸ਼ਿਆਰ !
ਪਿਛਲੇ ਪਾਸਯੋਂ ਆ ਰਿਹਾ, ਮੂੰਹ ਅੱਡੀ ਸੰਸਾਰ,

1949 ਵਿਚ ਉਨ੍ਹਾਂ ਨੂੰ ਪੰਜਾਬ ਯੂਨੀਵਰਸਿਟੀ ਵੱਲੋਂ 'ਡਾਕਟਰੇਟ' ਦੀ ਆਨਰੇਰੀ ਡਿਗਰੀ ਪ੍ਰਦਾਨ ਕੀਤੀ ਗਈ; ਆਜ਼ਾਦ ਭਾਰਤ ਦੀ ਸਥਾਪਨਾ ਪਿਛੋਂ ਪੰਜਾਬ ਦੇ ਰਾਜਪਾਲ ਨੇ ਉਨ੍ਹਾਂ ਨੂੰ ਪੰਜਾਬ ਵਿਧਾਨ ਪ੍ਰੀਸ਼ਦ ਦਾ ਮੈਂਬਰ ਨਾਮਜ਼ਦ ਕੀਤਾ; 1953 ਵਿਚ ਭਾਰਤੀ ਸਾਹਿਤ ਅਕਾਡਮੀ ਵੱਲੋਂ ਉਨ੍ਹਾਂ ਦੀ ਪੁਸਤਕ 'ਮੇਰੇ ਸਾਈਆਂ ਜੀਓ' ਨੂੰ ਪੁਰਸਕ੍ਰਿਤ ਕੀਤਾ ਗਿਆ, ਜੋ ਪੰਜਾਬੀ ਪੁਸਤਕ ਨੂੰ ਮਿਲਣ ਵਾਲਾ ਸਭ ਤੋਂ ਪਹਿਲਾ ਇਨਾਮ ਸੀ; 1954 ਵਿਚ ਸਿੱਖ ਵਿਦਿਅਕ ਕਾਨਫਰੰਸ ਬੰਬਈ ਵੱਲੋਂ ਉਨ੍ਹਾਂ ਨੂੰ 'ਅਭਿਨੰਦਨ ਗ੍ਰੰਥ' ਭੇਟਾ ਕੀਤਾ ਗਿਆ; 1956 ਵਿਚ ਭਾਰਤ ਸਰਕਾਰ ਵੱਲੋਂ ਉਨ੍ਹਾਂ ਨੂੰ 'ਪਦਮ ਵਿਭੂਸ਼ਣ' ਨਾਲ ਸਨਮਾਨਿਤ ਕੀਤਾ ਗਿਆ। 1957 ਦੇ ਸ਼ੁਰੂ ਤੋਂ ਹੀ ਭਾਈ ਸਾਹਿਬ ਸਰੀਰਕ ਕਮਜ਼ੋਰੀ ਮਹਿਸੂਸ ਕਰਨ ਲੱਗ ਪਏ ਸਨ। ਪਹਿਲੀ ਜੂਨ ਨੂੰ ਹੋਏ ਬੁਖ਼ਾਰ ਕਰਕੇ 10 ਜੂਨ ਨੂੰ ਉਨ੍ਹਾਂ ਦਾ ਦੇਹਾਂਤ ਹੋ ਗਿਆ। ਉਹ ਆਪਣੇ ਪਿੱਛੇ ਆਪਣੀ ਸ਼ਖਸੀਅਤ ਅਤੇ ਰਚਨਾਵਾਂ ਦਾ ਅਜਿਹਾ ਗੌਰਵ ਛੱਡ ਗਏ, ਜੋ ਯੁਗਾਂ ਤੱਕ ਆਉਣ ਵਾਲੀ ਮਾਨਵਤਾ ਦਾ ਪਥ-ਪ੍ਰਦਰਸ਼ਨ ਕਰਦਾ ਰਹੇਗਾ!

**-ਪ੍ਰੋ. ਨਵ ਸੰਗੀਤ ਸਿੰਘ**

ਸਿੱਖ ਸੰਸਥਾਵਾਂ ਦੇ ਮੁਖੀਆਂ ਤੇ ਸਿਆਸੀ ਆਗੂਆਂ ਵੱਲੋਂ

# ਬੀਜੇਪੀ ਦਾ ਧੰਨਵਾਦ ਕਿਉਂ ?

**ਸਿੱਖ ਕੌਮ** ਲਈ ਬੜੀ ਹੀ ਹੈਰਾਨੀ ਦੀ ਗੱਲ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ 'ਤੇ ਕੁਝ ਸਿੱਖ ਸੰਸਥਾਵਾਂ ਦੇ ਮੁਖੀਆਂ ਤੇ ਭੇਖੀ ਸਿੱਖਾਂ ਵੱਲੋਂ ਕੇਂਦਰ ਦੀ ਭਾਜਪਾ ਸਰਕਾਰ ਅਤੇ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦਾ ਧੰਨਵਾਦ ਕੀਤਾ ਜਾ ਰਿਹਾ ਹੈ, ਉਹਨਾਂ ਦੇ ਸੋਹਿਲੇ ਗਾਏ ਜਾ ਰਹੇ ਹਨ ਜਿਸ ਤੋਂ ਸਾਫ਼ ਪ੍ਰਤੀਤ ਹੁੰਦਾ ਹੈ ਕਿ ਧਾਰਮਿਕ ਭੇਖ 'ਚ ਲੁਕੇ ਇਹਨਾਂ ਸਿਆਸੀ ਲੋਕਾਂ ਵੱਲੋਂ ਚਾਪਲੂਸੀ ਦੀਆਂ ਸਾਰੀਆਂ ਹੱਦਾਂ ਪਾਰ ਕੀਤੀਆਂ ਜਾ ਚੁੱਕੀਆਂ ਹਨ ਜਿਸ ਨਾਲ ਖ਼ਾਲਸਾ ਪੰਥ ਦੀ ਆਨ-ਸ਼ਾਨ, ਅਣਖ਼-ਇੱਜਤ, ਸਵੈਮਾਣ ਤੇ ਖ਼ਾਲਸਾਈ ਸਿਧਾਂਤਾਂ ਨੂੰ ਵੱਡਾ ਖੋਰਾ ਲੱਗ ਰਿਹਾ ਹੈ।

ਧੰਨਵਾਦ ਤਾਂ ਸਗੋਂ ਭਾਰਤੀ ਹਕੂਮਤ, ਭਗਵੇਂ ਬ੍ਰਿਗੇਡ, ਮੋਦੀ ਸਰਕਾਰ, ਫ਼ਿਰਕੂ ਹਿੰਦੂਤਵੀਆਂ ਤੇ ਸਮੁੱਚੇ ਹਿੰਦੂ ਸਮਾਜ ਨੂੰ ਗੁਰੂ ਸਾਹਿਬਾਨਾਂ ਤੇ ਸਿੱਖ ਕੌਮ ਦਾ ਕਰਨਾ ਚਾਹੀਦਾ ਹੈ। ਪਰ ਧੀਰੇਂਦਰ ਸ਼ਾਸਤਰੀ ਤੋਂ ਬਿਨਾਂ ਹਿੰਦੂ ਧਰਮ ਦੇ ਕਿਸੇ ਵੀ ਧਾਰਮਿਕ ਤੇ ਸਿਆਸੀ ਆਗੂ ਨੇ ਖੁੱਲ੍ਹ ਕੇ ਇਹ ਗੱਲ ਨਹੀਂ ਕਬੂਲੀ ਕਿ 'ਜੇ ਅੱਜ ਹਿੰਦੂ ਧਰਮ ਦੀ ਹੋਂਦ ਹੈ ਤਾਂ ਇਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਅਤੇ ਸਿੱਖ ਕੌਮ ਦੀਆਂ ਕੁਰਬਾਨੀਆਂ ਤੇ ਸੰਘਰਸ਼ ਦੀ ਹੀ ਦੇਣ ਹੈ।'

ਆਵਾਜ਼ਿ ਕੌਮ AWAZE QAUM International Newspaper & WEB TV

ਭਾਜਪਾ ਸਰਕਾਰ ਨੇ ਕਿਤੇ ਵੀ ਗੁਰੂ ਸਾਹਿਬ ਦਾ ਸ਼ੁਕਰਾਨਾ ਅਤੇ ਧੰਨਵਾਦ ਨਹੀਂ ਕੀਤਾ ਸਗੋਂ ਉਹਨਾਂ ਨੇ ਸ਼ਤਾਬਦੀ ਸਮਾਗਮਾਂ ਦਾ ਢਕਵੰਜ ਜ਼ਰੂਰ ਰਚਿਆ ਤੇ ਇੱਕ ਵਾਰ ਫਿਰ ਸਿੱਖ ਕੌਮ ਨਾਲ ਅਕ੍ਰਿਤਘਣਤਾ ਕੀਤੀ ਹੈ। ਭਾਜਪਾਈ ਆਗੂ ਆਪਣੇ ਭਾਸ਼ਣਾਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਵੱਖਰੇ ਸਿੱਖ ਧਰਮ ਦੇ ਰਹਿਬਰ ਮੰਨਣ ਦੀ ਬਜਾਏ ਉਹਨਾਂ ਨੂੰ ਹਿੰਦੂ ਸੰਸਕ੍ਰਿਤੀ, ਭਾਰਤ ਦੀ ਏਕਤਾ ਤੇ ਅਖੰਡਤਾ ਅਤੇ ਰਾਸ਼ਟਰ ਨਾਲ ਜੋੜ ਰਹੇ ਹਨ ਤੇ ਉਹਨਾਂ ਨੇ ਸਾਜ਼ਿਸ਼ ਤਹਿਤ ਗੁਰੂ ਸਾਹਿਬਾਨਾਂ ਦੀ ਵਿਚਾਰਧਾਰਾ ਦਾ ਭਾਰਤੀਕਰਨ ਤੇ ਹਿੰਦੂਕਰਨ ਕਰਨ ਉੱਤੇ ਹੀ ਜ਼ੋਰ ਲਾਇਆ ਹੋਇਆ ਹੈ ਤੇ ਅਦੁੱਤੀ ਅਤੇ ਅਨੋਖੀ ਸ਼ਹਾਦਤ ਦੀ ਥਾਂ ਵਾਰ-ਵਾਰ ਬਲੀਦਾਨ ਲਫ਼ਜ਼ ਵਰਤਿਆ ਜਾ ਰਿਹਾ ਹੈ ਤੇ ਗੁਰੂ ਜੀ ਨੂੰ ਵੀ ਹਿੰਦੂ ਕਿਹਾ ਜਾ ਰਿਹਾ ਹੈ।

ਜੇਕਰ ਭਾਜਪਾਈਆਂ ਦੇ ਮਨਾਂ ਵਿੱਚ ਸੱਚਮੁੱਚ ਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਪ੍ਰਤੀ ਕੋਈ ਸੱਚੀ ਸ਼ਰਧਾ-ਭਾਵਨਾ ਤੇ ਸਤਿਕਾਰ ਹੁੰਦਾ ਤਾਂ ਉਹ ਉਸ ਮਹਾਨ ਅਹਿਸਾਨ, ਇਤਿਹਾਸਕ ਘਟਨਾ, ਵਰਤਾਰੇ ਤੇ ਸ਼ਹਾਦਤ ਨੂੰ ਸਮਝਦੇ ਤੇ ਇਹ ਐਲਾਨ ਕਰਦੇ ਕਿ ਭਾਰਤ ਦੇ ਹਰ ਸਰਕਾਰੀ ਅਦਾਰੇ ਅਤੇ ਦਫ਼ਤਰਾਂ ਵਿੱਚ ਅਖੌਤੀ ਮਹਾਤਮਾ ਗਾਂਧੀ, ਜਵਾਹਰ ਲਾਲ ਨਹਿਰੂ ਜਾਂ ਸਾਵਰਕਰ ਦੀਆਂ ਤਸਵੀਰਾਂ ਨਹੀਂ ਬਲਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਹੱਥ-ਚਿੱਤਰ ਸਥਾਪਿਤ ਹੋਣਗੇ ਤੇ ਨਾਲ ਹੀ ਇਹ ਐਲਾਨ ਕਰਦੇ ਕਿ ਭਾਰਤੀ ਸੰਵਿਧਾਨ ਵਿੱਚ ਸੋਧ ਕਰਕੇ ਸਿੱਖ ਕੌਮ ਦੀ ਹੋਂਦ ਨੂੰ ਸੁਤੰਤਰ, ਵੱਖਰੀ, ਨਿਆਰੀ, ਅੱਡਰੀ ਤੇ ਵਿਲੱਖਣ ਹੋਣ ਦਾ ਦਰਜਾ ਦਿੱਤਾ ਜਾਏਗਾ ਅਤੇ ਗੁਰਦੁਆਰਾ ਗਿਆਨ ਗੋਦੜੀ, ਗੁਰਦੁਆਰਾ ਡਾਂਗਮਾਰ ਸਾਹਿਬ, ਗੁਰਦੁਆਰਾ ਮੰਗੂ ਮੱਠ, ਗੁਰਦੁਆਰਾ ਪਊਆ ਸਾਹਿਬ (ਗਵਾਲੀਅਰ) ਤੇ ਹੋਰ ਢਾਹੇ ਹੋਏ ਗੁਰਦੁਆਰੇ ਦੁਬਾਰਾ ਸਥਾਪਿਤ ਕੀਤੇ ਜਾਣਗੇ।



ਇਸ ਤੋਂ ਇਲਾਵਾ ਭਾਰਤ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਬੰਦੀ ਸਿੰਘਾਂ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਗੁਰਮੀਤ ਸਿੰਘ ਇੰਜੀਨੀਅਰ, ਭਾਈ ਲਖਵਿੰਦਰ ਸਿੰਘ ਨਾਰੰਗਵਾਲ, ਭਾਈ ਸ਼ਮਸ਼ੇਰ ਸਿੰਘ, ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਅਤੇ ਭਾਈ ਗੁਰਦੀਪ ਸਿੰਘ ਖੈੜਾ ਨੂੰ ਰਿਹਾਅ ਕੀਤਾ ਜਾਂਦਾ। ਭਾਈ ਜਗਤਾਰ ਸਿੰਘ ਜੱਗੀ ਜੌਹਲ, ਭਾਈ ਅੰਮ੍ਰਿਤਪਾਲ ਸਿੰਘ ਤੇ ਹੋਰ ਪੰਥ-ਪ੍ਰਸਤ ਗੁਰਸਿੱਖਾਂ ਉੱਤੇ ਪਾਏ ਕੇਸ ਵਾਪਸ ਲਏ ਜਾਂਦੇ ਤੇ ਉਹਨਾਂ ਨੂੰ ਬਰੀ ਕੀਤਾ ਜਾਂਦਾ।

ਵਿਚਾਰ ਆਪੋ-ਆਪਣਾ

ਪਿਛਲੇ ਸਮੇਂ ਵਿੱਚ ਹੋਈਆਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਬੇਅਦਬੀਆਂ ਦੇ ਸਮੂਹ ਦੋਸ਼ੀਆਂ ਨੂੰ ਤੁਰੰਤ ਸਖ਼ਤ ਸਜ਼ਾਵਾਂ ਦਿੱਤੀਆਂ ਜਾਂਦੀਆਂ, ਸਿੱਖਾਂ ਦੇ ਕਕਾਰਾਂ ਉੱਤੇ ਲੱਗਦੀਆਂ ਪਾਬੰਦੀਆਂ ਨੂੰ ਤੁਰੰਤ ਰੋਕਿਆ ਜਾਂਦਾ, ਪੰਥ ਅਤੇ ਪੰਜਾਬ ਦੇ ਬਣਦੇ ਹੱਕ ਦਿੱਤੇ ਜਾਂਦੇ ਅਤੇ ਸਿੱਖ ਕੌਮ ਦੇ ਜ਼ਖ਼ਮਾਂ ਉੱਤੇ ਮਲ੍ਹਮ ਲਗਾਈ ਜਾਂਦੀ। ਵਿਦੇਸ਼ਾਂ ਵਿੱਚ ਭਾਈ ਹਰਦੀਪ ਸਿੰਘ ਨਿੱਝਰ, ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਅਵਤਾਰ ਸਿੰਘ ਖੰਡਾ, ਭਾਈ ਹਰਮੀਤ ਸਿੰਘ ਪੀਐਚਡੀ ਦੇ ਕਰਵਾਏ ਕਤਲਾਂ ਨੂੰ ਮੰਨ ਕੇ ਸਿੱਖ ਕੌਮ ਪਾਸੋਂ ਮੁਆਫ਼ੀ ਮੰਗੀ ਜਾਂਦੀ।

ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਹਮਲੇ, ਨਵੰਬਰ 1984 ਵਿੱਚ ਸਿੱਖਾਂ ਦਾ ਕਤਲੇਆਮ, ਦਸ ਸਾਲ ਝੂਠੇ ਪੁਲਿਸ ਮੁਕਾਬਲੇ, ਧਰਮੀ ਫ਼ੌਜੀਆਂ ਦੀ ਖੁਆਰੀ, ਸਿੱਖ ਕੌਮ ਉੱਤੇ ਹੋਏ ਅਤੇ ਹੋ ਰਹੇ ਜ਼ੁਲਮਾਂ ਪ੍ਰਤੀ ਪਾਰਲੀਮੈਂਟ ਵਿੱਚ ਪਛਤਾਵਾ ਕੀਤਾ ਜਾਂਦਾ ਤੇ ਅੱਗੇ ਤੋਂ ਸਿੱਖ ਕੌਮ ਨਾਲ ਸੁਖਾਵੇਂ ਸੰਬੰਧ ਬਣਾਏ ਜਾਂਦੇ ਤੇ ਪੰਜਾਬ ਨੂੰ ਵਿਸ਼ੇਸ਼ ਪੈਕੇਜ ਦਿੱਤੇ ਜਾਂਦੇ। ਸਮੁੱਚੇ ਭਾਰਤੀ ਹਿੰਦੂ ਆਗੂਆਂ ਵੱਲੋਂ ਇਹ ਪ੍ਰਣ ਕੀਤਾ ਜਾਂਦਾ ਕਿ ਉਹ ਗੁਰੂ ਸਾਹਿਬਾਨਾਂ ਅਤੇ ਸਿੱਖ ਕੌਮ ਦੇ ਹਮੇਸ਼ਾਂ ਅਹਿਸਾਨਮੰਦ ਰਹਿਣਗੇ ਅਤੇ ਸਿੱਖਾਂ ਨੂੰ ਆਪਣੇ ਵੱਡੇ ਭਰਾ ਸਮਝ ਕੇ ਹਮੇਸ਼ਾਂ ਮਾਣ-ਸਨਮਾਨ ਦਿੰਦੇ ਰਹਿਣਗੇ ਅਤੇ ਸਿੱਖ ਕੌਮ ਦੇ ਗੁਰਧਾਮਾਂ ਵਿੱਚ ਕਦੇ ਵੀ ਦਖਲ-ਅੰਦਾਜੀ ਨਹੀਂ ਕਰਨਗੇ, ਪੰਜਾਬ ਨੂੰ ਦਬਾਉਣ-ਡਰਾਉਣ ਦੀ ਬਜਾਏ ਖ਼ੁਸ਼ਹਾਲ ਕਰਨਗੇ ਤੇ ਆਰ.ਐਸ.ਐਸ. ਸੰਸਥਾ ਜੋ ਸਿੱਖ ਵਿਰੋਧੀ ਨੀਤੀ ਨੂੰ ਤਿਆਗੇਗੀ।

ਇਸ ਤੋਂ ਇਲਾਵਾ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਪ੍ਰਤੀ ਅਪਸ਼ਬਦ ਬੋਲਣ ਵਾਲੇ ਐਲ.ਕੇ.ਅਡਵਾਨੀ, ਲਕਸ਼ਮੀ ਕਾਂਤਾ ਚਾਵਲਾ ਤੇ ਹੋਰਾਂ ਨਾਲ ਨਾਤਾ ਤੋੜਿਆ ਜਾਂਦਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆ ਕੇ ਆਪਣੀਆਂ ਗ਼ਲਤੀਆਂ ਤੇ ਗੁਨਾਹਾਂ ਨੂੰ ਬਖਸ਼ਾਇਆ ਜਾਂਦਾ। ਪਰ ਭਾਜਪਾ ਨੇ ਤਾਂ ਕੁੱਝ ਵੀ ਨਹੀਂ ਕੀਤਾ ਸਗੋਂ ਉਹ ਸਿੱਖ ਕੌਮ ਨਾਲ ਲਗਾਤਾਰ ਵੈਰ ਕਮਾ ਰਹੀ ਹੈ। ਭਾਜਪਾ ਵੀ ਮੁਗਲ ਹਾਕਮ ਔਰੰਗਜ਼ੇਬ ਅਤੇ ਕਾਂਗਰਸੀ ਇੰਦਰਾ ਗਾਂਧੀ ਦੇ ਰਾਹਾਂ ਉੱਤੇ ਚੱਲ ਰਹੀ ਹੈ ਫਿਰ ਇਹਨਾਂ ਹਲਾਤਾਂ ਵਿੱਚ ਕੁੱਝ ਸੰਪਰਦਾਵਾਂ ਦੇ ਮੁਖੀ, ਸਿੱਖ ਸੰਸਥਾਵਾਂ ਦੇ ਨੁਮਾਇੰਦੇ ਤੇ ਭਾਜਪਾ ਨਾਲ ਸਾਂਝ ਰੱਖਣ ਵਾਲੇ ਸਿਆਸੀ ਸਿੱਖ ਚਿਹਰੇ ਵਾਰ-ਵਾਰ ਮੋਦੀ ਸਰਕਾਰ ਦਾ ਧੰਨਵਾਦ ਕਰਕੇ ਕੀ ਸਾਬਤ ਕਰਨਾ ਚਾਹੁੰਦੇ ਹਨ ? ਸਿੱਖ ਕੌਮ ਜਵਾਬ ਮੰਗਦੀ ਹੈ!



**- ਰਣਜੀਤ ਸਿੰਘ**
**ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
**ਮੋ : 88722-93883**